ਸੁਕਰਣੀ ਕਾਮਣਿ ਗੁਰ ਮਿਲਿ ਹਮ ਪਾਈ ॥ ਜਜਿ ਕਾਜਿ ਪਰਥਾਇ ਸੁਹਾਈ ॥੧॥ ਰਹਾਉ ॥ ਜਿਚਰੁ ਵਸੀ ਪਿਤਾ ਕੈ ਸਾਥਿ ॥ ਤਿਚਰੁ ਕੰਤੁ ਬਹੁ ਫਿਰੈ ਉਦਾਸਿ ॥ ਕਰਿ ਸੇਵਾ ਸਤ ਪੁਰਖੁ ਮਨਾਇਆ ॥ ਗੁਰਿ ਆਣੀ ਘਰ ਮਹਿ ਤਾ ਸਰਬ ਸੁਖ ਪਾਇਆ ॥੨॥ ਬਤੀਹ ਸੁਲਖਣੀ ਸਚੁ ਸੰਤਤਿ ਪੂਤ ॥ ਆਗਿਆਕਾਰੀ ਸੁਘੜ ਸਰੂਪ ॥ ਇਛ ਪੂਰੇ ਮਨ ਕੰਤ ਸੁਆਮੀ ॥ ਸਗਲ ਸੰਤੋਖੀ ਦੇਰ ਜੇਠਾਨੀ ॥੩॥ ਸਭ ਪਰਵਾਰੈ ਮਾਹਿ ਸਰੇਸਟ ॥ ਮਤੀ ਦੇਵੀ ਦੇਵਰ ਜੇਸਟ ॥ ਧੰਨੁ ਸੁ ਗ੍ਰਿਹੁ ਜਿਤੁ ਪ੍ਰਗਟੀ ਆਇ ॥ ਜਨ ਨਾਨਕ ਸੁਖੇ ਸੁਖਿ ਵਿਹਾਇ ॥੪॥੩॥ ਆਸਾ ਮਹਲਾ ੫ ॥ ਮਤਾ ਕਰਉ ਸੋ ਪਕਨਿ ਨ ਦੇਈ ॥ ਸੀਲ ਸੰਜਮ ਕੈ ਨਿਕਟਿ ਖਲੋਈ ॥ ਵੇਸ ਕਰੇ ਬਹੁ ਰੂਪ ਦਿਖਾਵੈ ॥ ਗ੍ਰਿਹਿ ਬਸਨਿ ਨ ਦੇਈ ਵਖਿ ਵਖਿ ਭਰਮਾਵੈ ॥੧॥ ਘਰ ਕੀ ਨਾਇਕਿ ਘਰ ਵਾਸੁ ਨ ਦੇਵੈ ॥ ਜਤਨ ਕਰਉ ਉਰਝਾਇ ਪਰੇਵੈ ॥੧॥ ਰਹਾਉ ॥ ਧੁਰ ਕੀ ਭੇਜੀ ਆਈ ਆਮਰਿ ॥ ਨਉ ਖੰਡ ਜੀਤੇ ਸਭਿ ਥਾਨ ਥਨੰਤਰ ॥ ਤਟਿ ਤੀਰਥਿ ਨ ਛੋਡੈ ਜੋਗ ਸੰਨਿਆਸ ॥ ਪੜਿ ਥਾਕੇ ਸਿੰਮ੍ਰਿਤਿ ਬੇਦ ਅਭਿਆਸ ॥੨॥ ਜਹ ਬੈਸਉ ਤਹ ਨਾਲੇ ਬੈਸੈ ॥ ਸਗਲ ਭਵਨ ਮਹਿ ਸਬਲ ਪ੍ਰਵੇਸੈ ॥ ਹੋਛੀ ਸਰਣਿ ਪਇਆ ਰਹਣੁ ਨ ਪਾਈ ॥ ਕਹੁ ਮੀਤਾ ਹਉ ਕੈ ਪਹਿ ਜਾਈ ॥੩॥ ਸੁਣਿ ਉਪਦੇਸੁ ਸਤਿਗੁਰ ਪਹਿ ਆਇਆ ॥ ਗੁਰਿ ਹਰਿ ਹਰਿ ਨਾਮੁ ਮੋਹਿ ਮੰਤ੍ਰੁ ਦ੍ਰਿੜਾਇਆ ॥ ਨਿਜ ਘਰਿ ਵਸਿਆ ਗੁਣ ਗਾਇ ਅਨੰਤਾ ॥ ਪ੍ਰਭੁ ਮਿਲਿਓ ਨਾਨਕ ਭਏ ਅਚਿੰਤਾ ॥੪॥ ਘਰੁ ਮੇਰਾ ਇਹ ਨਾਇਕਿ ਹਮਾਰੀ ॥ ਇਹ ਆਮਰਿ ਹਮ ਗੁਰਿ ਕੀਏ ਦਰਬਾਰੀ ॥੧॥ ਰਹਾਉ ਦੂਜਾ ॥੪॥੪॥ ਆਸਾ ਮਹਲਾ ੫ ॥ ਪ੍ਰਥਮੇ ਮਤਾ ਜਿ ਪਤ੍ਰੀ ਚਲਾਵਉ ॥ ਦੁਤੀਏ ਮਤਾ ਦੁਇ ਮਾਨੁਖ ਪਹੁਚਾਵਉ ॥ ਤ੍ਰਿਤੀਏ ਮਤਾ ਕਿਛੁ ਕਰਉ ਉਪਾਇਆ ॥ ਮੈ ਸਭੁ ਕਿਛੁ ਛੋਡਿ ਪ੍ਰਭ ਤੁਹੀ ਧਿਆਇਆ ॥੧॥ ਮਹਾ ਅਨੰਦ ਅਚਿੰਤ ਸਹਜਾਇਆ ॥ ਦੁਸਮਨ ਦੂਤ ਮੁਏ ਸੁਖੁ ਪਾਇਆ ॥੧॥ ਰਹਾਉ ॥ ਸਤਿਗੁਰਿ ਮੋ ਕਉ ਦੀਆ ਉਪਦੇਸੁ ॥ ਜੀਉ ਪਿੰਡੁ ਸਭੁ ਹਰਿ ਕਾ ਦੇਸੁ ॥ ਜੋ ਕਿਛੁ ਕਰੀ ਸੁ ਤੇਰਾ ਤਾਣੁ ॥ ਤੂੰ ਮੇਰੀ ਓਟ ਤੂੰਹੈ ਦੀਬਾਣੁ ॥੨॥ ਤੁਧਨੋ ਛੋਡਿ ਜਾਈਐ ਪ੍ਰਭ ਕੈਂ ਧਰਿ ॥ ਆਨ ਨ ਬੀਆ ਤੇਰੀ ਸਮਸਰਿ ॥ ਤੇਰੇ ਸੇਵਕ ਕਉ ਕਿਸ ਕੀ ਕਾਣਿ ॥ ਸਾਕਤੁ ਭੂਲਾ ਫਿਰੈ ਬੇਬਾਣਿ ॥੩॥ ਤੇਰੀ ਵਡਿਆਈ ਕਹੀ ਨ ਜਾਇ ॥ ਜਹ ਕਹ ਰਾਖਿ ਲੈਹਿ ਗਲਿ ਲਾਇ ॥ ਨਾਨਕ ਦਾਸ ਤੇਰੀ ਸਰਣਾਈ ॥ ਪ੍ਰਭਿ ਰਾਖੀ ਪੈਜ ਵਜੀ ਵਾਧਾਈ ॥੪॥੫॥

As the soul-bride of pure actions, I have met with the Guru. In worship, marriage and in the next world, such a soul-bride looks beautiful. ||1|| Pause|| As long as she lived with her father, her Husband wandered around in sadness. I served and surrendered to the Lord, the True Being; the Guru brought my bride to my home, and I obtained total happiness. ||2|| She is blessed with all sublime attributes, and her generations are unblemished. Her Husband, her Lord and Master, fulfills her heart's desires. Hope and desire (my younger brother-in-law and sister-in-law) are now totally content. ||3|| She is the most noble of all the family. She counsels and advises her hope and desire. How blessed is that household, in which she has appeared. O servant Nanak, she passes her time in perfect peace and comfort. ||4||3|| AASAA, FIFTH MEHL: Whatever I resolve, she does not allow it to come to pass. She stands blocking the way of goodness and self-discipline. She wears many disguises, and assumes many forms, and she does not allow me to dwell in my own home. She forces me to wander around in different directions. ||1|| She has become the mistress of my home, and she does not allow me to live in it. If I try, she fights with me. ||1|| Pause|| In the beginning, she was sent as a helper, but she has overwhelmed the nine continents, all places and interspaces. She has not spared even the river banks, the sacred shrines of pilgrimage, the Yogis and Sannyaasees, or those who tirelessly read the Simritees and study the Vedas. ||2|| Wherever I sit, she sits there with me. She has imposed her power upon the whole world. Seeking meager protection, I am not protected from her. Tell me, O my friend: unto whom should I turn for protection? ||3|| I heard of His Teachings, and so I have come to the True Guru. The Guru has implanted the Mantra of the Lord's Name, Har, Har, within me. And now, I dwell in the home of my own inner self; I sing the Glorious Praises of the Infinite Lord. I have met God, O Nanak, and I have become care-free. ||4|| My home is now my own, and she is now my mistress. She is now my servant, and the Guru has made me intimate with the Lord. ||1|| Second Pause||4||4|| AASAA, FIFTH MEHL: First, they advised me to send a letter. Second, they advised me to send two men. Third, they advised me to make the effort and do something. But I have renounced everything, and I meditate only on You, God. ||1|| Now, I am totally blissful, carefree and at ease. The enemies and evil-doers have perished, and I have obtained peace. ||1|| Pause|| The True Guru has imparted the Teachings to me. My soul, body and everything belong to the Lord. Whatever I do, is by Your Almighty Power. You are my only Support, You are my only Court. ||2|| If I were to renounce You, God, unto whom could I turn? There is no other, comparable to You. Who else is Your servant to serve? The faithless cynics are deluded; they wander around in the wilderness. ||3|| Your Glorious Greatness cannot be described. Wherever I am, you save me, hugging me close in Your embrace. Nanak, Your slave, has entered Your Sanctuary. God has preserved his honor, and congratulations are pouring in. ||4||5||

ਆਸਾ ਮਹਲਾ ੫ ॥ ਪਰਦੇਸੁ ਝਾਗਿ ਸਉਦੇ ਕਉ ਆਇਆ ॥ ਵਸਤੁ ਅਨੂਪ ਸੁਣੀ ਲਾਭਾਇਆ ॥ ਗੁਣ ਰਾਸਿ ਬੰਨਿ੍ ਪਲੈ ਆਨੀ ॥ ਦੇਖਿ ਰਤਨੁ ਇਹੁ ਮਨੁ ਲਪਟਾਨੀ ॥੧॥ ਸਾਹ ਵਾਪਾਰੀ ਦੁਆਰੈ ਆਏ ॥ ਵਖਰੁ ਕਾਢਹੁ ਸਉਦਾ ਕਰਾਏ ॥੧॥ ਰਹਾਉ ॥ ਸਾਹਿ ਪਠਾਇਆ ਸਾਹੈ ਪਾਸਿ ॥ ਅਮੋਲ ਰਤਨ ਅਮੋਲਾ ਰਾਸਿ ॥ ਵਿਸਟੁ ਸੁਭਾਈ ਪਾਇਆ ਮੀਤ ॥ ਸਉਦਾ ਮਿਲਿਆ ਨਿਹਚਲ ਚੀਤ ॥੨॥ ਭਉ ਨਹੀ ਤਸਕਰ ਪਉਣ ਨ ਪਾਨੀ ॥ ਸਹਜਿ ਵਿਹਾਝੀ ਸਹਜਿ ਲੈ ਜਾਨੀ ॥ ਸਤ ਕੈ ਖਟਿਐ ਦੁਖੁ ਨਹੀ ਪਾਇਆ ॥ ਸਹੀ ਸਲਾਮਤਿ ਘਰਿ ਲੈ ਆਇਆ ॥੩॥ ਮਿਲਿਆ ਲਾਹਾ ਭਏ ਅਨੰਦ ॥ ਧੰਨੁ ਸਾਹ ਪੂਰੇ ਬਖਸਿੰਦ ॥ ਇਹੁ ਸਉਦਾ ਗੁਰਮੁਖਿ ਕਿਨੈ ਵਿਰਲੈ ਪਾਇਆ ॥ ਸਹਲੀ ਖੇਪ ਨਾਨਕੁ ਲੈ ਆਇਆ ॥੪॥੬॥ ਆਸਾ ਮਹਲਾ ੫ ॥ ਗੁਨੁ ਅਵਗਨੁ ਮੇਰੋ ਕਛੁ ਨ ਬੀਚਾਰੋ ॥ ਨਹ ਦੇਖਿਓ ਰੂਪ ਰੰਗ ਸੀਗਾਰੋ ॥ ਚਜ ਅਚਾਰ ਕਿਛੁ ਬਿਧਿ ਨਹੀ ਜਾਨੀ ॥ ਬਾਹ ਪਕਰਿ ਪ੍ਰਿਅ ਸੇਜੈ ਆਨੀ ॥੧॥ ਸੁਨਿਬੋ ਸਖੀ ਕੰਤਿ ਹਮਾਰੋ ਕੀਅਲੋ ਖਸਮਾਨਾ ॥ ਕਰੁ ਮਸਤਕਿ ਧਾਰਿ ਰਾਖਿਓ ਕਰਿ ਅਪੁਨਾ ਕਿਆ ਜਾਨੈ ਇਹੁ ਲੋਕੁ ਅਜਾਨਾ ॥੧॥ ਰਹਾਉ ॥ ਸੁਹਾਗੁ ਹਮਾਰੋ ਅਬ ਹੁਣਿ ਸੋਹਿਓ ॥ ਕੰਤੁ ਮਿਲਿਓ ਮੇਰੋ ਸਭੁ ਦੁਖੁ ਜੋਹਿਓ ॥ ਆਂਗਨਿ ਮੇਰੈ ਸੋਭਾ ਚੰਦ ॥ ਨਿਸਿ ਬਾਸੁਰ ਪ੍ਰਿਅ ਸੰਗਿ ਅਨੰਦ ॥੨॥ ਬਸਤ੍ਰ ਹਮਾਰੇ ਰੰਗਿ ਚਲੂਲ ॥ ਸਗਲ ਆਭਰਣ ਸੋਭਾ ਕੰਠਿ ਫੂਲ ॥ ਪ੍ਰਿਅ ਪੇਖੀ ਦ੍ਰਿਸਟਿ ਪਾਏ ਸਗਲ ਨਿਧਾਨ ॥ ਦੁਸਟ ਦੂਤ ਕੀ ਚੂਕੀ ਕਾਨਿ ॥੩॥ ਸਦ ਖੁਸੀਆ ਸਦਾ ਰੰਗ ਮਾਣੇ ॥ ਨਉ ਨਿਧਿ ਨਾਮੁ ਗ੍ਰਿਹ ਮਹਿ ਤ੍ਰਿਪਤਾਨੇ ॥ ਕਹੁ ਨਾਨਕ ਜਉ ਪਿਰਹਿ ਸੀਗਾਰੀ ॥ ਥਿਰੁ ਸੋਹਾਗਨਿ ਸੰਗਿ ਭਤਾਰੀ ॥੪॥੭॥ ਆਸਾ ਮਹਲਾ ੫ ॥ ਦਾਨੁ ਦੇਇ ਕਰਿ ਪੂਜਾ ਕਰਨਾ ॥ ਲੈਤ ਦੇਤ ਉਨ੍ ਮੂਕਰਿ ਪਰਨਾ ॥ ਜਿਤੁ ਦਰਿ ਤੁਮ੍ ਹੈ ਬ੍ਰਾਹਮਣ ਜਾਣਾ ॥ ਤਿਤੁ ਦਰਿ ਤੂੰਹੀ ਹੈ ਪਛੁਤਾਣਾ ॥੧॥ ਐਸੇ ਬ੍ਰਾਹਮਣ ਡੂਬੇ ਭਾਈ ॥ ਨਿਰਾਪਰਾਧ ਚਿਤਵਹਿ ਬੁਰਿਆਈ ॥੧॥ ਰਹਾਉ ॥ ਅੰਤਰਿ ਲੋਭੁ ਫਿਰਹਿ ਹਲਕਾਏ ॥ ਨਿੰਦਾ ਕਰਹਿ ਸਿਰਿ ਭਾਰੁ ਉਠਾਏ ॥ ਮਾਇਆ ਮੂਠਾ ਚੇਤੈ ਨਾਹੀ ॥ ਭਰਮੇ ਭੂਲਾ ਬਹੁਤੀ ਰਾਹੀ ॥੨॥ ਬਾਹਰਿ ਭੇਖ ਕਰਹਿ ਘਨੇਰੇ ॥ ਅੰਤਰਿ ਬਿਖਿਆ ਉਤਰੀ ਘੇਰੇ ॥ ਅਵਰ ਉਪਦੇਸੈ ਆਪਿ ਨ ਬੂਝੈ ॥ ਐਸਾ ਬ੍ਰਾਹਮਣੁ ਕਹੀ ਨ ਸੀਝੈ ॥੩॥ ਮੂਰਖ ਬਾਮਣ ਪ੍ਰਭੂ ਸਮਾਲਿ ॥ ਦੇਖਤ ਸੁਨਤ ਤੇਰੈ ਹੈ ਨਾਲਿ ॥ ਕਹੁ ਨਾਨਕ ਜੇ ਹੋਵੀ ਭਾਗੁ ॥ ਮਾਨੁ ਛੋਡਿ ਗੁਰ ਚਰਣੀ ਲਾਗੁ ॥੪॥੮॥

AASAA, FIFTH MEHL: Having wandered through foreign lands, I have come here to do business. I heard of the incomparable and profitable merchandise. I have gathered in my pockets my capital of virtue, and I have brought it here with me. Beholding the jewel, this mind is fascinated. ||1|| I have come to the door of the Trader. Please display the merchandise, so that the business may be transacted. ||1|| Pause|| The Trader has sent me to the Banker. The jewel is priceless, and the capital is priceless. O my gentle brother, mediator and friend — I have obtained the merchandise, and my consciousness is now steady and stable. ||2|| I have no fear of thieves, of wind or water. I have easily made my purchase, and I easily take it away. I have earned Truth, and I shall have no pain. I have brought this merchandise home, safe and sound. ||3|| I have earned the profit, and I am happy. Blessed is the Banker, the Perfect Bestower. How rare is the Gurmukh who obtains this merchandise; Nanak has brought this profitable merchandise home. ||4||6|| AASAA, FIFTH MEHL: He does not consider my merits or demerits. He does not look at my beauty, color or decorations. I do not know the ways of wisdom and good conduct. But taking me by the arm, my Husband Lord has led me to His Bed. ||1|| Hear, O my companions, my Husband, my Lord Master, possesses me. Placing His Hand upon my forehead, He protects me as His Own. What do these ignorant people know? ||1|| Pause|| My married life now appears so beauteous; my Husband Lord has met me, and He sees all my pains. Within the courtyard of my heart, the glory of the moon shines. Night and day, I have fun with my Beloved. ||2|| My clothes are dyed the deep crimson color of the poppy. All the ornaments and garlands around my neck adorn me. Gazing upon my Beloved with my eyes, I have obtained all treasures; I have shaken off the power of the evil demons. ||3|| I have obtained eternal bliss, and I constantly celebrate. With the nine treasures of the Naam, the Name of the Lord, I am satisfied in my own home. Says Nanak, when the happy soul-bride is adorned by her Beloved, she is forever happy with her Husband Lord. ||4||7|| AASAA, FIFTH MEHL: They give you donations and worship you. You take from them, and then deny that they have given anything to you. That door, through which you must ultimately go, O Brahmin — at that door, you will come to regret and repent. ||1|| Such Brahmins shall drown, O Siblings of Destiny; they think of doing evil to the innocent. ||1|| Pause|| Within them is greed, and they wander around like mad dogs. They slander others and carry loads of sin upon their heads. Intoxicated by Maya, they do not think of the Lord. Deluded by doubt, they wander off on many paths. ||2|| Outwardly, they wear various religious robes, but within, they are enveloped by poison. They instruct others, but do not understand themselves. Such Brahmins will never be emancipated. ||3|| O foolish Brahmin, reflect upon God. He watches and hears, and is always with you. Says Nanak, if this is your destiny, renounce your pride, and grasp the Guru’s Feet. ||4||8||

ਆਸਾ ਮਹਲਾ ੫ ॥ ਦੂਖ ਰੋਗ ਭਏ ਗਤੁ ਤਨ ਤੇ ਮਨੁ ਨਿਰਮਲੁ ਹਰਿ ਹਰਿ ਗੁਣ ਗਾਇ ॥ ਭਏ ਅਨੰਦ ਮਿਲਿ ਸਾਧੂ ਸੰਗਿ ਅਬ ਮੇਰਾ ਮਨੁ ਕਤ ਹੀ ਨ ਜਾਇ ॥੧॥ ਤਪਤਿ ਬੁਝੀ ਗੁਰ ਸਬਦੀ ਮਾਇ ॥ ਬਿਨਸਿ ਗਇਓ ਤਾਪ ਸਭ ਸਹਸਾ ਗੁਰੁ ਸੀਤਲੁ ਮਿਲਿਓ ਸਹਜਿ ਸੁਭਾਇ ॥੧॥ ਰਹਾਉ ॥ ਧਾਵਤ ਰਹੇ ਏਕੁ ਇਕੁ ਬੂਝਿਆ ਆਇ ਬਸੇ ਅਬ ਨਿਹਚਲੁ ਥਾਇ ॥ ਜਗਤੁ ਉਧਾਰਨ ਸੰਤ ਤੁਮਾਰੇ ਦਰਸਨੁ ਪੇਖਤ ਰਹੇ ਅਘਾਇ ॥੨॥ ਜਨਮ ਦੋਖ ਪਰੇ ਮੇਰੇ ਪਾਛੈ ਅਬ ਪਕਰੇ ਨਿਹਚਲੁ ਸਾਧੂ ਪਾਇ ॥ ਸਹਜ ਧੁਨਿ ਗਾਵੈ ਮੰਗਲ ਮਨੂਆ ਅਬ ਤਾ ਕਉ ਫੁਨਿ ਕਾਲੁ ਨ ਖਾਇ ॥੩॥ ਕਰਨ ਕਾਰਨ ਸਮਰਥ ਹਮਾਰੇ ਸੁਖਦਾਈ ਮੇਰੇ ਹਰਿ ਹਰਿ ਰਾਇ ॥ ਨਾਮੁ ਤੇਰਾ ਜਪਿ ਜੀਵੈ ਨਾਨਕੁ ਓਤਿ ਪੋਤਿ ਮੇਰੈ ਸੰਗਿ ਸਹਾਇ ॥੪॥੯॥ ਆਸਾ ਮਹਲਾ ੫ ॥ ਅਰੜਾਵੈ ਬਿਲਲਾਵੈ ਨਿੰਦਕੁ ॥ ਪਾਰਬ੍ਰਹਮੁ ਪਰਮੇਸਰੁ ਬਿਸਰਿਆ ਅਪਣਾ ਕੀਤਾ ਪਾਵੈ ਨਿੰਦਕੁ ॥੧॥ ਰਹਾਉ ॥ ਜੇ ਕੋਈ ਉਸ ਕਾ ਸੰਗੀ ਹੋਵੈ ਨਾਲੇ ਲਏ ਸਿਧਾਵੈ ॥ ਅਣਹੋਦਾ ਅਜਗਰੁ ਭਾਰੁ ਉਠਾਏ ਨਿੰਦਕੁ ਅਗਨੀ ਮਾਹਿ ਜਲਾਵੈ ॥੧॥ ਪਰਮੇਸਰ ਕੈ ਦੁਆਰੈ ਜਿ ਹੋਇ ਬਿਤੀਤੈ ਸੁ ਨਾਨਕੁ ਆਖਿ ਸੁਣਾਵੈ ॥ ਭਗਤ ਜਨਾ ਕਉ ਸਦਾ ਅਨੰਦੁ ਹੈ ਹਰਿ ਕੀਰਤਨੁ ਗਾਇ ਬਿਗਸਾਵੈ ॥੨॥੧੦॥ ਆਸਾ ਮਹਲਾ ੫ ॥ ਜਉ ਮੈ ਕੀਓ ਸਗਲ ਸੀਗਾਰਾ ॥ ਤਉ ਭੀ ਮੇਰਾ ਮਨੁ ਨ ਪਤੀਆਰਾ ॥ ਅਨਿਕ ਸੁਗੰਧਤ ਤਨ ਮਹਿ ਲਾਵਉ ॥ ਓਹੁ ਸੁਖੁ ਤਿਲੁ ਸਮਾਨਿ ਨਹੀ ਪਾਵਉ ॥ ਮਨ ਮਹਿ ਚਿਤਵਉ ਐਸੀ ਆਸਾਈ ॥ ਪ੍ਰਿਅ ਦੇਖਤ ਜੀਵਉ ਮੇਰੀ ਮਾਈ ॥੧॥ ਮਾਈ ਕਹਾ ਕਰਉ ਇਹੁ ਮਨੁ ਨ ਧੀਰੈ ॥ ਪ੍ਰਿਅ ਪ੍ਰੀਤਮ ਬੈਰਾਗੁ ਹਿਰੈ ॥੧॥ ਰਹਾਉ ॥ ਬਸਤ੍ਰ ਬਿਭੂਖਨ ਸੁਖ ਬਹੁਤ ਬਿਸੇਖੈ ॥ ਓਇ ਭੀ ਜਾਨਉ ਕਿਤੈ ਨ ਲੇਖੈ ॥ ਪਤਿ ਸੋਭਾ ਅਰੁ ਮਾਨੁ ਮਹਤੁ ॥ ਆਗਿਆਕਾਰੀ ਸਗਲ ਜਗਤੁ ॥ ਗ੍ਰਿਹੁ ਐਸਾ ਹੈ ਸੁੰਦਰ ਲਾਲ ॥ ਪ੍ਰਭ ਭਾਵਾ ਤਾ ਸਦਾ ਨਿਹਾਲ ॥੨॥ ਬਿੰਜਨ ਭੋਜਨ ਅਨਿਕ ਪਰਕਾਰ ॥ ਰੰਗ ਤਮਾਸੇ ਬਹੁਤੁ ਬਿਸਥਾਰ ॥ ਰਾਜ ਮਿਲਖ ਅਰੁ ਬਹੁਤੁ ਫੁਰਮਾਇਸਿ ॥ ਮਨੁ ਨਹੀ ਧ੍ਰਾਪੈ ਤ੍ਰਿਸਨਾ ਨ ਜਾਇਸਿ ॥ ਬਿਨੁ ਮਿਲਬੇ ਇਹੁ ਦਿਨੁ ਨ ਬਿਹਾਵੈ ॥ ਮਿਲੈ ਪ੍ਰਭੂ ਤਾ ਸਭ ਸੁਖ ਪਾਵੈ ॥੩॥ ਖੋਜਤ ਖੋਜਤ ਸੁਨੀ ਇਹ ਸੋਇ ॥ ਸਾਧਸੰਗਤਿ ਬਿਨੁ ਤਰਿਓ ਨ ਕੋਇ ॥ ਜਿਸੁ ਮਸਤਕਿ ਭਾਗੁ ਤਿਨਿ ਸਤਿਗੁਰੁ ਪਾਇਆ ॥ ਪੂਰੀ ਆਸਾ ਮਨੁ ਤ੍ਰਿਪਤਾਇਆ ॥ ਪ੍ਰਭ ਮਿਲਿਆ ਤਾ ਚੂਕੀ ਡੰਝਾ ॥ ਨਾਨਕ ਲਧਾ ਮਨ ਤਨ ਮੰਝਾ ॥੪॥੧੧॥

AASAA, FIFTH MEHL: Pain and disease have left my body, and my mind has become pure; I sing the Glorious Praises of the Lord, Har, Har. I am in bliss, meeting with the Saadh Sangat, the Company of the Holy, and now, my mind does not go wandering. ||1|| My burning desires are quenched, through the Word of the Guru’s Shabad, O mother. The fever of doubt has been totally eliminated; meeting the Guru, I am cooled and soothed, with intuitive ease. ||1|| Pause|| My wandering has ended, since I have realized the One and Only Lord; now, I have come to dwell in the eternal place. Your Saints are the Saving Grace of the world; beholding the Blessed Vision of their Darshan, I remain satisfied. ||2|| I have left behind the sins of countless incarnations, now that I have grasped the feet of the eternal Holy Guru. My mind sings the celestial melody of bliss, and death shall no longer consume it. ||3|| My Lord, the Cause of all causes, is All-powerful, the Giver of peace; He is my Lord, my Lord King. Nanak lives by chanting Your Name, O Lord; You are my helper, with me, through and through. ||4||9|| AASAA, FIFTH MEHL: The slanderer cries out and bewails. He has forgotten the Supreme Lord, the Transcendent Lord; the slanderer reaps the rewards of his own actions. ||1|| Pause|| If someone is his companion, then he shall be taken along with him. Like the dragon, the slanderer carries his huge, useless loads, and burns in his own fire. ||1|| Nanak proclaims and announces what happens at the Door of the Transcendent Lord. The humble devotees of the Lord are forever in bliss; singing the Kirtan of the Lord’s Praises, they blossom forth. ||2||10|| AASAA, FIFTH MEHL: Even though I totally decorated myself, still, my mind was not satisfied. I applied various scented oils to my body, and yet, I did not obtain even a tiny bit of pleasure from this. Within my mind, I hold such a desire, that I may live only to behold my Beloved, O my mother. ||1|| O mother, what should I do? This mind cannot rest. It is bewitched by the tender love of my Beloved. ||1|| Pause|| Garments, ornaments, and such exquisite pleasures — I look upon these as of no account. Likewise, honor, fame, dignity and greatness, obedience by the whole world, and a household as beautiful as a jewel. If I am pleasing to God’s Will, then I shall be blessed, and forever in bliss. ||2|| With foods and delicacies of so many different kinds, and such abundant pleasures and entertainments, power and property and absolute command — with these, the mind is not satisfied, and its thirst is not quenched. Without meeting Him, this day does not pass. Meeting God, I find peace. ||3|| By searching and seeking, I have heard this news, that without the Saadh Sangat, the Company of the Holy, no one swims across. One who has this good destiny written upon his forehead, finds the True Guru. His hopes are fulfilled, and his mind is satisfied. When one meets God, then his thirst is quenched. Nanak has found the Lord, within his mind and body. ||4||11||

ਆਸਾ ਮਹਲਾ ੫ ਪੰਚਪਦੇ ॥ ਪ੍ਰਥਮੇ ਤੇਰੀ ਨੀਕੀ ਜਾਤਿ ॥ ਦੁਤੀਆ ਤੇਰੀ ਮਨੀਐ ਪਾਂਤਿ ॥ ਤ੍ਰਿਤੀਆ ਤੇਰਾ ਸੁੰਦਰ ਥਾਨੁ ॥ ਬਿਗੜ ਰੂਪੁ ਮਨ ਮਹਿ ਅਭਿਮਾਨੁ ॥੧॥ ਸੋਹਨੀ ਸਰੂਪਿ ਸੁਜਾਣਿ ਬਿਚਖਨਿ ॥ ਅਤਿ ਗਰਬੈ ਮੋਹਿ ਫਾਕੀ ਤੂੰ ॥੧॥ ਰਹਾਉ ॥ ਅਤਿ ਸੂਚੀ ਤੇਰੀ ਪਾਕਸਾਲ ॥ ਕਰਿ ਇਸਨਾਨੁ ਪੂਜਾ ਤਿਲਕੁ ਲਾਲ ॥ ਗਲੀ ਗਰਬਹਿ ਮੁਖਿ ਗੋਵਹਿ ਗਿਆਨ ॥ ਸਭ ਬਿਧਿ ਖੋਈ ਲੋਭਿ ਸੁਆਨ ॥੨॥ ਕਾਪਰ ਪਹਿਰਹਿ ਭੋਗਹਿ ਭੋਗ ॥ ਆਚਾਰ ਕਰਹਿ ਸੋਭਾ ਮਹਿ ਲੋਗ ॥ ਚੋਆ ਚੰਦਨ ਸੁਗੰਧ ਬਿਸਥਾਰ ॥ ਸੰਗੀ ਖੋਟਾ ਕ੍ਰੋਧੁ ਚੰਡਾਲ ॥੩॥ ਅਵਰ ਜੋਨਿ ਤੇਰੀ ਪਨਿਹਾਰੀ ॥ ਇਸੁ ਧਰਤੀ ਮਹਿ ਤੇਰੀ ਸਿਕਦਾਰੀ ॥ ਸੁਇਨਾ ਰੂਪਾ ਤੁਝ ਪਹਿ ਦਾਮ ॥ ਸੀਲੁ ਬਿਗਾਰਿਓ ਤੇਰਾ ਕਾਮ ॥੪॥ ਜਾ ਕਉ ਦ੍ਰਿਸਟਿ ਮਇਆ ਹਰਿ ਰਾਇ ॥ ਸਾ ਬੰਦੀ ਤੇ ਲਈ ਛਡਾਇ ॥ ਸਾਧਸੰਗਿ ਮਿਲਿ ਹਰਿ ਰਸੁ ਪਾਇਆ ॥ ਕਹੁ ਨਾਨਕ ਸਫਲ ਓਹ ਕਾਇਆ ॥੫॥ ਸਭਿ ਰੂਪ ਸਭਿ ਸੁਖ ਬਨੇ ਸੁਹਾਗਨਿ ॥ ਅਤਿ ਸੁੰਦਰਿ ਬਿਚਖਨਿ ਤੂੰ ॥੧॥ ਰਹਾਉ ਦੂਜਾ ॥੧੨॥ ਆਸਾ ਮਹਲਾ ੫ ਇਕਤੁਕੇ ੨ ॥ ਜੀਵਤ ਦੀਸੈ ਤਿਸੁ ਸਰਪਰ ਮਰਣਾ ॥ ਮੁਆ ਹੋਵੈ ਤਿਸੁ ਨਿਹਚਲੁ ਰਹਣਾ ॥੧॥ ਜੀਵਤ ਮੁਏ ਮੁਏ ਸੇ ਜੀਵੇ ॥ ਹਰਿ ਹਰਿ ਨਾਮੁ ਅਵਖਧੁ ਮੁਖਿ ਪਾਇਆ ਗੁਰ ਸਬਦੀ ਰਸੁ ਅੰਮ੍ਰਿਤੁ ਪੀਵੇ ॥੧॥ ਰਹਾਉ ॥ ਕਾਚੀ ਮਟੁਕੀ ਬਿਨਸਿ ਬਿਨਾਸਾ ॥ ਜਿਸੁ ਛੂਟੈ ਤ੍ਰਿਕੁਟੀ ਤਿਸੁ ਨਿਜ ਘਰਿ ਵਾਸਾ ॥੨॥ ਊਚਾ ਚੜੈ ਸੁ ਪਵੈ ਪਇਆਲਾ ॥ ਧਰਨਿ ਪੜੈ ਤਿਸੁ ਲਗੈ ਨ ਕਾਲਾ ॥੩॥ ਭ੍ਰਮਤ ਫਿਰੇ ਤਿਨ ਕਿਛੂ ਨ ਪਾਇਆ ॥ ਸੇ ਅਸਥਿਰ ਜਿਨ ਗੁਰ ਸਬਦੁ ਕਮਾਇਆ ॥੪॥ ਜੀਉ ਪਿੰਡੁ ਸਭੁ ਹਰਿ ਕਾ ਮਾਲੁ ॥ ਨਾਨਕ ਗੁਰ ਮਿਲਿ ਭਏ ਨਿਹਾਲ ॥੫॥੧੩॥ ਆਸਾ ਮਹਲਾ ੫ ॥ ਪੁਤਰੀ ਤੇਰੀ ਬਿਧਿ ਕਰਿ ਥਾਟੀ ॥ ਜਾਨੁ ਸਤਿ ਕਰਿ ਹੋਇਗੀ ਮਾਟੀ ॥੧॥ ਮੂਲੁ ਸਮਾਲਹੁ ਅਚੇਤ ਗਵਾਰਾ ॥ ਇਤਨੇ ਕਉ ਤੁਮ੍ ਕਿਆ ਗਰਬੇ ॥੧॥ ਰਹਾਉ ॥ ਤੀਨਿ ਸੇਰ ਕਾ ਦਿਹਾੜੀ ਮਿਹਮਾਨੁ ॥ ਅਵਰ ਵਸਤੁ ਤੁਝ ਪਾਹਿ ਅਮਾਨ ॥੨॥ ਬਿਸਟਾ ਅਸਤ ਰਕਤੁ ਪਰੇਟੇ ਚਾਮ ॥ ਇਸੁ ਊਪਰਿ ਲੇ ਰਾਖਿਓ ਗੁਮਾਨ ॥੩॥ ਏਕ ਵਸਤੁ ਬੂਝਹਿ ਤਾ ਹੋਵਹਿ ਪਾਕ ॥ ਬਿਨੁ ਬੂਝੇ ਤੂੰ ਸਦਾ ਨਾਪਾਕ ॥੪॥ ਕਹੁ ਨਾਨਕ ਗੁਰ ਕਉ ਕੁਰਬਾਨੁ ॥ ਜਿਸ ਤੇ ਪਾਈਐ ਹਰਿ ਪੁਰਖੁ ਸੁਜਾਨੁ ॥੫॥੧੪॥ ਆਸਾ ਮਹਲਾ ੫ ਇਕਤੁਕੇ ਚਉਪਦੇ ॥ ਇਕ ਘੜੀ ਦਿਨਸੁ ਮੋ ਕਉ ਬਹੁਤੁ ਦਿਹਾਰੇ ॥ ਮਨੁ ਨ ਰਹੈ ਕੈਸੇ ਮਿਲਉ ਪਿਆਰੇ ॥੧॥ ਇਕੁ ਪਲੁ ਦਿਨਸੁ ਮੋ ਕਉ ਕਬਹੁ ਨ ਬਿਹਾਵੈ ॥

AASAA, FIFTH MEHL, PANCH-PADAS: First, your social status is high. Second, you are honored in society. Third, your home is beautiful. But you are so ugly, with self-conceit in your mind. ||1|| O beautiful, attractive, wise and clever woman: you have been trapped by your pride and attachment. ||1|| Pause|| Your kitchen is so clean. You take your bath, and worship, and apply the crimson mark upon your forehead; with your mouth you speak wisdom, but you are destroyed by pride. The dog of greed has ruined you in every way. ||2|| You wear your robes and enjoy pleasures; you practice good conduct to impress people; you apply scented oils of sandalwood and musk, but your constant companion is the demon of anger. ||3|| Other people may be your water-carriers; in this world, you may be a ruler. Gold, silver and wealth may be yours, but the goodness of your conduct has been destroyed by sexual promiscuity. ||4|| That soul, upon whom the Lord has bestowed His Glance of Grace, is delivered from bondage. Joining the Saadh Sangat, the Company of the Holy, the Lord's sublime essence is obtained. Says Nanak, how fruitful is that body. ||5|| All graces and all comforts shall come to you, as the happy soul-bride; you shall be supremely beautiful and wise. ||1|| Second Pause||12|| AASAA, FIFTH MEHL, IK-TUKAS: One who is seen to be alive, shall surely die. But he who is dead shall remain ever-lasting. ||1|| Those who die while yet alive, shall through this death, live on. They place the Name of the Lord, Har, Har, as medicine in their mouths, and through the Word of the Guru's Shabad, they drink in the Ambrosial Nectar. ||1|| Pause|| The clay pot of the body shall be broken. One who has eliminated the three qualities dwells in the home of his inner self. ||2|| One who climbs high, shall fall into the nether regions of the underworld. One who lies upon the ground, shall not be touched by death. ||3|| Those who continue to wander around, achieve nothing. Those who practice the Guru's Teachings, become steady and stable. ||4|| This body and soul all belong to the Lord. O Nanak, meeting the Guru, I am enraptured. ||5||13|| AASAA, FIFTH MEHL: The puppet of the body has been fashioned with great skill. Know for sure that it shall turn to dust. ||1|| Remember your origins, O thoughtless fool. Why are you so proud of yourself? ||1|| Pause|| You are a guest, given three meals a day; other things are entrusted to you. ||2|| you are just excrement, bones and blood, wrapped up in skin — this is what you are taking such pride in! ||3|| If you could understand even one thing, then you would be pure. Without understanding, you shall be forever impure. ||4|| Says Nanak, I am a sacrifice to the Guru; through Him, I obtain the Lord, the All-knowing Primal Being. ||5||14|| AASAA, FIFTH MEHL, IK-TUKAS, CHAU-PADAS: One moment, one day, is for me many days. My mind cannot survive — how can I meet my Beloved? ||1|| I cannot endure one day, even one instant without Him.

ਦਰਸਨ ਕੀ ਮਨਿ ਆਸ ਘਨੇਰੀ ਕੋਈ ਐਸਾ ਸੰਤੁ ਮੋ ਕਉ ਪਿਰਹਿ ਮਿਲਾਵੈ ॥੧॥ ਰਹਾਉ ॥ ਚਾਰਿ ਪਹਰ ਚਹੁ ਜੁਗਹ ਸਮਾਨੇ ॥ ਰੈਣਿ ਭਈ ਤਬ ਅੰਤੁ ਨ ਜਾਨੇ ॥੨॥ ਪੰਚ ਦੂਤ ਮਿਲਿ ਪਿਰਹੁ ਵਿਛੋੜੀ ॥ ਭ੍ਰਮਿ ਭ੍ਰਮਿ ਰੋਵੈ ਹਾਥ ਪਛੋੜੀ ॥੩॥ ਜਨ ਨਾਨਕ ਕਉ ਹਰਿ ਦਰਸੁ ਦਿਖਾਇਆ ॥ ਆਤਮੁ ਚੀਨਿ੍ ਪਰਮ ਸੁਖੁ ਪਾਇਆ ॥੪॥੧੫॥ ਆਸਾ ਮਹਲਾ ੫ ॥ ਹਰਿ ਸੇਵਾ ਮਹਿ ਪਰਮ ਨਿਧਾਨੁ ॥ ਹਰਿ ਸੇਵਾ ਮੁਖਿ ਅੰਮ੍ਰਿਤ ਨਾਮੁ ॥੧॥ ਹਰਿ ਮੇਰਾ ਸਾਥੀ ਸੰਗਿ ਸਖਾਈ ॥ ਦੁਖਿ ਸੁਖਿ ਸਿਮਰੀ ਤਹ ਮਉਜੂਦੁ ਜਮੁ ਬਪੁਰਾ ਮੋ ਕਉ ਕਹਾ ਡਰਾਈ ॥੧॥ ਰਹਾਉ ॥ ਹਰਿ ਮੇਰੀ ਓਟ ਮੈ ਹਰਿ ਕਾ ਤਾਣੁ ॥ ਹਰਿ ਮੇਰਾ ਸਖਾ ਮਨ ਮਾਹਿ ਦੀਬਾਣੁ ॥੨॥ ਹਰਿ ਮੇਰੀ ਪੂੰਜੀ ਮੇਰਾ ਹਰਿ ਵੇਸਾਹੁ ॥ ਗੁਰਮੁਖਿ ਧਨੁ ਖਟੀ ਹਰਿ ਮੇਰਾ ਸਾਹੁ ॥੩॥ ਗੁਰ ਕਿਰਪਾ ਤੇ ਇਹ ਮਤਿ ਆਵੈ ॥ ਜਨ ਨਾਨਕੁ ਹਰਿ ਕੈ ਅੰਕਿ ਸਮਾਵੈ ॥੪॥੧੬॥ ਆਸਾ ਮਹਲਾ ੫ ॥ ਪ੍ਰਭੁ ਹੋਇ ਕ੍ਰਿਪਾਲੁ ਤ ਇਹੁ ਮਨੁ ਲਾਈ ॥ ਸਤਿਗੁਰੁ ਸੇਵਿ ਸਭੈ ਫਲ ਪਾਈ ॥੧॥ ਮਨ ਕਿਉ ਬੈਰਾਗੁ ਕਰਹਿਗਾ ਸਤਿਗੁਰੁ ਮੇਰਾ ਪੂਰਾ ॥ ਮਨਸਾ ਕਾ ਦਾਤਾ ਸਭ ਸੁਖ ਨਿਧਾਨੁ ਅੰਮ੍ਰਿਤ ਸਰਿ ਸਦ ਹੀ ਭਰਪੂਰਾ ॥੧॥ ਰਹਾਉ ॥ ਚਰਣ ਕਮਲ ਰਿਦ ਅੰਤਰਿ ਧਾਰੇ ॥ ਪ੍ਰਗਟੀ ਜੋਤਿ ਮਿਲੇ ਰਾਮ ਪਿਆਰੇ ॥੨॥ ਪੰਚ ਸਖੀ ਮਿਲਿ ਮੰਗਲੁ ਗਾਇਆ ॥ ਅਨਹਦ ਬਾਣੀ ਨਾਦੁ ਵਜਾਇਆ ॥੩॥ ਗੁਰੁ ਨਾਨਕੁ ਤੁਠਾ ਮਿਲਿਆ ਹਰਿ ਰਾਇ ॥ ਸੁਖਿ ਰੈਣਿ ਵਿਹਾਣੀ ਸਹਜਿ ਸੁਭਾਇ ॥੪॥੧੭॥ ਆਸਾ ਮਹਲਾ ੫ ॥ ਕਰਿ ਕਿਰਪਾ ਹਰਿ ਪਰਗਟੀ ਆਇਆ ॥ ਮਿਲਿ ਸਤਿਗੁਰ ਧਨੁ ਪੂਰਾ ਪਾਇਆ ॥੧॥ ਐਸਾ ਹਰਿ ਧਨੁ ਸੰਚੀਐ ਭਾਈ ॥ ਭਾਹਿ ਨ ਜਾਲੈ ਜਲਿ ਨਹੀ ਡੂਬੈ ਸੰਗੁ ਛੋਡਿ ਕਰਿ ਕਤਹੁ ਨ ਜਾਈ ॥੧॥ ਰਹਾਉ ॥ ਤੋਟਿ ਨ ਆਵੈ ਨਿਖੁਟਿ ਨ ਜਾਇ ॥ ਖਾਇ ਖਰਚਿ ਮਨੁ ਰਹਿਆ ਅਘਾਇ ॥੨॥ ਸੋ ਸਚੁ ਸਾਹੁ ਜਿਸੁ ਘਰਿ ਹਰਿ ਧਨੁ ਸੰਚਾਣਾ ॥ ਇਸੁ ਧਨ ਤੇ ਸਭੁ ਜਗੁ ਵਰਸਾਣਾ ॥੩॥ ਤਿਨਿ ਹਰਿ ਧਨੁ ਪਾਇਆ ਜਿਸੁ ਪੁਰਬ ਲਿਖੇ ਕਾ ਲਹਣਾ ॥ ਜਨ ਨਾਨਕ ਅੰਤਿ ਵਾਰ ਨਾਮੁ ਗਹਣਾ ॥੪॥੧੮॥ ਆਸਾ ਮਹਲਾ ੫ ॥ ਜੈਸੇ ਕਿਰਸਾਣੁ ਬੋਵੈ ਕਿਰਸਾਨੀ ॥ ਕਾਚੀ ਪਾਕੀ ਬਾਢਿ ਪਰਾਨੀ ॥੧॥ ਜੋ ਜਨਮੈ ਸੋ ਜਾਨਹੁ ਮੂਆ ॥ ਗੋਵਿੰਦ ਭਗਤੁ ਅਸਥਿਰੁ ਹੈ ਥੀਆ ॥੧॥ ਰਹਾਉ ॥ ਦਿਨ ਤੇ ਸਰਪਰ ਪਉਸੀ ਰਾਤਿ ॥ ਰੈਣਿ ਗਈ ਫਿਰਿ ਹੋਇ ਪਰਭਾਤਿ ॥੨॥ ਮਾਇਆ ਮੋਹਿ ਸੋਇ ਰਹੇ ਅਭਾਗੇ ॥ ਗੁਰ ਪ੍ਰਸਾਦਿ ਕੋ ਵਿਰਲਾ ਜਾਗੇ ॥੩॥

My mind's desire for the Blessed Vision of His Darshan is so great. Is there any Saint who can lead me to meet my Beloved? ||1|| Pause|| The four watches of the day are like the four ages. And when night comes, I think that it shall never end. ||2|| The five demons have joined together, to separate me from my Husband Lord. Wandering and rambling, I cry out and wring my hands. ||3|| The Lord has revealed the Blessed Vision of His Darshan to servant Nanak; realizing his own self, he has obtained supreme peace. ||4||15|| AASAA, FIFTH MEHL: In the Lord's service, are the greatest treasures. Serving the Lord, the Ambrosial Naam comes into one's mouth. ||1|| The Lord is my Companion; He is with me, as my Help and Support. In pain and pleasure, whenever I remember Him, He is present. How can the poor Messenger of Death frighten me now? ||1|| Pause|| The Lord is my Support; the Lord is my Power. The Lord is my Friend; He is my mind's advisor. ||2|| The Lord is my capital; the Lord is my credit. As Gurmukh, I earn the wealth, with the Lord as my Banker. ||3|| By Guru's Grace, this wisdom has come. Servant Nanak has merged into the Being of the Lord. ||4||16|| AASAA, FIFTH MEHL: When God shows His Mercy, then this mind is focused on Him. Serving the True Guru, all rewards are obtained. ||1|| O my mind, why are you so sad? My True Guru is Perfect. He is the Giver of blessings, the treasure of all comforts; His Ambrosial Pool of Nectar is always overflowing. ||1|| Pause|| One who enshrines His Lotus Feet within the heart, meets the Beloved Lord; the Divine Light is revealed to him. ||2|| The five companions have met together to sing the songs of joy. The unstruck melody, the sound current of the Naad, vibrates and resounds. ||3|| O Nanak, when the Guru is totally pleased, one meets the Lord, the King. Then, the night of one's life passes in peace and natural ease. ||4||17|| AASAA, FIFTH MEHL: Showing His Mercy, the Lord has revealed Himself to me. Meeting the True Guru, I have received the perfect wealth. ||1|| Gather such a wealth of the Lord, O Siblings of Destiny. It cannot be burned by fire, and water cannot drown it; it does not forsake society, or go anywhere else. ||1|| Pause|| It does not run short, and it does not run out. Eating and consuming it, the mind remains satisfied. ||2|| He is the true banker, who gathers the wealth of the Lord within his own home. With this wealth, the whole world profits. ||3|| He alone receives the Lord's wealth, who is pre-ordained to receive it. O servant Nanak, at that very last moment, the Naam shall be your only decoration. ||4||18|| AASAA, FIFTH MEHL: Just like the farmer, He plants His crop, and, whether it is ripe or unripe, He cuts it down. ||1|| Just so, you must know this well, that whoever is born, shall die. Only the devotee of the Lord of the Universe becomes stable and permanent. ||1|| Pause|| The day shall certainly be followed by the night. And when the night passes, the morning shall again dawn. ||2|| In the love of Maya, the unfortunate ones remain in sleep. By Guru's Grace, a rare few remain awake and aware. ||3||

ਕਹੁ ਨਾਨਕ ਗੁਣ ਗਾਈਅਹਿ ਨੀਤ ॥ ਮੁਖ ਊਜਲ ਹੋਇ ਨਿਰਮਲ ਚੀਤ ॥੪॥੧੯॥ ਆਸਾ ਮਹਲਾ ੫ ॥ ਨਉ ਨਿਧਿ ਤੇਰੈ ਸਗਲ ਨਿਧਾਨ ॥ ਇਛਾ ਪੂਰਕੁ ਰਖੈ ਨਿਦਾਨ ॥੧॥ ਤੂੰ ਮੇਰੋ ਪਿਆਰੋ ਤਾ ਕੈਸੀ ਭੂਖਾ ॥ ਤੂੰ ਮਨਿ ਵਸਿਆ ਲਗੈ ਨ ਦੂਖਾ ॥੧॥ ਰਹਾਉ ॥ ਜੋ ਤੂੰ ਕਰਹਿ ਸੋਈ ਪਰਵਾਣੁ ॥ ਸਾਚੇ ਸਾਹਿਬ ਤੇਰਾ ਸਚੁ ਫੁਰਮਾਣੁ ॥੨॥ ਜਾ ਤੁਧੁ ਭਾਵੈ ਤਾ ਹਰਿ ਗੁਣ ਗਾਉ ॥ ਤੇਰੈ ਘਰਿ ਸਦਾ ਸਦਾ ਹੈ ਨਿਆਉ ॥੩॥ ਸਾਚੇ ਸਾਹਿਬ ਅਲਖ ਅਭੇਵ ॥ ਨਾਨਕ ਲਾਇਆ ਲਾਗਾ ਸੇਵ ॥੪॥੨੦॥ ਆਸਾ ਮਹਲਾ ੫ ॥ ਨਿਕਟਿ ਜੀਅ ਕੈ ਸਦ ਹੀ ਸੰਗਾ ॥ ਕੁਦਰਤਿ ਵਰਤੈ ਰੂਪ ਅਰੁ ਰੰਗਾ ॥੧॥ ਕਰ੍ਹੈ ਨ ਝੁਰੈ ਨਾ ਮਨੁ ਰੋਵਨਹਾਰਾ ॥ ਅਵਿਨਾਸੀ ਅਵਿਗਤੁ ਅਗੋਚਰੁ ਸਦਾ ਸਲਾਮਤਿ ਖਸਮੁ ਹਮਾਰਾ ॥੧॥ ਰਹਾਉ ॥ ਤੇਰੇ ਦਾਸਰੇ ਕਉ ਕਿਸ ਕੀ ਕਾਣਿ ॥ ਜਿਸ ਕੀ ਮੀਰਾ ਰਾਖੈ ਆਣਿ ॥੨॥ ਜੋ ਲਉਡਾ ਪ੍ਰਭਿ ਕੀਆ ਅਜਾਤਿ ॥ ਤਿਸੁ ਲਉਡੇ ਕਉ ਕਿਸ ਕੀ ਤਾਤਿ ॥੩॥ ਵੇਮੁਹਤਾਜਾ ਵੇਪਰਵਾਹੁ ॥ ਨਾਨਕ ਦਾਸ ਕਹਹੁ ਗੁਰ ਵਾਹੁ ॥੪॥੨੧॥ ਆਸਾ ਮਹਲਾ ੫ ॥ ਹਰਿ ਰਸੁ ਛੋਡਿ ਹੋਛੈ ਰਸਿ ਮਾਤਾ ॥ ਘਰ ਮਹਿ ਵਸਤੁ ਬਾਹਰਿ ਉਠਿ ਜਾਤਾ ॥੧॥ ਸੁਨੀ ਨ ਜਾਈ ਸਚੁ ਅੰਮ੍ਰਿਤ ਕਾਥਾ ॥ ਰਾਰਿ ਕਰਤ ਝੂਠੀ ਲਗਿ ਗਾਥਾ ॥੧॥ ਰਹਾਉ ॥ ਵਜਹੁ ਸਾਹਿਬ ਕਾ ਸੇਵ ਬਿਰਾਨੀ ॥ ਐਸੇ ਗੁਨਹ ਅਛਾਦਿਓ ਪ੍ਰਾਨੀ ॥੨॥ ਤਿਸੁ ਸਿਉ ਲੂਕ ਜੋ ਸਦ ਹੀ ਸੰਗੀ ॥ ਕਾਮਿ ਨ ਆਵੈ ਸੋ ਫਿਰਿ ਫਿਰਿ ਮੰਗੀ ॥੩॥ ਕਹੁ ਨਾਨਕ ਪ੍ਰਭ ਦੀਨ ਦਇਆਲਾ ॥ ਜਿਉ ਭਾਵੈ ਤਿਉ ਕਰਿ ਪ੍ਰਤਿਪਾਲਾ ॥੪॥੨੨॥ ਆਸਾ ਮਹਲਾ ੫ ॥ ਜੀਅ ਪ੍ਰਾਨ ਧਨੁ ਹਰਿ ਕੋ ਨਾਮੁ ॥ ਈਹਾ ਊਹਾਂ ਉਨ ਸੰਗਿ ਕਾਮੁ ॥੧॥ ਬਿਨੁ ਹਰਿ ਨਾਮ ਅਵਰੁ ਸਭੁ ਥੋਰਾ ॥ ਤ੍ਰਿਪਤਿ ਅਘਾਵੈ ਹਰਿ ਦਰਸਨਿ ਮਨੁ ਮੋਰਾ ॥੧॥ ਰਹਾਉ ॥ ਭਗਤਿ ਭੰਡਾਰ ਗੁਰਬਾਣੀ ਲਾਲ ॥ ਗਾਵਤ ਸੁਨਤ ਕਮਾਵਤ ਨਿਹਾਲ ॥੨॥ ਚਰਣ ਕਮਲ ਸਿਉ ਲਾਗੋ ਮਾਨੁ ॥ ਸਤਿਗੁਰਿ ਤੂਠੈ ਕੀਨੋ ਦਾਨੁ ॥੩॥ ਨਾਨਕ ਕਉ ਗੁਰਿ ਦੀਖਿਆ ਦੀਨ੍ ॥ ਪ੍ਰਭ ਅਬਿਨਾਸੀ ਘਟਿ ਘਟਿ ਚੀਨ੍ ॥੪॥੨੩॥ ਆਸਾ ਮਹਲਾ ੫ ॥ ਅਨਦ ਬਿਨੋਦ ਭਰੇਪੁਰਿ ਧਾਰਿਆ ॥ ਅਪੁਨਾ ਕਾਰਜੁ ਆਪਿ ਸਵਾਰਿਆ ॥੧॥ ਪੂਰ ਸਮਗ੍ਰੀ ਪੂਰੇ ਠਾਕੁਰ ਕੀ ॥ ਭਰਿਪੁਰਿ ਧਾਰਿ ਰਹੀ ਸੋਭ ਜਾ ਕੀ ॥੧॥ ਰਹਾਉ ॥ ਨਾਮੁ ਨਿਧਾਨੁ ਜਾ ਕੀ ਨਿਰਮਲ ਸੋਇ ॥ ਆਪੇ ਕਰਤਾ ਅਵਰੁ ਨ ਕੋਇ ॥੨॥ ਜੀਅ ਜੰਤ ਸਭਿ ਤਾ ਕੈ ਹਾਥਿ ॥ ਰਵਿ ਰਹਿਆ ਪ੍ਰਭੁ ਸਭ ਕੈ ਸਾਥਿ ॥੩॥

Says Nanak, sing continually the Glorious Praises of the Lord. Your face shall be radiant, and your consciousness shall be immaculately pure. ||4||19|| AASAA, FIFTH MEHL: The nine treasures are Yours — all treasures are Yours. The Fulfiller of desires saves mortals in the end. ||1|| You are my Beloved, so what hunger can I have? When You dwell within my mind, pain does not touch me. ||1|| Pause|| Whatever You do, is acceptable to me. O True Lord and Master, True is Your Order. ||2|| When it is pleasing to Your Will, I sing the Glorious Praises of the Lord. Within Your Home, there is justice, forever and ever. ||3|| O True Lord and Master, You are unknowable and mysterious. Nanak is committed to Your service. ||4||20|| AASAA, FIFTH MEHL: He is near at hand; He is the eternal Companion of the soul. His Creative Power is all-pervading, in form and color. ||1|| My mind does not worry; it does not grieve, or cry out. Imperishable, Unshakable, Unapproachable and forever safe and sound is my Husband Lord. ||1|| Pause|| Unto whom does Your servant pay homage? His King preserves his honor. ||2|| That slave, whom God has released from the restrictions of social status — who can now hold him in bondage? ||3|| The Lord is absolutely independent, and totally care-free; O servant Nanak, chant His Glorious Praises. ||4||21|| AASAA, FIFTH MEHL: Forsaking the Lord's sublime essence, the mortal is intoxicated with false essences. The substance is within the home of the self, but the mortal goes out to find it. ||1|| He cannot hear the true ambrosial discourse. Attached to false scriptures, he is engaged in argument. ||1|| Pause|| He takes his wages from his Lord and Master, but he serves another. With such sins, the mortal is engrossed. ||2|| He tries to hide from the One who is always with him. He begs from Him, again and again. ||3|| Says Nanak, God is merciful to the meek. As it pleases Him, He cherishes us. ||4||22|| AASAA, FIFTH MEHL: The Naam, the Name of the Lord, is my soul, my life, my wealth. Here and hereafter, it is with me, to help me. ||1|| Without the Lord's Name, everything else is useless. My mind is satisfied and satiated by the Blessed Vision of the Lord's Darshan. ||1|| Pause|| Gurbani is the jewel, the treasure of devotion. Singing, hearing and acting upon it, one is enraptured. ||2|| My mind is attached to the Lord's Lotus Feet. The True Guru, in His Pleasure, has given this gift. ||3|| Unto Nanak, the Guru has revealed these instructions: recognize the Imperishable Lord God in each and every heart. ||4||23|| AASAA, FIFTH MEHL: The All-pervading Lord has established joys and celebrations. He Himself embellishes His own works. ||1|| Perfect is the Creation of the Perfect Lord Master. His magnificent greatness is totally all-pervading. ||1|| Pause|| His Name is the treasure; His reputation is immaculate. He Himself is the Creator; there is no other. ||2|| All beings and creatures are in His Hands. God is pervading in all, and is always with them. ||3||

ਪੂਰਾ ਗੁਰੁ ਪੂਰੀ ਬਣਤ ਬਣਾਈ ॥ ਨਾਨਕ ਭਗਤ ਮਿਲੀ ਵਡਿਆਈ ॥੪॥੨੪॥ ਆਸਾ ਮਹਲਾ ੫ ॥ ਗੁਰ ਕੈ ਸਬਦਿ ਬਨਾਵਹੁ ਇਹੁ ਮਨੁ ॥ ਗੁਰ ਕਾ ਦਰਸਨੁ ਸੰਚਹੁ ਹਰਿ ਧਨੁ ॥੧॥ ਊਤਮ ਮਤਿ ਮੇਰੈ ਰਿਦੈ ਤੂੰ ਆਉ ॥ ਧਿਆਵਉ ਗਾਵਉ ਗੁਣ ਗੋਵਿੰਦਾ ਅਤਿ ਪ੍ਰੀਤਮ ਮੋਹਿ ਲਾਗੈ ਨਾਉ ॥੧॥ ਰਹਾਉ ॥ ਤ੍ਰਿਪਤਿ ਅਘਾਵਨੁ ਸਾਚੈ ਨਾਇ ॥ ਅਠਸਠਿ ਮਜਨੁ ਸੰਤ ਧੂਰਾਇ ॥੨॥ ਸਭ ਮਹਿ ਜਾਨਉ ਕਰਤਾ ਏਕ ॥ ਸਾਧਸੰਗਤਿ ਮਿਲਿ ਬੁਧਿ ਬਿਬੇਕ ॥੩॥ ਦਾਸੁ ਸਗਲ ਕਾ ਛੋਡਿ ਅਭਿਮਾਨੁ ॥ ਨਾਨਕ ਕਉ ਗੁਰਿ ਦੀਨੋ ਦਾਨੁ ॥੪॥੨੫॥ ਆਸਾ ਮਹਲਾ ੫ ॥ ਬੁਧਿ ਪ੍ਰਗਾਸ ਭਈ ਮਤਿ ਪੂਰੀ ॥ ਤਾ ਤੇ ਬਿਨਸੀ ਦੁਰਮਤਿ ਦੂਰੀ ॥੧॥ ਐਸੀ ਗੁਰਮਤਿ ਪਾਈਅਲੇ ॥ ਬੂਡਤ ਘੋਰ ਅੰਧ ਕੂਪ ਮਹਿ ਨਿਕਸਿਓ ਮੇਰੇ ਭਾਈ ਰੇ ॥੧॥ ਰਹਾਉ ॥ ਮਹਾ ਅਗਾਹ ਅਗਨਿ ਕਾ ਸਾਗਰੁ ॥ ਗੁਰੁ ਬੋਹਿਥੁ ਤਾਰੇ ਰਤਨਾਗਰੁ ॥੨॥ ਦੁਤਰ ਅੰਧ ਬਿਖਮ ਇਹ ਮਾਇਆ ॥ ਗੁਰਿ ਪੂਰੈ ਪਰਗਟੁ ਮਾਰਗੁ ਦਿਖਾਇਆ ॥੩॥ ਜਾਪ ਤਾਪ ਕਛੁ ਉਕਤਿ ਨ ਮੋਰੀ ॥ ਗੁਰ ਨਾਨਕ ਸਰਣਾਗਤਿ ਤੋਰੀ ॥੪॥੨੬॥ ਆਸਾ ਮਹਲਾ ੫ ਤਿਪਦੇ ੨ ॥ ਹਰਿ ਰਸੁ ਪੀਵਤ ਸਦ ਹੀ ਰਾਤਾ ॥ ਆਨ ਰਸਾ ਖਿਨ ਮਹਿ ਲਹਿ ਜਾਤਾ ॥ ਹਰਿ ਰਸ ਕੇ ਮਾਤੇ ਮਨਿ ਸਦਾ ਅਨੰਦ ॥ ਆਨ ਰਸਾ ਮਹਿ ਵਿਆਪੈ ਚਿੰਦ ॥੧॥ ਹਰਿ ਰਸੁ ਪੀਵੈ ਅਲਮਸਤੁ ਮਤਵਾਰਾ ॥ ਆਨ ਰਸਾ ਸਭਿ ਹੋਛੇ ਰੇ ॥੧॥ ਰਹਾਉ ॥ ਹਰਿ ਰਸ ਕੀ ਕੀਮਤਿ ਕਹੀ ਨ ਜਾਇ ॥ ਹਰਿ ਰਸੁ ਸਾਧੂ ਹਾਟਿ ਸਮਾਇ ॥ ਲਾਖ ਕਰੋਰੀ ਮਿਲੈ ਨ ਕੇਹ ॥ ਜਿਸਹਿ ਪਰਾਪਤਿ ਤਿਸ ਹੀ ਦੇਹਿ ॥੨॥ ਨਾਨਕ ਚਾਖਿ ਭਏ ਬਿਸਮਾਦੁ ॥ ਨਾਨਕ ਗੁਰ ਤੇ ਆਇਆ ਸਾਦੁ ॥ ਈਤ ਊਤ ਕਤ ਛੋਡਿ ਨ ਜਾਇ ॥ ਨਾਨਕ ਗੀਧਾ ਹਰਿ ਰਸ ਮਾਹਿ ॥੩॥੨੭॥ ਆਸਾ ਮਹਲਾ ੫ ॥ ਕਾਮੁ ਕ੍ਰੋਧੁ ਲੋਭੁ ਮੋਹੁ ਮਿਟਾਵੈ ਛੁਟਕੈ ਦੁਰਮਤਿ ਅਪੁਨੀ ਧਾਰੀ ॥ ਹੋਇ ਨਿਮਾਣੀ ਸੇਵ ਕਮਾਵਹਿ ਤਾ ਪ੍ਰੀਤਮ ਹੋਵਹਿ ਮਨਿ ਪਿਆਰੀ ॥੧॥ ਸੁਣਿ ਸੁੰਦਰਿ ਸਾਧੂ ਬਚਨ ਉਧਾਰੀ ॥ ਦੂਖ ਭੂਖ ਮਿਟੈ ਤੇਰੋ ਸਹਸਾ ਸੁਖ ਪਾਵਹਿ ਤੂੰ ਸੁਖਮਨਿ ਨਾਰੀ ॥੧॥ ਰਹਾਉ ॥ ਚਰਣ ਪਖਾਰਿ ਕਰਉ ਗੁਰ ਸੇਵਾ ਆਤਮ ਸੁਧੁ ਬਿਖੁ ਤਿਆਸ ਨਿਵਾਰੀ ॥ ਦਾਸਨ ਕੀ ਹੋਇ ਦਾਸਿ ਦਾਸਰੀ ਤਾ ਪਾਵਹਿ ਸੋਭਾ ਹਰਿ ਦੁਆਰੀ ॥੨॥ ਇਹੀ ਅਚਾਰ ਇਹੀ ਬਿਉਹਾਰਾ ਆਗਿਆ ਮਾਨਿ ਭਗਤਿ ਹੋਇ ਤੁਮ੍ਹਾਰੀ ॥ ਜੋ ਇਹੁ ਮੰਤ੍ਰੁ ਕਮਾਵੈ ਨਾਨਕ ਸੋ ਭਉਜਲੁ ਪਾਰਿ ਉਤਾਰੀ ॥੩॥੨੮॥

The Perfect Guru has fashioned His perfect fashion. O Nanak, the Lord's devotees are blessed with glorious greatness. ||4||24|| AASAA, FIFTH MEHL: I have shaped this mind in the mold of the Guru's Word. Beholding the Blessed Vision of the Guru's Darshan, I have gathered the wealth of the Lord. ||1|| O sublime understanding, come, enter into my mind, that I may meditate and sing the Glorious Praises of the Lord of the Universe, and love so dearly the Lord's Name. ||1|| Pause|| I am satisfied and satiated by the True Name. My cleansing bath at the sixty-eight sacred shrines of pilgrimage is the dust of the Saints. ||2|| I recognize that the One Creator is contained in all. Joining the Saadh Sangat, the Company of the Holy, my understanding is refined. ||3|| I have become the servant of all; I have renounced my ego and pride. The Guru has given this gift to Nanak. ||4||25|| AASAA, FIFTH MEHL: My intellect has been enlightened, and my understanding is perfect. Thus my evil-mindedness, which kept me far from Him, has been removed. ||1|| Such are the Teachings which I have received from the Guru; while I was drowning in the pitch black well, I was saved, O my Siblings of Destiny. ||1|| Pause|| The Guru is the boat to cross over the totally unfathomable ocean of fire; He is treasure of jewels. ||2|| This ocean of Maya is dark and treacherous. The Perfect Guru has revealed the way to cross over it. ||3|| I do not have the ability to chant or practice intense meditation. Guru Nanak seeks Your Sanctuary. ||4||26|| AASAA, FIFTH MEHL, TI-PADAS: One who drinks in the Lord's sublime essence is forever imbued with it, while other essences wear off in an instant. Intoxicated with the Lord's sublime essence, the mind is forever in ecstasy. Other essences bring only anxiety. ||1|| One who drinks in the Lord's sublime essence, is intoxicated and enraptured; all other essences have no effect. ||1|| Pause|| The value of the Lord's sublime essence cannot be described. The Lord's sublime essence permeates the homes of the Holy. One may spend thousands and millions, but it cannot be purchased. He alone obtains it, who is so pre-ordained. ||2|| Tasting it, Nanak is wonder-struck. Through the Guru, Nanak has obtained this taste. Here and hereafter, it does not leave him. Nanak is imbued and enraptured with the Lord's subtle essence. ||3||27|| AASAA, FIFTH MEHL: If she renounces and eliminates her sexual desire, anger, greed and attachment, and her evil-mindedness and self-conceit as well; and if, becoming humble, she serves Him, then she becomes dear to her Beloved's Heart. ||1|| Listen, O beautiful soul-bride: By the Word of the Holy Saint, you shall be saved. Your pain, hunger and doubt shall vanish, and you shall obtain peace, O happy soul-bride. ||1|| Pause|| Washing the Guru's feet, and serving Him, the soul is sanctified, and the thirst for sin is quenched. If you become the slave of the slave of the Lord's slaves, then you shall obtain honor in the Court of the Lord. ||2|| This is right conduct, and this is the correct lifestyle, to obey the Command of the Lord's Will; this is your devotional worship. One who practices this Mantra, O Nanak, swims across the terrifying world-ocean. ||3||28||

ਆਸਾ ਮਹਲਾ ੫ ਦੁਪਦੇ ॥ ਭਈ ਪਰਾਪਤਿ ਮਾਨੁਖ ਦੇਹੁਰੀਆ ॥ ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ ॥ ਅਵਰਿ ਕਾਜ ਤੇਰੈ ਕਿਤੈ ਨ ਕਾਮ ॥ ਮਿਲੁ ਸਾਧਸੰਗਤਿ ਭਜੁ ਕੇਵਲ ਨਾਮ ॥੧॥ ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ ॥੧॥ ਰਹਾਉ ॥ ਜਪੁ ਤਪੁ ਸੰਜਮੁ ਧਰਮੁ ਨ ਕਮਾਇਆ ॥ ਸੇਵਾ ਸਾਧ ਨ ਜਾਨਿਆ ਹਰਿ ਰਾਇਆ ॥ ਕਹੁ ਨਾਨਕ ਹਮ ਨੀਚ ਕਰੰਮਾ ॥ ਸਰਣਿ ਪਰੇ ਕੀ ਰਾਖਹੁ ਸਰਮਾ ॥੨॥੨੯॥ ਆਸਾ ਮਹਲਾ ੫ ॥ ਤੁਝ ਬਿਨੁ ਅਵਰੁ ਨਾਹੀ ਮੈ ਦੂਜਾ ਤੂੰ ਮੇਰੇ ਮਨ ਮਾਹੀ ॥ ਤੂੰ ਸਾਜਨੁ ਸੰਗੀ ਪ੍ਰਭੁ ਮੇਰਾ ਕਾਹੇ ਜੀਅ ਡਰਾਹੀ ॥੧॥ ਤੁਮਰੀ ਓਟ ਤੁਮਾਰੀ ਆਸਾ ॥ ਬੈਠਤ ਊਠਤ ਸੋਵਤ ਜਾਗਤ ਵਿਸਰੁ ਨਾਹੀ ਤੂੰ ਸਾਸ ਗਿਰਾਸਾ ॥੧॥ ਰਹਾਉ ॥ ਰਾਖੁ ਰਾਖੁ ਸਰਣਿ ਪ੍ਰਭ ਅਪਨੀ ਅਗਨਿ ਸਾਗਰ ਵਿਕਰਾਲਾ ॥ ਨਾਨਕ ਕੇ ਸੁਖਦਾਤੇ ਸਤਿਗੁਰ ਹਮ ਤੁਮਰੇ ਬਾਲ ਗੁਪਾਲਾ ॥੨॥੩੦॥ ਆਸਾ ਮਹਲਾ ੫ ॥ ਹਰਿ ਜਨ ਲੀਨੇ ਪ੍ਰਭੂ ਛਡਾਇ ॥ ਪ੍ਰੀਤਮ ਸਿਉ ਮੇਰੋ ਮਨੁ ਮਾਨਿਆ ਤਾਪੁ ਮੁਆ ਬਿਖੁ ਖਾਇ ॥੧॥ ਰਹਾਉ ॥ ਪਾਲਾ ਤਾਊ ਕਛੂ ਨ ਬਿਆਪੈ ਰਾਮ ਨਾਮ ਗੁਨ ਗਾਇ ॥ ਡਾਕੀ ਕੋ ਚਿਤਿ ਕਛੂ ਨ ਲਾਗੈ ਚਰਨ ਕਮਲ ਸਰਨਾਇ ॥੧॥ ਸੰਤ ਪ੍ਰਸਾਦਿ ਭਏ ਕਿਰਪਾਲਾ ਹੋਏ ਆਪਿ ਸਹਾਇ ॥ ਗੁਨ ਨਿਧਾਨ ਨਿਤਿ ਗਾਵੈ ਨਾਨਕੁ ਸਹਸਾ ਦੁਖੁ ਮਿਟਾਇ ॥੨॥੩੧॥ ਆਸਾ ਮਹਲਾ ੫ ॥ ਅਉਖਧੁ ਖਾਇਓ ਹਰਿ ਕੋ ਨਾਉ ॥ ਸੁਖ ਪਾਏ ਦੁਖ ਬਿਨਸਿਆ ਥਾਉ ॥੧॥ ਤਾਪੁ ਗਇਆ ਬਚਨਿ ਗੁਰ ਪੂਰੇ ॥ ਅਨਦੁ ਭਇਆ ਸਭਿ ਮਿਟੇ ਵਿਸੂਰੇ ॥੧॥ ਰਹਾਉ ॥ ਜੀਅ ਜੰਤ ਸਗਲ ਸੁਖੁ ਪਾਇਆ ॥ ਪਾਰਬ੍ਰਹਮੁ ਨਾਨਕ ਮਨਿ ਧਿਆਇਆ ॥੨॥੩੨॥ ਆਸਾ ਮਹਲਾ ੫ ॥ ਬਾਂਛਤ ਨਾਹੀ ਸੁ ਬੇਲਾ ਆਈ ॥ ਬਿਨੁ ਹੁਕਮੈ ਕਿਉ ਬੁਝੈ ਬੁਝਾਈ ॥੧॥ ਠੰਢੀ ਤਾਤੀ ਮਿਟੀ ਖਾਈ ॥ ਓਹੁ ਨ ਬਾਲਾ ਬੂਢਾ ਭਾਈ ॥੧॥ ਰਹਾਉ ॥ ਨਾਨਕ ਦਾਸ ਸਾਧ ਸਰਣਾਈ ॥ ਗੁਰ ਪ੍ਰਸਾਦਿ ਭਉ ਪਾਰਿ ਪਰਾਈ ॥੨॥੩੩॥ ਆਸਾ ਮਹਲਾ ੫ ॥ ਸਦਾ ਸਦਾ ਆਤਮ ਪਰਗਾਸੁ ॥ ਸਾਧਸੰਗਤਿ ਹਰਿ ਚਰਣ ਨਿਵਾਸੁ ॥੧॥ ਰਾਮ ਨਾਮ ਨਿਤਿ ਜਪਿ ਮਨ ਮੇਰੇ ॥ ਸੀਤਲ ਸਾਂਤਿ ਸਦਾ ਸੁਖ ਪਾਵਹਿ ਕਿਲਵਿਖ ਜਾਹਿ ਸਭੇ ਮਨ ਤੇਰੇ ॥੧॥ ਰਹਾਉ ॥ ਕਹੁ ਨਾਨਕ ਜਾ ਕੇ ਪੂਰਨ ਕਰਮ ॥ ਸਤਿਗੁਰ ਭੇਟੇ ਪੂਰਨ ਪਾਰਬ੍ਰਹਮ ॥੨॥੩੪॥ ਦੂਜੇ ਘਰ ਕੇ ਚਉਤੀਸ ॥ ਆਸਾ ਮਹਲਾ ੫ ॥ ਜਾ ਕਾ ਹਰਿ ਸੁਆਮੀ ਪ੍ਰਭੁ ਬੇਲੀ ॥

AASAA, FIFTH MEHL, DU-PADAS: You have been blessed with this human body. This is your chance to meet the Lord of the Universe. Other efforts are of no use to you. Joining the Saadh Sangat, the Company of the Holy, vibrate and meditate on the Naam, the Name of the Lord. ||1|| Make the effort, and cross over the terrifying world ocean. This human life is passing away in vain, in the love of Maya. ||1|| Pause|| I have not practiced meditation, penance, self-restraint or righteous living; I have not served the Holy Saints, and I do not know the Lord, my King. Says Nanak, my actions are vile and despicable; O Lord, I seek Your Sanctuary — please, preserve my honor. ||2||29|| AASAA, FIFTH MEHL: Without You, there is no other for me; You alone are in my mind. You are my Friend and Companion, God; why should my soul be afraid? ||1|| You are my support, You are my hope. While sitting down or standing up, while sleeping or waking, with every breath and morsel of food, I never forget You. ||1|| Pause|| Protect me, please protect me, O God; I have come to Your Sanctuary; the ocean of fire is so horrible. The True Guru is the Giver of peace to Nanak; I am Your child, O Lord of the World. ||2||30|| AASAA, FIFTH MEHL: The Lord God has saved me, His slave. My mind has surrendered to my Beloved; my fever has taken poison and died. ||1|| Pause|| Cold and heat do not touch me at all, when I sing the Glorious Praises of the Lord. My consciousness is not affected by the witch, Maya; I take to the Sanctuary of the Lord's Lotus Feet. ||1|| By the Grace of the Saints, the Lord has shown His Mercy to me; He Himself is my Help and Support. Nanak ever sings the Praises of the Lord, the treasure of excellence; his doubts and pains are eliminated. ||2||31|| AASAA, FIFTH MEHL: I have taken the medicine of the Name of the Lord. I have found peace, and the seat of pain has been removed. ||1|| The fever has been broken, by the Teachings of the Perfect Guru. I am in ecstasy, and all of my sorrows have been dispelled. ||1|| Pause|| All beings and creatures obtain peace, O Nanak, meditating on the Supreme Lord God. ||2||32|| AASAA, FIFTH MEHL: That time, which the mortal does not wish for, eventually comes. Without the Lord's Command, how can understanding be understood? ||1|| The body is consumed by water, fire and earth. But the soul is neither young nor old, O Siblings of Destiny. ||1|| Pause|| Servant Nanak has entered the Sanctuary of the Holy. By Guru's Grace, he has shaken off the fear of death. ||2||33|| AASAA, FIFTH MEHL: Forever and ever, the soul is illumined; in the Saadh Sangat, the Company of the Holy, it dwells at the Feet of the Lord. ||1|| Chant the Lord's Name each and every day, O my mind. You shall find lasting peace, contentment and tranquility, and all your sins shall depart. ||1|| Pause|| Says Nanak, one who is blessed with perfect good karma, meets the True Guru, and obtains the Perfect Supreme Lord God. ||2||34|| Thirty-four Shabads in Second House. || AASAA, FIFTH MEHL: She who has the Lord God as her Friend —

ਪੀੜ ਗਈ ਫਿਰਿ ਨਹੀ ਦੁਹੇਲੀ ॥੧॥ ਰਹਾਉ ॥ ਕਰਿ ਕਿਰਪਾ ਚਰਨ ਸੰਗਿ ਮੇਲੀ ॥ ਸੂਖ ਸਹਜ ਆਨੰਦ ਸੁਹੇਲੀ ॥੧॥ ਸਾਧਸੰਗਿ ਗੁਣ ਗਾਇ ਅਤੋਲੀ ॥ ਹਰਿ ਸਿਮਰਤ ਨਾਨਕ ਭਈ ਅਮੋਲੀ ॥੨॥੩੫॥ ਆਸਾ ਮਹਲਾ ੫ ॥ ਕਾਮ ਕ੍ਰੋਧ ਮਾਇਆ ਮਦ ਮਤਸਰ ਏ ਖੇਲਤ ਸਭਿ ਜੂਐ ਹਾਰੇ ॥ ਸਤੁ ਸੰਤੋਖੁ ਦਇਆ ਧਰਮੁ ਸਚੁ ਇਹ ਅਪੁਨੈ ਗ੍ਰਿਹ ਭੀਤਰਿ ਵਾਰੇ ॥੧॥ ਜਨਮ ਮਰਨ ਚੂਕੇ ਸਭਿ ਭਾਰੇ ॥ ਮਿਲਤ ਸੰਗਿ ਭਇਓ ਮਨੁ ਨਿਰਮਲੁ ਗੁਰਿ ਪੂਰੈ ਲੈ ਖਿਨ ਮਹਿ ਤਾਰੇ ॥੧॥ ਰਹਾਉ ॥ ਸਭ ਕੀ ਰੇਨੁ ਹੋਇ ਰਹੈ ਮਨੂਆ ਸਗਲੇ ਦੀਸਹਿ ਮੀਤ ਪਿਆਰੇ ॥ ਸਭ ਮਧੇ ਰਵਿਆ ਮੇਰਾ ਠਾਕੁਰੁ ਦਾਨੁ ਦੇਤ ਸਭਿ ਜੀਅ ਸਮ੍ਹਾਰੇ ॥੨॥ ਏਕੋ ਏਕੁ ਆਪਿ ਇਕੁ ਏਕੈ ਏਕੈ ਹੈ ਸਗਲਾ ਪਾਸਾਰੇ ॥ ਜਪਿ ਜਪਿ ਹੋਏ ਸਗਲ ਸਾਧ ਜਨ ਏਕੁ ਨਾਮੁ ਧਿਆਇ ਬਹੁਤੁ ਉਧਾਰੇ ॥੩॥ ਗਹਿਰ ਗੰਭੀਰ ਬਿਅੰਤ ਗੁਸਾਈ ਅੰਤੁ ਨਹੀ ਕਿਛੁ ਪਾਰਾਵਾਰੇ ॥ ਤੁਮ੍ਰੀ ਕ੍ਰਿਪਾ ਤੇ ਗੁਨ ਗਾਵੈ ਨਾਨਕ ਧਿਆਇ ਧਿਆਇ ਪ੍ਰਭ ਕਉ ਨਮਸਕਾਰੇ ॥੪॥੩੬॥ ਆਸਾ ਮਹਲਾ ੫ ॥ ਤੂ ਬਿਅੰਤੁ ਅਵਿਗਤੁ ਅਗੋਚਰੁ ਇਹੁ ਸਭੁ ਤੇਰਾ ਆਕਾਰੁ ॥ ਕਿਆ ਹਮ ਜੰਤ ਕਰਹ ਚਤੁਰਾਈ ਜਾਂ ਸਭੁ ਕਿਛੁ ਤੁਝੈ ਮਝਾਰਿ ॥੧॥ ਮੇਰੇ ਸਤਿਗੁਰ ਅਪਨੇ ਬਾਲਿਕ ਰਾਖਹੁ ਲੀਲਾ ਧਾਰਿ ॥ ਦੇਹੁ ਸੁਮਤਿ ਸਦਾ ਗੁਣ ਗਾਵਾ ਮੇਰੇ ਠਾਕੁਰ ਅਗਮ ਅਪਾਰ ॥੧॥ ਰਹਾਉ ॥ ਜੈਸੇ ਜਨਨਿ ਜਠਰ ਮਹਿ ਪ੍ਰਾਨੀ ਓਹੁ ਰਹਤਾ ਨਾਮ ਅਧਾਰਿ ॥ ਅਨਦੁ ਕਰੈ ਸਾਸਿ ਸਾਸਿ ਸਮ੍ਹਾਰੈ ਨਾ ਪੋਹੈ ਅਗਨਾਰਿ ॥੨॥ ਪਰ ਧਨ ਪਰ ਦਾਰਾ ਪਰ ਨਿੰਦਾ ਇਨ ਸਿਉ ਪ੍ਰੀਤਿ ਨਿਵਾਰਿ ॥ ਚਰਨ ਕਮਲ ਸੇਵੀ ਰਿਦ ਅੰਤਰਿ ਗੁਰ ਪੂਰੇ ਕੈ ਆਧਾਰਿ ॥੩॥ ਗ੍ਰਿਹੁ ਮੰਦਰ ਮਹਲਾ ਜੋ ਦੀਸਹਿ ਨਾ ਕੋਈ ਸੰਗਾਰਿ ॥ ਜਬ ਲਗੁ ਜੀਵਹਿ ਕਲੀ ਕਾਲ ਮਹਿ ਜਨ ਨਾਨਕ ਨਾਮੁ ਸਮ੍ਹਾਰਿ ॥੪॥੩੭॥

ਆਸਾ ਘਰੁ ੩ ਮਹਲਾ ੫

ੴ ਸਤਿਗੁਰ ਪ੍ਰਸਾਦਿ ॥

ਰਾਜ ਮਿਲਕ ਜੋਬਨ ਗ੍ਰਿਹ ਸੋਭਾ ਰੂਪਵੰਤੁ ਜੋੁਆਨੀ ॥ ਬਹੁਤੁ ਦਰਬੁ ਹਸਤੀ ਅਰੁ ਘੋੜੇ ਲਾਲ ਲਾਖ ਬੈ ਆਨੀ ॥ ਆਗੈ ਦਰਗਹਿ ਕਾਮਿ ਨ ਆਵੈ ਛੋਡਿ ਚਲੈ ਅਭਿਮਾਨੀ ॥੧॥ ਕਾਹੇ ਏਕ ਬਿਨਾ ਚਿਤੁ ਲਾਈਐ ॥ ਊਠਤ ਬੈਠਤ ਸੋਵਤ ਜਾਗਤ ਸਦਾ ਸਦਾ ਹਰਿ ਧਿਆਈਐ ॥੧॥ ਰਹਾਉ ॥ ਮਹਾ ਬਚਿਤ੍ਰ ਸੁੰਦਰ ਆਖਾੜੇ ਰਣ ਮਹਿ ਜਿਤੇ ਪਵਾੜੇ ॥

her pain is dispelled, and she shall not become sad again. ||1|| Pause|| Showing His Mercy, He joins her with His Feet, and she attains celestial peace, joy and comfort. ||1|| In the Saadh Sangat, the Company of the Holy, she sings the Glorious Praises of the Immeasurable Lord. Remembering the Lord in meditation, O Nanak, she becomes invaluable. ||2||35|| AASAA, FIFTH MEHL: Sexual desire, anger, intoxication with Maya and jealousy — I have lost all of these in the game of chance. Purity, contentment, compassion, faith and truthfulness — I have ushered these into the home of my self. ||1|| All the loads of birth and death have been removed. Joining the Saints' Society, my mind has become pure; the Perfect Guru has saved me in an instant. ||1|| Pause|| My mind has become the dust of all, and everyone seems a sweet friend to me. My Lord and Master is contained in all. He gives His Gifts to all beings, and cherishes them. ||2|| He Himself is the One and only; from the One, the One and only, came the expanse of the entire creation. Chanting and meditating, all the humble beings have become Holy; meditating on the Naam, the Name of the Lord, so many have been saved. ||3|| The Lord of the Universe is deep, profound and infinite; He has no end or limitation. By Your Grace, Nanak sings Your Glorious Praises; meditating, meditating, he humbly bows to God. ||4||36|| AASAA, FIFTH MEHL: You are Infinite, Eternal and Incomprehensible; all this is Your Creation. What clever games can we play, when everything is contained in You? ||1|| O my True Guru, protect me, Your child, through the power of Your play. Grant me the good sense to ever sing Your Glorious Praises, O my Inaccessible and Infinite Lord and Master. ||1|| Pause|| The mortal is preserved in the womb of his mother, by the Support of the Naam, the Name of the Lord; he makes merry, and with each and every breath he remembers the Lord, and the fire does not touch him. ||2|| Others' wealth, others' wives, and the slander of others — renounce your craving for these. Serve the Lord's Lotus Feet within your heart, and hold to the Support of the Perfect Guru. ||3|| Houses, mansions and palaces which you see — none of these shall go with you. As long as you live in this Dark Age of Kali Yuga, O servant Nanak, remember the Naam, the Name of the Lord. ||4||37||

AASAA, THIRD HOUSE, FIFTH MEHL:

## ONE UNIVERSAL CREATOR GOD. BY THE GRACE OF THE TRUE GURU:

Power, property, youth, household, fame and the beauty of youth; great wealth, elephants, horses and jewels, purchased with tens of thousands of dollars; hereafter, these shall be of no avail in the Court of the Lord; the proud must depart, leaving them behind. ||1|| Why center your consciousness on any other than the Lord? Sitting down, standing up, sleeping and waking, forever and ever, meditate on the Lord. ||1|| Pause|| He may have the most wondrous and beautiful arenas, and be victorious on the field of battle.

ਹਉ ਮਾਰਉ ਹਉ ਬੰਧਉ ਛੋਡਉ ਮੁਖ ਤੇ ਏਵ ਬਬਾੜੇ ॥ ਆਇਆ ਹੁਕਮੁ ਪਾਰਬ੍ਰਹਮ ਕਾ ਛੋਡਿ ਚਲਿਆ ਏਕ ਦਿਹਾੜੇ ॥੨॥ ਕਰਮ ਧਰਮ ਜੁਗਤਿ ਬਹੁ ਕਰਤਾ ਕਰਣੈਹਾਰੁ ਨ ਜਾਨੈ ॥ ਉਪਦੇਸੁ ਕਰੈ ਆਪਿ ਨ ਕਮਾਵੈ ਤਤੁ ਸਬਦੁ ਨ ਪਛਾਨੈ ॥ ਨਾਂਗਾ ਆਇਆ ਨਾਂਗੋ ਜਾਸੀ ਜਿਉ ਹਸਤੀ ਖਾਕੁ ਛਾਨੈ ॥੩॥ ਸੰਤ ਸਜਨ ਸੁਨਹੁ ਸਭਿ ਮੀਤਾ ਝੂਠਾ ਏਹੁ ਪਸਾਰਾ ॥ ਮੇਰੀ ਮੇਰੀ ਕਰਿ ਕਰਿ ਡੂਬੇ ਖਪਿ ਖਪਿ ਮੁਏ ਗਵਾਰਾ ॥ ਗੁਰ ਮਿਲਿ ਨਾਨਕ ਨਾਮੁ ਧਿਆਇਆ ਸਾਚਿ ਨਾਮਿ ਨਿਸਤਾਰਾ ॥੪॥੧॥੩੮॥

ਰਾਗੁ ਆਸਾ ਘਰੁ ੫ ਮਹਲਾ ੫

ੴ ਸਤਿਗੁਰ ਪ੍ਰਸਾਦਿ ॥

ਭ੍ਰਮ ਮਹਿ ਸੋਈ ਸਗਲ ਜਗਤ ਧੰਧ ਅੰਧ ॥ ਕੋਊ ਜਾਗੈ ਹਰਿ ਜਨੁ ॥੧॥ ਮਹਾ ਮੋਹਨੀ ਮਗਨ ਪ੍ਰਿਅ ਪ੍ਰੀਤਿ ਪ੍ਰਾਨ ॥ ਕੋਊ ਤਿਆਗੈ ਵਿਰਲਾ ॥੨॥ ਚਰਨ ਕਮਲ ਆਨੂਪ ਹਰਿ ਸੰਤ ਮੰਤ ॥ ਕੋਊ ਲਾਗੈ ਸਾਧੂ ॥੩॥ ਨਾਨਕ ਸਾਧੂ ਸੰਗਿ ਜਾਗੇ ਗਿਆਨ ਰੰਗਿ ॥ ਵਡਭਾਗੇ ਕਿਰਪਾ ॥੪॥੧॥੩੯॥

ੴ ਸਤਿਗੁਰ ਪ੍ਰਸਾਦਿ ॥

ਰਾਗੁ ਆਸਾ ਘਰੁ ੬ ਮਹਲਾ ੫ ॥

ਜੋ ਤੁਧੁ ਭਾਵੈ ਸੋ ਪਰਵਾਨਾ ਸੂਖੁ ਸਹਜੁ ਮਨਿ ਸੋਈ ॥ ਕਰਣ ਕਾਰਣ ਸਮਰਥ ਅਪਾਰਾ ਅਵਰੁ ਨਾਹੀ ਰੇ ਕੋਈ ॥੧॥ ਤੇਰੇ ਜਨ ਰਸਕਿ ਰਸਕਿ ਗੁਣ ਗਾਵਹਿ ॥ ਮਸਲਤਿ ਮਤਾ ਸਿਆਣਪ ਜਨ ਕੀ ਜੋ ਤੂੰ ਕਰਹਿ ਕਰਾਵਹਿ ॥੧॥ ਰਹਾਉ ॥ ਅੰਮ੍ਰਿਤੁ ਨਾਮੁ ਤੁਮਾਰਾ ਪਿਆਰੇ ਸਾਧਸੰਗਿ ਰਸੁ ਪਾਇਆ ॥ ਤ੍ਰਿਪਤਿ ਅਘਾਇ ਸੇਈ ਜਨ ਪੂਰੇ ਸੁਖ ਨਿਧਾਨੁ ਹਰਿ ਗਾਇਆ ॥੨॥ ਜਾ ਕਉ ਟੇਕ ਤੁਮ੍ਹ੍ਹਾਰੀ ਸੁਆਮੀ ਤਾ ਕਉ ਨਾਹੀ ਚਿੰਤਾ ॥ ਜਾ ਕਉ ਦਇਆ ਤੁਮਾਰੀ ਹੋਈ ਸੇ ਸਾਹ ਭਲੇ ਭਗਵੰਤਾ ॥੩॥ ਭਰਮ ਮੋਹ ਧ੍ਰੋਹ ਸਭਿ ਨਿਕਸੇ ਜਬ ਕਾ ਦਰਸਨੁ ਪਾਇਆ ॥ ਵਰਤਣਿ ਨਾਮੁ ਨਾਨਕ ਸਚੁ ਕੀਨਾ ਹਰਿ ਨਾਮੇ ਰੰਗਿ ਸਮਾਇਆ ॥੪॥੧॥੪੦॥ ਆਸਾ ਮਹਲਾ ੫ ॥ ਜਨਮ ਜਨਮ ਕੀ ਮਲੁ ਧੋਵੈ ਪਰਾਈ ਆਪਣਾ ਕੀਤਾ ਪਾਵੈ ॥ ਈਹਾ ਸੁਖੁ ਨਹੀ ਦਰਗਹ ਢੋਈ ਜਮ ਪੁਰਿ ਜਾਇ ਪਚਾਵੈ ॥੧॥ ਨਿੰਦਕਿ ਅਹਿਲਾ ਜਨਮੁ ਗਵਾਇਆ ॥ ਪਹੁਚਿ ਨ ਸਾਕੈ ਕਾਹੂ ਬਾਤੈ ਆਗੈ ਠਉਰ ਨ ਪਾਇਆ ॥੧॥ ਰਹਾਉ ॥ ਕਿਰਤੁ ਪਇਆ ਨਿੰਦਕ ਬਪੁਰੇ ਕਾ ਕਿਆ ਓਹੁ ਕਰੈ ਬਿਚਾਰਾ ॥

He may proclaim, "I can kill anyone, I can capture anyone, and I can release anyone." But when the Order comes from the Supreme Lord God, he departs and leaves in a day. ||2|| He may perform all sorts of religious rituals and good actions, but he does not know the Creator Lord, the Doer of all. He teaches, but does not practice what he preaches; he does not realize the essential reality of the Word of the Shabad. Naked he came, and naked he shall depart; he is like an elephant, throwing dust on himself. ||3|| O Saints, and friends, listen to me: all this world is false. Continually claiming, "Mine, mine", the mortals are drowned; the fools waste away and die. Meeting the Guru, O Nanak, I meditate on the Naam, the Name of the Lord; through the True Name, I am emancipated. ||4||1||38||

RAAG AASAA, FIFTH HOUSE, FIFTH MEHL:

## ONE UNIVERSAL CREATOR GOD. BY THE GRACE OF THE TRUE GURU:

The whole world is asleep in doubt; it is blinded by worldly entanglements. How rare is that humble servant of the Lord who is awake and aware. ||1|| The mortal is intoxicated with the great enticement of Maya, which is dearer to him than life. How rare is the one who renounces it. ||2|| The Lord's Lotus Feet are incomparably beautiful; so is the Mantra of the Saint. How rare is that holy person who is attached to them. ||3|| O Nanak, in the Saadh Sangat, the Company of the Holy, the love of divine knowledge is awakened; the Lord's Mercy is bestowed upon those who are blessed with such good destiny. ||4||1||39||

## ONE UNIVERSAL CREATOR GOD. BY THE GRACE OF THE TRUE GURU:

RAAG AASAA, SIXTH HOUSE, FIFTH MEHL:

Whatever pleases You is acceptable to me; that alone brings peace and ease to my mind. You are the Doer, the Cause of causes, All-powerful and Infinite; there is none other than You. ||1|| Your humble servants sing Your Glorious Praises with enthusiasm and love. That alone is good advice, wisdom and cleverness for Your humble servant, which You do or cause to be done. ||1|| Pause|| Your Name is Ambrosial Nectar, O Beloved Lord; in the Saadh Sangat, the Company of the Holy, I have obtained its sublime essence. Those humble beings are satisfied and fulfilled, singing the Praises of the Lord, the treasure of peace. ||2|| One who has Your Support, O Lord Master, is not afflicted by anxiety. One who is blessed by Your Kind Mercy, is the best, the most fortunate king. ||3|| Doubt, attachment, and deceit have all disappeared, since I obtained the Blessed Vision of Your Darshan. Dealing in the Naam, O Nanak, we become truthful, and in the Love of the Lord's Name, we are absorbed. ||4||1 | 40|| AASAA, FIFTH MEHL: He washes off the filth of other peoples' incarnations, but he obtains the rewards of his own actions. He has no peace in this world, and he has no place in the Court of the Lord. In the City of Death, he is tortured. ||1|| The slanderer loses his life in vain. He cannot succeed in anything, and in the world hereafter, he finds no place at all. ||1|| Pause|| Such is the fate of the wretched slanderer — what can the poor creature do?

ਤਹਾ ਬਿਗੂਤਾ ਜਹ ਕੋਇ ਨ ਰਾਖੈ ਓਹੁ ਕਿਸੁ ਪਹਿ ਕਰੇ ਪੁਕਾਰਾ ॥੨॥ ਨਿੰਦਕ ਕੀ ਗਤਿ ਕਤਹੂੰ ਨਾਹੀ ਖਸਮੈ ਏਵੈ ਭਾਣਾ ॥ ਜੋ ਜੋ ਨਿੰਦ ਕਰੇ ਸੰਤਨ ਕੀ ਤਿਉ ਸੰਤਨ ਸੁਖੁ ਮਾਨਾ ॥੩॥ ਸੰਤਾ ਟੇਕ ਤੁਮਾਰੀ ਸੁਆਮੀ ਤੂੰ ਸੰਤਨ ਕਾ ਸਹਾਈ ॥ ਕਹੁ ਨਾਨਕ ਸੰਤ ਹਰਿ ਰਾਖੇ ਨਿੰਦਕ ਦੀਏ ਰੁੜਾਈ ॥੪॥੨॥੪੧॥ ਆਸਾ ਮਹਲਾ ੫ ॥ ਬਾਹਰੁ ਧੋਇ ਅੰਤਰੁ ਮਨੁ ਮੈਲਾ ਦੁਇ ਠਉਰ ਅਪੁਨੇ ਖੋਏ ॥ ਈਹਾ ਕਾਮਿ ਕ੍ਰੋਧਿ ਮੋਹਿ ਵਿਆਪਿਆ ਆਗੈ ਮੁਸਿ ਮੁਸਿ ਰੋਏ ॥੧॥ ਗੋਵਿੰਦ ਭਜਨ ਕੀ ਮਤਿ ਹੈ ਹੋਰਾ ॥ ਵਰਮੀ ਮਾਰੀ ਸਾਪੁ ਨ ਮਰਈ ਨਾਮੁ ਨ ਸੁਨਈ ਡੋਰਾ ॥੧॥ ਰਹਾਉ ॥ ਮਾਇਆ ਕੀ ਕਿਰਤਿ ਛੋਡਿ ਗਵਾਈ ਭਗਤੀ ਸਾਰ ਨ ਜਾਨੈ ॥ ਬੇਦ ਸਾਸਤ੍ਰ ਕਉ ਤਰਕਨਿ ਲਾਗਾ ਤਤੁ ਜੋਗੁ ਨ ਪਛਾਨੈ ॥੨॥ ਉਘਰਿ ਗਇਆ ਜੈਸਾ ਖੋਟਾ ਢਬੂਆ ਨਦਰਿ ਸਰਾਫਾ ਆਇਆ ॥ ਅੰਤਰਜਾਮੀ ਸਭੁ ਕਿਛੁ ਜਾਨੈ ਉਸ ਤੇ ਕਹਾ ਛਪਾਇਆ ॥੩॥ ਕੂੜਿ ਕਪਟਿ ਬੰਚਿ ਨਿੰਮੁਨੀਆਦਾ ਬਿਨਸਿ ਗਇਆ ਤਤਕਾਲੇ ॥ ਸਤਿ ਸਤਿ ਸਤਿ ਨਾਨਕਿ ਕਹਿਆ ਅਪਨੈ ਹਿਰਦੈ ਦੇਖੁ ਸਮਾਲੇ ॥੪॥੩॥੪੨॥ ਆਸਾ ਮਹਲਾ ੫ ॥ ਉਦਮੁ ਕਰਤ ਹੋਵੈ ਮਨੁ ਨਿਰਮਲੁ ਨਾਚੈ ਆਪੁ ਨਿਵਾਰੇ ॥ ਪੰਚ ਜਨਾ ਲੇ ਵਸਗਤਿ ਰਾਖੈ ਮਨ ਮਹਿ ਏਕੰਕਾਰੇ ॥੧॥ ਤੇਰਾ ਜਨੁ ਨਿਰਤਿ ਕਰੇ ਗੁਨ ਗਾਵੈ ॥ ਰਬਾਬੁ ਪਖਾਵਜ ਤਾਲ ਘੁੰਘਰੂ ਅਨਹਦ ਸਬਦੁ ਵਜਾਵੈ ॥੧॥ ਰਹਾਉ ॥ ਪ੍ਰਥਮੇ ਮਨੁ ਪਰਬੋਧੈ ਅਪਨਾ ਪਾਛੈ ਅਵਰ ਰੀਝਾਵੈ ॥ ਰਾਮ ਨਾਮ ਜਪੁ ਹਿਰਦੈ ਜਾਪੈ ਮੁਖ ਤੇ ਸਗਲ ਸੁਨਾਵੈ ॥੨॥ ਕਰ ਸੰਗਿ ਸਾਧੂ ਚਰਨ ਪਖਾਰੈ ਸੰਤ ਧੂਰਿ ਤਨਿ ਲਾਵੈ ॥ ਮਨੁ ਤਨੁ ਅਰਪਿ ਧਰੇ ਗੁਰ ਆਗੈ ਸਤਿ ਪਦਾਰਥੁ ਪਾਵੈ ॥੩॥ ਜੋ ਜੋ ਸੁਨੈ ਪੇਖੈ ਲਾਇ ਸਰਧਾ ਤਾ ਕਾ ਜਨਮ ਮਰਨ ਦੁਖੁ ਭਾਗੈ ॥ ਐਸੀ ਨਿਰਤਿ ਨਰਕ ਨਿਵਾਰੈ ਨਾਨਕ ਗੁਰਮੁਖਿ ਜਾਗੈ ॥੪॥੪॥੪੩॥ ਆਸਾ ਮਹਲਾ ੫ ॥ ਅਧਮ ਚੰਡਾਲੀ ਭਈ ਬ੍ਰਹਮਣੀ ਸੂਦੀ ਤੇ ਸ੍ਰੇਸਟਾਈ ਰੇ ॥ ਪਾਤਾਲੀ ਆਕਾਸੀ ਸਖਨੀ ਲਹਬਰ ਬੂਝੀ ਖਾਈ ਰੇ ॥੧॥ ਘਰ ਕੀ ਬਿਲਾਈ ਅਵਰ ਸਿਖਾਈ ਮੂਸਾ ਦੇਖਿ ਡਰਾਈ ਰੇ ॥ ਅਜ ਕੈ ਵਸਿ ਗੁਰਿ ਕੀਨੋ ਕੇਹਰਿ ਕੂਕਰ ਤਿਨਹਿ ਲਗਾਈ ਰੇ ॥੧॥ ਰਹਾਉ ॥ ਬਾਝੁ ਥੂਨੀਆ ਛਪਰਾ ਥਾਮ੍ਹ੍ਹਿਆ ਨੀਘਰਿਆ ਘਰੁ ਪਾਇਆ ਰੇ ॥ ਬਿਨੁ ਜੜੀਏ ਲੈ ਜੜਿਓ ਜੜਾਵਾ ਥੇਵਾ ਅਚਰਜੁ ਲਾਇਆ ਰੇ ॥੨॥ ਦਾਦੀ ਦਾਦਿ ਨ ਪਹੁਚਨਹਾਰਾ ਚੂਪੀ ਨਿਰਨਉ ਪਾਇਆ ਰੇ ॥ ਮਾਲਿ ਦੁਲੀਚੈ ਬੈਠੀ ਲੇ ਮਿਰਤਕੁ ਨੈਨ ਦਿਖਾਲਨੁ ਧਾਇਆ ਰੇ ॥੩॥

PAUREE: Praise the Great True Guru; within Him is the greatest greatness. When the Lord causes us to meet the Guru, then we come to see them. When it pleases Him, they come to dwell in our minds. By His Command, when He places His hand on our foreheads, wickedness departs from within. When the Lord is thoroughly pleased, the nine treasures are obtained. ||18|| SHALOK, FIRST MEHL: First, purifying himself, the Brahmin comes and sits in his purified enclosure. The pure foods, which no one else has touched, are placed before him. Being purified, he takes his food, and begins to read his sacred verses. But it is then thrown into a filthy place — whose fault is this? The corn is sacred, the water is sacred; the fire and salt are sacred as well; when the fifth thing, the ghee, is added, then the food becomes pure and sanctified. Coming into contact with the sinful human body, the food becomes so impure that is is spat upon. That mouth which does not chant the Naam, and without the Name eats tasty foods — O Nanak, know this: such a mouth is to be spat upon. ||1|| FIRST MEHL: From woman, man is born; within woman, man is conceived; to woman he is engaged and married. Woman becomes his friend; through woman, the future generations come. When his woman dies, he seeks another woman; to woman he is bound. So why call her bad? From her, kings are born. From woman, woman is born; without woman, there would be no one at all. O Nanak, only the True Lord is without a woman. That mouth which praises the Lord continually is blessed and beautiful. O Nanak, those faces shall be radiant in the Court of the True Lord. ||2|| PAUREE: All call You their own, Lord; one who does not own You, is picked up and thrown away. Everyone receives the rewards of his own actions; his account is adjusted accordingly. Since one is not destined to remain in this world anyway, why should he ruin himself in pride? Do not call anyone bad; read these words, and understand. Don't argue with fools. ||19|| SHALOK, FIRST MEHL: O Nanak, speaking insipid words, the body and mind become insipid. He is called the most insipid of the insipid; the most insipid of the insipid is his reputation. The insipid person is discarded in the Court of the Lord, and the insipid one's face is spat upon. The insipid one is called a fool; he is beaten with shoes in punishment. ||1|| FIRST MEHL: Those who are false within, and honorable on the outside, are very common in this world. Even though they may bathe at the sixty-eight sacred shrines of pilgrimage, still, their filth does not depart. Those who have silk on the inside and rags on the outside, are the good ones in this world. They embrace love for the Lord, and contemplate beholding Him. In the Lord's Love, they laugh, and in the Lord's Love, they weep, and also keep silent. They do not care for anything else, except their True Husband Lord. Sitting, waiting at the Lord's Door, they beg for food, and when He gives to them, they eat. There is only One Court of the Lord, and He has only one pen; there, you and I shall meet. In the Court of the Lord, the accounts are examined; O Nanak, the sinners are crushed, like oil seeds in the press. ||2||

ਪਉੜੀ ॥ ਆਪੇ ਹੀ ਕਰਣਾ ਕੀਓ ਕਲ ਆਪੇ ਹੀ ਤੈ ਧਾਰੀਐ ॥ ਦੇਖਹਿ ਕੀਤਾ ਆਪਣਾ ਧਰਿ ਕਚੀ ਪਕੀ ਸਾਰੀਐ ॥ ਜੋ ਆਇਆ ਸੋ ਚਲਸੀ ਸਭੁ ਕੋਈ ਆਈ ਵਾਰੀਐ ॥ ਜਿਸ ਕੇ ਜੀਅ ਪਰਾਣ ਹਹਿ ਕਿਉ ਸਾਹਿਬੁ ਮਨਹੁ ਵਿਸਾਰੀਐ ॥ ਆਪਣ ਹਥੀ ਆਪਣਾ ਆਪੇ ਹੀ ਕਾਜੁ ਸਵਾਰੀਐ ॥੨੦॥ ਸਲੋਕੁ ਮਹਲਾ ੨ ॥ ਏਹ ਕਿਨੇਹੀ ਆਸਕੀ ਦੂਜੈ ਲਗੈ ਜਾਇ ॥ ਨਾਨਕ ਆਸਕੁ ਕਾਂਢੀਐ ਸਦ ਹੀ ਰਹੈ ਸਮਾਇ ॥ ਚੰਗੈ ਚੰਗਾ ਕਰਿ ਮੰਨੇ ਮੰਦੈ ਮੰਦਾ ਹੋਇ ॥ ਆਸਕੁ ਏਹੁ ਨ ਆਖੀਐ ਜਿ ਲੇਖੈ ਵਰਤੈ ਸੋਇ ॥੧॥ ਮਹਲਾ ੨ ॥ ਸਲਾਮੁ ਜਬਾਬੁ ਦੋਵੈ ਕਰੇ ਮੁੰਢਹੁ ਘੁਥਾ ਜਾਇ ॥ ਨਾਨਕ ਦੋਵੈ ਕੂੜੀਆ ਥਾਇ ਨ ਕਾਈ ਪਾਇ ॥੨॥ ਪਉੜੀ ॥ ਜਿਤੁ ਸੇਵਿਐ ਸੁਖੁ ਪਾਈਐ ਸੋ ਸਾਹਿਬੁ ਸਦਾ ਸਮੑਾਲੀਐ ॥ ਜਿਤੁ ਕੀਤਾ ਪਾਈਐ ਆਪਣਾ ਸਾ ਘਾਲ ਬੁਰੀ ਕਿਉ ਘਾਲੀਐ ॥ ਮੰਦਾ ਮੂਲਿ ਨ ਕੀਚਈ ਦੇ ਲੰਮੀ ਨਦਰਿ ਨਿਹਾਲੀਐ ॥ ਜਿਉ ਸਾਹਿਬ ਨਾਲਿ ਨ ਹਾਰੀਐ ਤੇਵੇਹਾ ਪਾਸਾ ਢਾਲੀਐ ॥ ਕਿਛੁ ਲਾਹੇ ਉਪਰਿ ਘਾਲੀਐ ॥੨੧॥ ਸਲੋਕੁ ਮਹਲਾ ੨ ॥ ਚਾਕਰੁ ਲਗੈ ਚਾਕਰੀ ਨਾਲੇ ਗਾਰਬੁ ਵਾਦੁ ॥ ਗਲਾ ਕਰੇ ਘਣੇਰੀਆ ਖਸਮ ਨ ਪਾਏ ਸਾਦੁ ॥ ਆਪੁ ਗਵਾਇ ਸੇਵਾ ਕਰੇ ਤਾ ਕਿਛੁ ਪਾਏ ਮਾਨੁ ॥ ਨਾਨਕ ਜਿਸ ਨੋ ਲਗਾ ਤਿਸੁ ਮਿਲੈ ਲਗਾ ਸੋ ਪਰਵਾਨੁ ॥੧॥ ਮਹਲਾ ੨ ॥ ਜੋ ਜੀਇ ਹੋਇ ਸੁ ਉਗਵੈ ਮੁਹ ਕਾ ਕਹਿਆ ਵਾਉ ॥ ਬੀਜੇ ਬਿਖੁ ਮੰਗੈ ਅੰਮ੍ਰਿਤੁ ਵੇਖਹੁ ਏਹੁ ਨਿਆਉ ॥੨॥ ਮਹਲਾ ੨ ॥ ਨਾਲਿ ਇਆਣੇ ਦੋਸਤੀ ਕਦੇ ਨ ਆਵੈ ਰਾਸਿ ॥ ਜੇਹਾ ਜਾਣੈ ਤੇਹੋ ਵਰਤੈ ਵੇਖਹੁ ਕੋ ਨਿਰਜਾਸਿ ॥ ਵਸਤੂ ਅੰਦਰਿ ਵਸਤੁ ਸਮਾਵੈ ਦੂਜੀ ਹੋਵੈ ਪਾਸਿ ॥ ਸਾਹਿਬ ਸੇਤੀ ਹੁਕਮੁ ਨ ਚਲੈ ਕਹੀ ਬਣੈ ਅਰਦਾਸਿ ॥ ਕੂੜਿ ਕਮਾਣੈ ਕੂੜੋ ਹੋਵੈ ਨਾਨਕ ਸਿਫਤਿ ਵਿਗਾਸਿ ॥੩॥ ਮਹਲਾ ੨ ॥ ਨਾਲਿ ਇਆਣੇ ਦੋਸਤੀ ਵਡਾਰੂ ਸਿਉ ਨੇਹੁ ॥ ਪਾਣੀ ਅੰਦਰਿ ਲੀਕ ਜਿਉ ਤਿਸ ਦਾ ਥਾਉ ਨ ਥੇਹੁ ॥੪॥ ਮਹਲਾ ੨ ॥ ਹੋਇ ਇਆਣਾ ਕਰੇ ਕੰਮੁ ਆਣਿ ਨ ਸਕੈ ਰਾਸਿ ॥ ਜੇ ਇਕ ਅਧ ਚੰਗੀ ਕਰੇ ਦੂਜੀ ਭੀ ਵੇਰਾਸਿ ॥੫॥ ਪਉੜੀ ॥ ਚਾਕਰੁ ਲਗੈ ਚਾਕਰੀ ਜੇ ਚਲੈ ਖਸਮੈ ਭਾਇ ॥ ਹੁਰਮਤਿ ਤਿਸ ਨੋ ਅਗਲੀ ਓਹੁ ਵਜਹੁ ਭਿ ਦੂਣਾ ਖਾਇ ॥ ਖਸਮੈ ਕਰੇ ਬਰਾਬਰੀ ਫਿਰਿ ਗੈਰਤਿ ਅੰਦਰਿ ਪਾਇ ॥ ਵਜਹੁ ਗਵਾਏ ਅਗਲਾ ਮੁਹੇ ਮੁਹਿ ਪਾਣਾ ਖਾਇ ॥ ਜਿਸ ਦਾ ਦਿਤਾ ਖਾਵਣਾ ਤਿਸੁ ਕਹੀਐ ਸਾਬਾਸਿ ॥ ਨਾਨਕ ਹੁਕਮੁ ਨ ਚਲਈ ਨਾਲਿ ਖਸਮ ਚਲੈ ਅਰਦਾਸਿ ॥੨੨॥

PAUREE: You Yourself created the creation; You Yourself infused Your power into it. You behold Your creation, like the losing and winning dice of the earth. Whoever has come, shall depart; all shall have their turn. He who owns our soul, and our very breath of life — why should we forget that Lord and Master from our minds? With our own hands, let us resolve our own affairs. ||20|| SHALOK, SECOND MEHL: What sort of love is this, which clings to duality? O Nanak, he alone is called a lover, who remains forever immersed in absorption. But one who feels good only when good is done for him, and feels bad when things go badly — do not call him a lover. He trades only for his own account. ||1|| SECOND MEHL: One who offers both respectful greetings and rude refusal to his master, has gone wrong from the very beginning. O Nanak, both of his actions are false; he obtains no place in the Court of the Lord. ||2|| PAUREE: Serving Him, peace is obtained; meditate and dwell upon that Lord and Master forever. Why do you do such evil deeds, that you shall have to suffer so? Do not do any evil at all; look ahead to the future with foresight. So throw the dice in such a way, that you shall not lose with your Lord and Master. Do those deeds which shall bring you profit. ||21|| SHALOK, SECOND MEHL: If a servant performs service, while being vain and argumentative, he may talk as much as he wants, but he shall not be pleasing to his Master. But if he eliminates his self-conceit and then performs service, he shall be honored. O Nanak, if he merges with the one with whom he is attached, his attachment becomes acceptable. ||1|| SECOND MEHL: Whatever is in the mind, comes forth; spoken words by themselves are just wind. He sows seeds of poison, and demands Ambrosial Nectar. Behold — what justice is this? ||2|| SECOND MEHL: Friendship with a fool never works out right. As he knows, he acts; behold, and see that it is so. One thing can be absorbed into another thing, but duality keeps them apart. No one can issue commands to the Lord Master; offer instead humble prayers. Practicing falsehood, only falsehood is obtained. O Nanak, through the Lord's Praise, one blossoms forth. ||3|| SECOND MEHL: Friendship with a fool, and love with a pompous person, are like lines drawn in water, leaving no trace or mark. ||4|| SECOND MEHL: If a fool does a job, he cannot do it right. Even if he does something right, he does the next thing wrong. ||5|| PAUREE: If a servant, performing service, obeys the Will of his Master, his honor increases, and he receives double his wages. But if he claims to be equal to his Master, he earns his Master's displeasure. He loses his entire salary, and is also beaten on his face with shoes. Let us all celebrate Him, from whom we receive our nourishment. O Nanak, no one can issue commands to the Lord Master; let us offer prayers instead. ||22||

ਸਲੋਕੁ ਮਹਲਾ ੨ ॥ ਏਹ ਕਿਨੇਹੀ ਦਾਤਿ ਆਪਸ ਤੇ ਜੋ ਪਾਈਐ ॥ ਨਾਨਕ ਸਾ ਕਰਮਾਤਿ ਸਾਹਿਬ ਤੁਠੈ ਜੋ ਮਿਲੈ ॥੧॥ ਮਹਲਾ ੨ ॥ ਏਹ ਕਿਨੇਹੀ ਚਾਕਰੀ ਜਿਤੁ ਭਉ ਖਸਮ ਨ ਜਾਇ ॥ ਨਾਨਕ ਸੇਵਕੁ ਕਾਢੀਐ ਜਿ ਸੇਤੀ ਖਸਮ ਸਮਾਇ ॥੨॥ ਪਉੜੀ ॥ ਨਾਨਕ ਅੰਤ ਨ ਜਾਪਨ੍ਹੀ ਹਰਿ ਤਾ ਕੇ ਪਾਰਾਵਾਰ ॥ ਆਪਿ ਕਰਾਏ ਸਾਖਤੀ ਫਿਰਿ ਆਪਿ ਕਰਾਏ ਮਾਰ ॥ ਇਕਨ੍ਹਾ ਗਲੀ ਜੰਜੀਰੀਆ ਇਕਿ ਤੁਰੀ ਚੜਹਿ ਬਿਸੀਆਰ ॥ ਆਪਿ ਕਰਾਏ ਕਰੇ ਆਪਿ ਹਉ ਕੈ ਸਿਉ ਕਰੀ ਪੁਕਾਰ ॥ ਨਾਨਕ ਕਰਣਾ ਜਿਨਿ ਕੀਆ ਫਿਰਿ ਤਿਸ ਹੀ ਕਰਣੀ ਸਾਰ ॥੨੩॥ ਸਲੋਕੁ ਮਃ ੧ ॥ ਆਪੇ ਭਾਂਡੇ ਸਾਜਿਅਨੁ ਆਪੇ ਪੂਰਣੁ ਦੇਇ ॥ ਇਕਨ੍ਹੀ ਦੁਧੁ ਸਮਾਈਐ ਇਕਿ ਚੁਲ੍ਹੈ ਰਹਨ੍ਹਿ ਚੜੇ ॥ ਇਕਿ ਨਿਹਾਲੀ ਪੈ ਸਵਨ੍ਹਿ ਇਕਿ ਉਪਰਿ ਰਹਨਿ ਖੜੇ ॥ ਤਿਨ੍ਹਾ ਸਵਾਰੇ ਨਾਨਕਾ ਜਿਨ੍ਹ ਕਉ ਨਦਰਿ ਕਰੇ ॥੧॥ ਮਹਲਾ ੨ ॥ ਆਪੇ ਸਾਜੇ ਕਰੇ ਆਪਿ ਜਾਈ ਭਿ ਰਖੈ ਆਪਿ ॥ ਤਿਸੁ ਵਿਚਿ ਜੰਤ ਉਪਾਇ ਕੈ ਦੇਖੈ ਥਾਪਿ ਉਥਾਪਿ ॥ ਕਿਸ ਨੋ ਕਹੀਐ ਨਾਨਕਾ ਸਭੁ ਕਿਛੁ ਆਪੇ ਆਪਿ ॥੨॥ ਪਉੜੀ ॥ ਵਡੇ ਕੀਆ ਵਡਿਆਈਆ ਕਿਛੁ ਕਹਣਾ ਕਹਣੁ ਨ ਜਾਇ ॥ ਸੋ ਕਰਤਾ ਕਾਦਰ ਕਰੀਮੁ ਦੇ ਜੀਆ ਰਿਜਕੁ ਸੰਬਾਹਿ ॥ ਸਾਈ ਕਾਰ ਕਮਾਵਣੀ ਧੁਰਿ ਛੋਡੀ ਤਿੰਨੈ ਪਾਇ ॥ ਨਾਨਕ ਏਕੀ ਬਾਹਰੀ ਹੋਰ ਦੂਜੀ ਨਾਹੀ ਜਾਇ ॥ ਸੋ ਕਰੇ ਜਿ ਤਿਸੈ ਰਜਾਇ ॥੨੪॥੧॥ ਸੁਧੁ

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ ॥ ਰਾਗੁ ਆਸਾ ਬਾਣੀ ਭਗਤਾ ਕੀ ॥ ਕਬੀਰ ਜੀਉ ਨਾਮਦੇਉ ਜੀਉ ਰਵਿਦਾਸ ਜੀਉ ॥ ਆਸਾ ਸ੍ਰੀ ਕਬੀਰ ਜੀਉ ॥

ਗੁਰ ਚਰਣ ਲਾਗਿ ਹਮ ਬਿਨਵਤਾ ਪੂਛਤ ਕਹ ਜੀਉ ਪਾਇਆ ॥ ਕਵਨ ਕਾਜਿ ਜਗੁ ਉਪਜੈ ਬਿਨਸੈ ਕਹਹੁ ਮੋਹਿ ਸਮਝਾਇਆ ॥੧॥ ਦੇਵ ਕਰਹੁ ਦਇਆ ਮੋਹਿ ਮਾਰਗਿ ਲਾਵਹੁ ਜਿਤੁ ਭੈ ਬੰਧਨ ਤੂਟੈ ॥ ਜਨਮ ਮਰਨ ਦੁਖ ਫੇੜ ਕਰਮ ਸੁਖ ਜੀਅ ਜਨਮ ਤੇ ਛੂਟੈ ॥੧॥ ਰਹਾਉ ॥ ਮਾਇਆ ਫਾਸ ਬੰਧ ਨਹੀ ਫਾਰੈ ਅਰੁ ਮਨ ਸੁੰਨਿ ਨ ਲੂਕੇ ॥ ਆਪਾ ਪਦੁ ਨਿਰਬਾਣੁ ਨ ਚੀਨ੍ਹਿਆ ਇਨ ਬਿਧਿ ਅਭਿਉ ਨ ਚੂਕੇ ॥੨॥ ਕਹੀ ਨ ਉਪਜੈ ਉਪਜੀ ਜਾਣੈ ਭਾਵ ਅਭਾਵ ਬਿਹੂਣਾ ॥ ਉਦੈ ਅਸਤ ਕੀ ਮਨ ਬੁਧਿ ਨਾਸੀ ਤਉ ਸਦਾ ਸਹਜਿ ਲਿਵ ਲੀਣਾ ॥੩॥ ਜਿਉ ਪ੍ਰਤਿਬਿੰਬੁ ਬਿੰਬ ਕਉ ਮਿਲੀ ਹੈ ਉਦਕ ਕੁੰਭੁ ਬਿਗਰਾਨਾ ॥ ਕਹੁ ਕਬੀਰ ਐਸਾ ਗੁਣ ਭ੍ਰਮੁ ਭਾਗਾ ਤਉ ਮਨੁ ਸੁੰਨਿ ਸਮਾਨਾਂ ॥੪॥੧॥

SHALOK, SECOND MEHL: What sort of gift is this, which we receive only by our own asking? O Nanak, that is the most wonderful gift, which is received from the Lord, when He is totally pleased. ||1|| SECOND MEHL: What sort of service is this, by which the fear of the Lord Master does not depart? O Nanak, he alone is called a servant, who merges with the Lord Master. ||2|| PAUREE: O Nanak, the Lord's limits cannot be known; He has no end or limitation. He Himself creates, and then He Himself destroys. Some have chains around their necks, while some ride on many horses. He Himself acts, and He Himself causes us to act. Unto whom should I complain? O Nanak, the One who created the creation — He Himself takes care of it. ||23|| SHALOK, FIRST MEHL: He Himself fashioned the vessel of the body, and He Himself fills it. Into some, milk is poured, while others remain on the fire. Some lie down and sleep on soft beds, while others remain watchful. He adorns those, O Nanak, upon whom He casts His Glance of Grace. ||1|| SECOND MEHL: He Himself creates and fashions the world, and He Himself keeps it in order. Having created the beings within it, He oversees their birth and death. Unto whom should we speak, O Nanak, when He Himself is all-in-all? ||2|| PAUREE: The description of the greatness of the Great Lord cannot be described. He is the Creator, all-lowerful and benevolent; He gives sustenance to all beings. The mortal does that work, which has been pre-destined from the very beginning. O Nanak, except for the One Lord, there is no other place at all. He does whatever He wills. ||24||1|| SUDH||

ONE UNIVERSAL CREATOR GOD. TRUTH IS THE NAME. CREATIVE BEING PERSONIFIED. NO FEAR. NO HATRED. IMAGE OF THE UNDYING. BEYOND BIRTH. SELF-EXISTENT. BY GURU'S GRACE: RAAG AASAA, THE WORD OF THE DEVOTEES: KABEER, NAAM DAYV AND RAVI DAAS.

AASAA, KABEER JEE:

Falling at the Feet of the Guru, I pray, and ask Him, "Why was man created? What deeds cause the world to come into being, and be destroyed? Tell me, that I may understand."||1|| O Divine Guru, please, show Mercy to me, and place me on the right path, by which the bonds of fear may be cut away. The pains of birth and death come from past actions and karma; peace comes when the soul finds release from reincarnation. ||1|| Pause|| The mortal does not break free from the bonds of the noose of Maya, and he does not seek the shelter of the profound, absolute Lord. He does not realize the dignity of the self, and Nirvaanaa; because of this, his doubt does not depart. ||2|| The soul is not born, even though he thinks it is born; it is free from birth and death. When the mortal gives up his ideas of birth and death, he remains constantly absorbed in the Lord's Love. ||3|| As the reflection of an object blends in the water when the pitcher is broken, says Kabeer, just so virtue dispels doubt, and then the soul is absorbed in the profound, absolute Lord. ||4||1||

ਆਸਾ ॥ ਗਜ ਸਾਢੇ ਤੈ ਤੈ ਧੋਤੀਆ ਤਿਹਰੇ ਪਾਇਨਿ ਤਗ ॥ ਗਲੀ ਜਿਨ੍ਾ ਜਪਮਾਲੀਆ ਲੋਟੇ ਹਥਿ ਨਿਬਗ ॥ ਓਇ ਹਰਿ ਕੇ ਸੰਤ ਨ ਆਖੀਅਹਿ ਬਾਨਾਰਸਿ ਕੇ ਠਗ ॥੧॥ ਐਸੇ ਸੰਤ ਨ ਮੋ ਕਉ ਭਾਵਹਿ ॥ ਡਾਲਾ ਸਿਉ ਪੇਡਾ ਗਟਕਾਵਹਿ ॥੧॥ ਰਹਾਉ ॥ ਬਾਸਨ ਮਾਂਜਿ ਚਰਾਵਹਿ ਊਪਰਿ ਕਾਠੀ ਧੋਇ ਜਲਾਵਹਿ ॥ ਬਸੁਧਾ ਖੋਦਿ ਕਰਹਿ ਦੁਇ ਚੂਲ੍ੇ ਸਾਰੇ ਮਾਣਸ ਖਾਵਹਿ ॥੨॥ ਓਇ ਪਾਪੀ ਸਦਾ ਫਿਰਹਿ ਅਪਰਾਧੀ ਮੁਖਹੁ ਅਪਰਸ ਕਹਾਵਹਿ ॥ ਸਦਾ ਸਦਾ ਫਿਰਹਿ ਅਭਿਮਾਨੀ ਸਗਲ ਕੁਟੰਬ ਡੁਬਾਵਹਿ ॥੩॥ ਜਿਤੁ ਕੋ ਲਾਇਆ ਤਿਤ ਹੀ ਲਾਗਾ ਤੈਸੇ ਕਰਮ ਕਮਾਵੈ ॥ ਕਹੁ ਕਬੀਰ ਜਿਸੁ ਸਤਿਗੁਰੁ ਭੇਟੈ ਪੁਨਰਪਿ ਜਨਮਿ ਨ ਆਵੈ ॥੪॥੨॥ ਆਸਾ ॥ ਬਾਪਿ ਦਿਲਾਸਾ ਮੇਰੋ ਕੀਨ੍ਾ ॥ ਸੇਜ ਸੁਖਾਲੀ ਮੁਖਿ ਅੰਮ੍ਰਿਤੁ ਦੀਨ੍ਾ ॥ ਤਿਸੁ ਬਾਪ ਕਉ ਕਿਉ ਮਨਹੁ ਵਿਸਾਰੀ ॥ ਆਗੈ ਗਇਆ ਨ ਬਾਜੀ ਹਾਰੀ ॥੧॥ ਮੁਈ ਮੇਰੀ ਮਾਈ ਹਉ ਖਰਾ ਸੁਖਾਲਾ ॥ ਪਹਿਰਉ ਨਹੀ ਦਗਲੀ ਲਗੈ ਨ ਪਾਲਾ ॥੧॥ ਰਹਾਉ ॥ ਬਲਿ ਤਿਸੁ ਬਾਪੈ ਜਿਨਿ ਹਉ ਜਾਇਆ ॥ ਪੰਚਾ ਤੇ ਮੇਰਾ ਸੰਗੁ ਚੁਕਾਇਆ ॥ ਪੰਚ ਮਾਰਿ ਪਾਵਾ ਤਲਿ ਦੀਨੇ ॥ ਹਰਿ ਸਿਮਰਨਿ ਮੇਰਾ ਮਨੁ ਤਨੁ ਭੀਨੇ ॥੨॥ ਪਿਤਾ ਹਮਾਰੋ ਵਡ ਗੋਸਾਈ ॥ ਤਿਸੁ ਪਿਤਾ ਪਹਿ ਹਉ ਕਿਉ ਕਰਿ ਜਾਈ ॥ ਸਤਿਗੁਰ ਮਿਲੇ ਤ ਮਾਰਗੁ ਦਿਖਾਇਆ ॥ ਜਗਤ ਪਿਤਾ ਮੇਰੈ ਮਨਿ ਭਾਇਆ ॥੩॥ ਹਉ ਪੂਤੁ ਤੇਰਾ ਤੂੰ ਬਾਪੁ ਮੇਰਾ ॥ ਏਕੈ ਠਾਹਰ ਦੁਹਾ ਬਸੇਰਾ ॥ ਕਹੁ ਕਬੀਰ ਜਨਿ ਏਕੋ ਬੂਝਿਆ ॥ ਗੁਰ ਪ੍ਰਸਾਦਿ ਮੈ ਸਭੁ ਕਿਛੁ ਸੂਝਿਆ ॥੪॥੩॥ ਆਸਾ ॥ ਇਕਤੁ ਪਤਰਿ ਭਰਿ ਉਰਕਟ ਕੁਰਕਟ ਇਕਤੁ ਪਤਰਿ ਭਰਿ ਪਾਨੀ ॥ ਆਸਿ ਪਾਸਿ ਪੰਚ ਜੋਗੀਆ ਬੈਠੇ ਬੀਚਿ ਨਕਟ ਦੇ ਰਾਨੀ ॥੧॥ ਨਕਟੀ ਕੋ ਠਨਗਨੁ ਬਾਡਾ ਡੂੰ ॥ ਕਿਨਹਿ ਬਿਬੇਕੀ ਕਾਟੀ ਤੂੰ ॥੧॥ ਰਹਾਉ ॥ ਸਗਲ ਮਾਹਿ ਨਕਟੀ ਕਾ ਵਾਸਾ ਸਗਲ ਮਾਰਿ ਅਉਹੇਰੀ ॥ ਸਗਲਿਆ ਕੀ ਹਉ ਬਹਿਨ ਭਾਨਜੀ ਜਿਨਹਿ ਬਰੀ ਤਿਸੁ ਚੇਰੀ ॥੨॥ ਹਮਰੋ ਭਰਤਾ ਬਡੋ ਬਿਬੇਕੀ ਆਪੇ ਸੰਤੁ ਕਹਾਵੈ ॥ ਓਹੁ ਹਮਾਰੈ ਮਾਥੈ ਕਾਇਮੁ ਅਉਰੁ ਹਮਰੈ ਨਿਕਟਿ ਨ ਆਵੈ ॥੩॥ ਨਾਕਹੁ ਕਾਟੀ ਕਾਨਹੁ ਕਾਟੀ ਕਾਟਿ ਕੂਟਿ ਕੈ ਡਾਰੀ ॥ ਕਹੁ ਕਬੀਰ ਸੰਤਨ ਕੀ ਬੈਰਨਿ ਤੀਨਿ ਲੋਕ ਕੀ ਪਿਆਰੀ ॥੪॥੪॥ ਆਸਾ ॥ ਜੋਗੀ ਜਤੀ ਤਪੀ ਸੰਨਿਆਸੀ ਬਹੁ ਤੀਰਥ ਭ੍ਰਮਨਾ ॥ ਲੁੰਜਿਤ ਮੁੰਜਿਤ ਮੋਨਿ ਜਟਾਧਰ ਅੰਤਿ ਤਊ ਮਰਨਾ ॥੧॥ ਤਾ ਤੇ ਸੇਵੀਅਲੇ ਰਾਮਨਾ ॥ ਰਸਨਾ ਰਾਮ ਨਾਮ ਹਿਤੁ ਜਾ ਕੈ ਕਹਾ ਕਰੈ ਜਮਨਾ ॥੧॥ ਰਹਾਉ ॥

AASAA: They wear loin cloths, three and a half yards long, and triple-wound sacred threads. They have rosaries around their necks, and they carry glittering jugs in their hands. They are not called Saints of the Lord — they are thugs of Benares. ||1|| Such 'saints' are not pleasing to me; they eat the trees along with the branches. ||1|| Pause|| They wash their pots and pans before putting them on the stove, and they wash the wood before lighting it. They dig up the earth and make two fireplaces, but they eat the whole person! ||2|| Those sinners continually wander in evil deeds, while they call themselves touch-nothing saints. They wander around forever and ever in their self-conceit, and all their families are drowned. ||3|| He is attached to that, to which the Lord has attached him, and he acts accordingly. Says Kabeer, one who meets the True Guru, is not reincarnated again. ||4||2|| AASAA: My Father has comforted me. He has given me a cozy bed, and placed His Ambrosial Nectar in my mouth. How could I forget that Father from my mind? When I go to the world hereafter, I shall not lose the game. ||1|| Maya is dead, O mother, and I am very happy. I do not wear the patched coat, nor do I feel the chill. ||1|| Pause|| I am a sacrifice to my Father, who gave me life. He put an end to my association with the five deadly sins. I have conquered those five demons, and trampled them underfoot. Remembering the Lord in meditation, my mind and body are drenched with His Love. ||2|| My Father is the Great Lord of the Universe. How shall I go to that Father? When I met the True Guru, He showed me the Way. The Father of the Universe is pleasing to my mind. ||3|| I am Your son, and You are my Father. We both dwell in the same place. Says Kabeer, the Lord's humble servant knows only the One. By Guru's Grace, I have come to know everything. ||4||3|| AASAA: In one pot, they put a boiled chicken, and in the other pot, they put wine. The five Yogis of the Tantric ritual sit there, and in their midst sits the noseless one, the shameless queen. ||1|| The bell of the shameless queen, Maya, rings in both worlds. Some rare person of discriminating wisdom has cut off your nose. ||1|| Pause|| Within all dwells the noseless Maya, who kills all, and destroys them. She says, "I am the sister, and the daughter of the sister of everyone; I am the hand-maiden of one who marries me."||2|| My Husband is the Great One of discriminating wisdom; He alone is called a Saint. He stands by me, and no one else comes near me. ||3|| I have cut off her nose, and cut off her ears, and cutting her into bits, I have expelled her. Says Kabeer, she is the darling of the three worlds, but the enemy of the Saints. ||4||4|| AASAA: The Yogis, celibates, penitents and Sannyaasees make pilgrimages to all the sacred places. The Jains with shaven heads, the silent ones, the beggars with matted hair — in the end, they all shall die. ||1|| Meditate, therefore, on the Lord. What can the Messenger of Death do to one whose tongue loves the Name of the Lord? ||1|| Pause||

ਆਗਮ ਨਿਰਗਮ ਜੋਤਿਕ ਜਾਨਹਿ ਬਹੁ ਬਹੁ ਬਿਆਕਰਨਾ ॥ ਤੰਤ ਮੰਤ੍ਰ ਸਭ ਅਉਖਧ ਜਾਨਹਿ ਅੰਤਿ ਤਊ ਮਰਨਾ ॥੨॥ ਰਾਜ ਭੋਗ ਅਰੁ ਛਤ੍ਰ ਸਿੰਘਾਸਨ ਬਹੁ ਸੁੰਦਰਿ ਰਮਨਾ ॥ ਪਾਨ ਕਪੂਰ ਸੁਬਾਸਕ ਚੰਦਨ ਅੰਤਿ ਤਊ ਮਰਨਾ ॥੩॥ ਬੇਦ ਪੁਰਾਨ ਸਿੰਮ੍ਰਿਤਿ ਸਭ ਖੋਜੇ ਕਹੂ ਨ ਊਬਰਨਾ ॥ ਕਹੁ ਕਬੀਰ ਇਉ ਰਾਮਹਿ ਜੰਪਉ ਮੇਟਿ ਜਨਮ ਮਰਨਾ ॥੪॥੫॥ ਆਸਾ ॥ ਫੀਲੁ ਰਬਾਬੀ ਬਲਦੁ ਪਖਾਵਜ ਕਊਆ ਤਾਲ ਬਜਾਵੈ ॥ ਪਹਿਰਿ ਚੋਲਨਾ ਗਦਹਾ ਨਾਚੈ ਭੈਸਾ ਭਗਤਿ ਕਰਾਵੈ ॥੧॥ ਰਾਜਾ ਰਾਮ ਕਕਰੀਆ ਬਰੇ ਪਕਾਏ ॥ ਕਿਨੈ ਬੂਝਨਹਾਰੈ ਖਾਏ ॥੧॥ ਰਹਾਉ ॥ ਬੈਠਿ ਸਿੰਘੁ ਘਰਿ ਪਾਨ ਲਗਾਵੈ ਘੀਸ ਗਲਉਰੇ ਲਿਆਵੈ ॥ ਘਰਿ ਘਰਿ ਮੁਸਰੀ ਮੰਗਲੁ ਗਾਵਹਿ ਕਛੂਆ ਸੰਖੁ ਬਜਾਵੈ ॥੨॥ ਬੰਸ ਕੋ ਪੂਤੁ ਬੀਆਹਨ ਚਲਿਆ ਸੁਇਨੇ ਮੰਡਪ ਛਾਏ ॥ ਰੂਪ ਕੰਨਿਆ ਸੁੰਦਰਿ ਬੇਧੀ ਸਸੈ ਸਿੰਘ ਗੁਨ ਗਾਏ ॥੩॥ ਕਹਤ ਕਬੀਰ ਸੁਨਹੁ ਰੇ ਸੰਤਹੁ ਕੀਟੀ ਪਰਬਤੁ ਖਾਇਆ ॥ ਕਛੂਆ ਕਹੈ ਅੰਗਾਰ ਭਿ ਲੋਰਉ ਲੂਕੀ ਸਬਦੁ ਸੁਨਾਇਆ ॥੪॥੬॥ ਆਸਾ ॥ ਬਟੂਆ ਏਕੁ ਬਹਤਰਿ ਆਧਾਰੀ ਏਕੋ ਜਿਸਹਿ ਦੁਆਰਾ ॥ ਨਵੈ ਖੰਡ ਕੀ ਪ੍ਰਿਥਮੀ ਮਾਗੈ ਸੋ ਜੋਗੀ ਜਗਿ ਸਾਰਾ ॥੧॥ ਐਸਾ ਜੋਗੀ ਨਉ ਨਿਧਿ ਪਾਵੈ ॥ ਤਲ ਕਾ ਬ੍ਰਹਮੁ ਲੇ ਗਗਨਿ ਚਰਾਵੈ ॥੧॥ ਰਹਾਉ ॥ ਖਿੰਥਾ ਗਿਆਨ ਧਿਆਨ ਕਰਿ ਸੂਈ ਸਬਦੁ ਤਾਗਾ ਮਥਿ ਘਾਲੈ ॥ ਪੰਚ ਤਤੁ ਕੀ ਕਰਿ ਮਿਰਗਾਣੀ ਗੁਰ ਕੈ ਮਾਰਗਿ ਚਾਲੈ ॥੨॥ ਦਇਆ ਫਾਹੁਰੀ ਕਾਇਆ ਕਰਿ ਧੂਈ ਦ੍ਰਿਸਟਿ ਕੀ ਅਗਨਿ ਜਲਾਵੈ ॥ ਤਿਸ ਕਾ ਭਾਉ ਲਏ ਰਿਦ ਅੰਤਰਿ ਚਹੁ ਜੁਗ ਤਾੜੀ ਲਾਵੈ ॥੩॥ ਸਭ ਜੋਗਤਣ ਰਾਮ ਨਾਮੁ ਹੈ ਜਿਸ ਕਾ ਪਿੰਡੁ ਪਰਾਨਾ ॥ ਕਹੁ ਕਬੀਰ ਜੇ ਕਿਰਪਾ ਧਾਰੈ ਦੇਇ ਸਚਾ ਨੀਸਾਨਾ ॥੪॥੭॥ ਆਸਾ ॥ ਹਿੰਦੂ ਤੁਰਕ ਕਹਾ ਤੇ ਆਏ ਕਿਨਿ ਏਹ ਰਾਹ ਚਲਾਈ ॥ ਦਿਲ ਮਹਿ ਸੋਚਿ ਬਿਚਾਰਿ ਕਵਾਦੇ ਭਿਸਤ ਦੋਜਕ ਕਿਨਿ ਪਾਈ ॥੧॥ ਕਾਜੀ ਤੈ ਕਵਨ ਕਤੇਬ ਬਖਾਨੀ ॥ ਪੜ੍ਹਤ ਗੁਨਤ ਐਸੇ ਸਭ ਮਾਰੇ ਕਿਨਹੂੰ ਖਬਰਿ ਨ ਜਾਨੀ ॥੧॥ ਰਹਾਉ ॥ ਸਕਤਿ ਸਨੇਹੁ ਕਰਿ ਸੁੰਨਤਿ ਕਰੀਐ ਮੈ ਨ ਬਦਉਗਾ ਭਾਈ ॥ ਜਉ ਰੇ ਖੁਦਾਇ ਮੋਹਿ ਤੁਰਕੁ ਕਰੈਗਾ ਆਪਨ ਹੀ ਕਟਿ ਜਾਈ ॥੨॥ ਸੁੰਨਤਿ ਕੀਏ ਤੁਰਕੁ ਜੇ ਹੋਇਗਾ ਅਉਰਤ ਕਾ ਕਿਆ ਕਰੀਐ ॥ ਅਰਧ ਸਰੀਰੀ ਨਾਰਿ ਨ ਛੋਡੈ ਤਾ ਤੇ ਹਿੰਦੂ ਹੀ ਰਹੀਐ ॥੩॥ ਛਾਡਿ ਕਤੇਬ ਰਾਮੁ ਭਜੁ ਬਉਰੇ ਜੁਲਮ ਕਰਤ ਹੈ ਭਾਰੀ ॥ ਕਬੀਰੈ ਪਕਰੀ ਟੇਕ ਰਾਮ ਕੀ ਤੁਰਕ ਰਹੇ ਪਚਿਹਾਰੀ ॥੪॥੮॥

Those who know the Shaastras and the Vedas, astrology and the rules of grammar of many languages; those who know Tantras and mantras and all medicines — even they shall die in the end. ||2|| Those who enjoy regal power and rule, royal canopies and thrones, many beautiful women, betel nuts, camphor and fragrant sandalwood oil — in the end, they too shall die. ||3|| I have searched all the Vedas, Puraanas and Simritees, but none of these can save anyone. Says Kabeer, meditate on the Lord, and eliminate birth and death. ||4||5|| AASAA: The elephant is the guitar player, the ox is the drummer, and the crow plays the cymbals. Putting on the skirt, the donkey dances around, and the water buffalo performs devotional worship. ||1|| The Lord, the King, has cooked the cakes of ice, but only the rare man of understanding eats them. ||1|| Pause|| Sitting in his den, the lion prepares the betel leaves, and the muskrat brings the betel nuts. Going from house to house, the mouse sings the songs of joy, and the turtle blows on the conch-shell. ||2|| The son of the sterile woman goes to get married, and the golden canopy is spread out for him. He marries a beautiful and enticing young woman; the rabbit and the lion sing their praises. ||3|| Says Kabeer, listen, O Saints — the ant has eaten the mountain. The turtle says, “I need a burning coal, also.” Listen to this mystery of the Shabad. ||4||6|| AASAA: The body is a bag with seventy-two chambers, and one opening, the Tenth Gate. He alone is a real Yogi on this earth, who asks for the primal world of the nine regions. ||1|| Such a Yogi obtains the nine treasures. He lifts his soul up from below, to the skies of the Tenth Gate. ||1|| Pause|| He makes spiritual wisdom his patched coat, and meditation his needle. He twists the thread of the Word of the Shabad. Making the five elements his deer skin to sit on, he walks on the Guru’s Path. ||2|| He makes compassion his shovel, his body the firewood, and he kindles the fire of divine vision. He places love within his heart, and he remains in deep meditation throughout the four ages. ||3|| All Yoga is in the Name of the Lord; the body and the breath of life belong to Him. Says Kabeer, if God grants His Grace, He bestows the insignia of Truth. ||4||7|| AASAA: Where have the Hindus and Muslims come from? Who put them on their different paths? Think of this, and contemplate it within your mind, O men of evil intentions. Who will go to heaven and hell? ||1|| O Qazi, which book have you read? Such scholars and students have all died, and none of them have discovered the inner meaning. ||1|| Pause|| Because of the love of woman, circumcision is done; I don’t believe in it, O Siblings of Destiny. If God wished me to be a Muslim, it would be cut off by itself. ||2|| If circumcision makes one a Muslim, then what about a woman? She is the other half of a man’s body, and she does not leave him, so he remains a Hindu. ||3|| Give up your holy books, and remember the Lord, you fool, and stop oppressing others so badly. Kabeer has grasped hold of the Lord’s Support, and the Muslims have utterly failed. ||4||8||

ਆਸਾ ॥ ਜਬ ਲਗੁ ਤੇਲੁ ਦੀਵੇ ਮੁਖਿ ਬਾਤੀ ਤਬ ਸੂਝੈ ਸਭੁ ਕੋਈ ॥ ਤੇਲ ਜਲੇ ਬਾਤੀ ਠਹਰਾਨੀ ਸੂੰਨਾ ਮੰਦਰੁ ਹੋਈ ॥੧॥ ਰੇ ਬਉਰੇ ਤੁਹਿ ਘਰੀ ਨ ਰਾਖੈ ਕੋਈ ॥ ਤੂੰ ਰਾਮ ਨਾਮੁ ਜਪਿ ਸੋਈ ॥੧॥ ਰਹਾਉ ॥ ਕਾ ਕੀ ਮਾਤ ਪਿਤਾ ਕਹੁ ਕਾ ਕੋ ਕਵਨ ਪੁਰਖ ਕੀ ਜੋਈ ॥ ਘਟ ਫੂਟੇ ਕੋਊ ਬਾਤ ਨ ਪੂਛੈ ਕਾਢਹੁ ਕਾਢਹੁ ਹੋਈ ॥੨॥ ਦੇਹੁਰੀ ਬੈਠੀ ਮਾਤਾ ਰੋਵੈ ਖਟੀਆ ਲੇ ਗਏ ਭਾਈ ॥ ਲਟ ਛਿਟਕਾਏ ਤਿਰੀਆ ਰੋਵੈ ਹੰਸੁ ਇਕੇਲਾ ਜਾਈ ॥੩॥ ਕਹਤ ਕਬੀਰ ਸੁਨਹੁ ਰੇ ਸੰਤਹੁ ਭੈ ਸਾਗਰ ਕੈ ਤਾਈ ॥ ਇਸੁ ਬੰਦੇ ਸਿਰਿ ਜੁਲਮੁ ਹੋਤ ਹੈ ਜਮੁ ਨਹੀ ਹਟੈ ਗੁਸਾਈ ॥੪॥੯॥ ਦੁਤੁਕੇ

AASAA: As long as the oil and the wick are in the lamp, everything is illuminated. But when the oil is burnt, the wick goes out, and the mansion becomes desolate. ||1|| O madman, no one will keep you, for even a moment. Meditate on the Name of that Lord. ||1|| Pause|| Tell me, whose mother is that, whose father is that, and which man has a wife? When the pitcher of the body breaks, no one cares for you at all. Everyone says, "Take him away, take him away!"||2|| Sitting on the threshold, his mother cries, and his brothers take away the coffin. Taking down her hair, his wife cries out in sorrow, and the swan-soul departs all alone. ||3|| Says Kabeer, listen, O Saints, about the terrifying world-ocean. This human suffers torture and the Messenger of Death will not leave him alone, O Lord of the World. ||4||9|| DU-TUKAS||

ੴ ਸਤਿਗੁਰ ਪ੍ਰਸਾਦਿ ॥

ਆਸਾ ਸ੍ਰੀ ਕਬੀਰ ਜੀਉ ਕੇ ਚਉਪਦੇ ਇਕਤੁਕੇ ॥

ONE UNIVERSAL CREATOR GOD. BY THE GRACE OF THE TRUE GURU:

AASAA OF KABEER JEE, CHAU-PADAS, IK-TUKAS:

ਸਨਕ ਸਨੰਦ ਅੰਤੁ ਨਹੀ ਪਾਇਆ ॥ ਬੇਦ ਪੜੇ ਪੜਿ ਬ੍ਰਹਮੇ ਜਨਮੁ ਗਵਾਇਆ ॥੧॥ ਹਰਿ ਕਾ ਬਿਲੋਵਨਾ ਬਿਲੋਵਹੁ ਮੇਰੇ ਭਾਈ ॥ ਸਹਜਿ ਬਿਲੋਵਹੁ ਜੈਸੇ ਤਤੁ ਨ ਜਾਈ ॥੧॥ ਰਹਾਉ ॥ ਤਨੁ ਕਰਿ ਮਟੁਕੀ ਮਨ ਮਾਹਿ ਬਿਲੋਈ ॥ ਇਸੁ ਮਟੁਕੀ ਮਹਿ ਸਬਦੁ ਸੰਜੋਈ ॥੨॥ ਹਰਿ ਕਾ ਬਿਲੋਵਨਾ ਮਨ ਕਾ ਬੀਚਾਰਾ ॥ ਗੁਰ ਪ੍ਰਸਾਦਿ ਪਾਵੈ ਅੰਮ੍ਰਿਤ ਧਾਰਾ ॥੩॥ ਕਹੁ ਕਬੀਰ ਨਦਰਿ ਕਰੇ ਜੇ ਮੀਰਾ ॥ ਰਾਮ ਨਾਮ ਲਗਿ ਉਤਰੇ ਤੀਰਾ ॥੪॥੧॥੧੦॥ ਆਸਾ ॥ ਬਾਤੀ ਸੂਕੀ ਤੇਲੁ ਨਿਖੂਟਾ ॥ ਮੰਦਲੁ ਨ ਬਾਜੈ ਨਟੁ ਪੈ ਸੂਤਾ ॥੧॥ ਬੁਝਿ ਗਈ ਅਗਨਿ ਨ ਨਿਕਸਿਓ ਧੂੰਆ ॥ ਰਵਿ ਰਹਿਆ ਏਕੁ ਅਵਰੁ ਨਹੀ ਦੂਆ ॥੧॥ ਰਹਾਉ ॥ ਟੂਟੀ ਤੰਤੁ ਨ ਬਜੈ ਰਬਾਬੁ ॥ ਭੂਲਿ ਬਿਗਾਰਿਓ ਅਪਨਾ ਕਾਜੁ ॥੨॥ ਕਥਨੀ ਬਦਨੀ ਕਹਨੁ ਕਹਾਵਨੁ ॥ ਸਮਝਿ ਪਰੀ ਤਉ ਬਿਸਰਿਓ ਗਾਵਨੁ ॥੩॥ ਕਹਤ ਕਬੀਰ ਪੰਚ ਜੋ ਚੂਰੇ ॥ ਤਿਨ ਤੇ ਨਾਹਿ ਪਰਮ ਪਦੁ ਦੂਰੇ ॥੪॥੨॥੧੧॥ ਆਸਾ ॥ ਸੁਤੁ ਅਪਰਾਧ ਕਰਤ ਹੈ ਜੇਤੇ ॥ ਜਨਨੀ ਚੀਤਿ ਨ ਰਾਖਸਿ ਤੇਤੇ ॥੧॥ ਰਾਮਈਆ ਹਉ ਬਾਰਿਕੁ ਤੇਰਾ ॥ ਕਾਹੇ ਨ ਖੰਡਸਿ ਅਵਗਨੁ ਮੇਰਾ ॥੧॥ ਰਹਾਉ ॥ ਜੇ ਅਤਿ ਕ੍ਰੋਪ ਕਰੇ ਕਰਿ ਧਾਇਆ ॥ ਤਾ ਭੀ ਚੀਤਿ ਨ ਰਾਖਸਿ ਮਾਇਆ ॥੨॥ ਚਿੰਤ ਭਵਨਿ ਮਨੁ ਪਰਿਓ ਹਮਾਰਾ ॥ ਨਾਮ ਬਿਨਾ ਕੈਸੇ ਉਤਰਸਿ ਪਾਰਾ ॥੩॥ ਦੇਹਿ ਬਿਮਲ ਮਤਿ ਸਦਾ ਸਰੀਰਾ ॥ ਸਹਜਿ ਸਹਜਿ ਗੁਨ ਰਵੈ ਕਬੀਰਾ ॥੪॥੩॥੧੨॥ ਆਸਾ ॥ ਹਜ ਹਮਾਰੀ ਗੋਮਤੀ ਤੀਰ ॥ ਜਹਾ ਬਸਹਿ ਪੀਤੰਬਰ ਪੀਰ ॥੧॥ ਵਾਹੁ ਵਾਹੁ ਕਿਆ ਖੂਬੁ ਗਾਵਤਾ ਹੈ ॥ ਹਰਿ ਕਾ ਨਾਮੁ ਮੇਰੈ ਮਨਿ ਭਾਵਤਾ ਹੈ ॥੧॥ ਰਹਾਉ ॥

Sanak and Sanand, the sons of Brahma, could not find the Lord's limits. Brahma wasted his life away, continually reading the Vedas. ||1|| Churn the churn of the Lord, O my Siblings of Destiny. Churn it steadily, so that the essence, the butter, may not be lost. ||1|| Pause|| Make your body the churning jar, and use the stick of your mind to churn it. Gather the curds of the Word of the Shabad. ||2|| The churning of the Lord is to reflect upon Him within your mind. By Guru's Grace, the Ambrosial Nectar flows into us. ||3|| Says Kabeer, if the Lord, our King casts His Glance of Grace, one is carried across to the other side, holding fast to the Lord's Name. ||4||1||10|| AASAA: The wick has dried up, and the oil is exhausted. The drum does not sound, and the actor has gone to sleep. ||1|| The fire has gone out, and no smoke is produced. The One Lord is pervading and permeating everywhere; there is no other second. ||1|| Pause|| The string has broken, and the guitar makes no sound. He mistakenly ruins his own affairs. ||2|| When one comes to understand, he forgets his preaching, ranting and raving, and arguing. ||3|| Says Kabeer, the state of supreme dignity is never far from those who conquer the five demons of the body passions. ||4||2||11|| AASAA: As many mistakes as the son commits, his mother does not hold them against him in her mind. ||1|| O Lord, I am Your child. Why not destroy my sins? ||1|| Pause|| If the son, in anger, runs away, even then, his mother does not hold it against him in her mind. ||2|| My mind has fallen into the whirlpool of anxiety. Without the Naam, how can I cross over to the other side? ||3|| Please, bless my body with pure and lasting understanding, Lord; in peace and poise, Kabeer chants the Praises of the Lord. ||4||3||12|| AASAA: My pilgrimage to Mecca is on the banks of the Gomati River; the spiritual teacher in his yellow robes dwells there. ||1|| Waaho! Waaho! Hail! Hail! How wondrously he sings. The Name of the Lord is pleasing to my mind. ||1|| Pause||

ਨਾਰਦ ਸਾਰਦ ਕਰਹਿ ਖਵਾਸੀ ॥ ਪਾਸਿ ਬੈਠੀ ਬੀਬੀ ਕਵਲਾ ਦਾਸੀ ॥੨॥ ਕੰਠੇ ਮਾਲਾ ਜਿਹਵਾ ਰਾਮੁ ॥ ਸਹੰਸ ਨਾਮੁ ਲੈ ਲੈ ਕਰਉ ਸਲਾਮੁ ॥੩॥ ਕਹਤ ਕਬੀਰ ਰਾਮ ਗੁਨ ਗਾਵਉ ॥ ਹਿੰਦੂ ਤੁਰਕ ਦੋਊ ਸਮਝਾਵਉ ॥੪॥੪॥੧੩॥

ਆਸਾ ਸ੍ਰੀ ਕਬੀਰ ਜੀਉ ਕੇ ਪੰਚਪਦੇ ੯ ਦੁਤੁਕੇ ੫
ੴ ਸਤਿਗੁਰ ਪ੍ਰਸਾਦਿ ॥

ਪਾਤੀ ਤੋਰੈ ਮਾਲਿਨੀ ਪਾਤੀ ਪਾਤੀ ਜੀਉ ॥ ਜਿਸੁ ਪਾਹਨ ਕਉ ਪਾਤੀ ਤੋਰੈ ਸੋ ਪਾਹਨ ਨਿਰਜੀਉ ॥੧॥ ਭੂਲੀ ਮਾਲਨੀ ਹੈ ਏਉ ॥ ਸਤਿਗੁਰੁ ਜਾਗਤਾ ਹੈ ਦੇਉ ॥੧॥ ਰਹਾਉ ॥ ਬ੍ਰਹਮੁ ਪਾਤੀ ਬਿਸਨੁ ਡਾਰੀ ਫੂਲ ਸੰਕਰਦੇਉ ॥ ਤੀਨਿ ਦੇਵ ਪ੍ਰਤਖਿ ਤੋਰਹਿ ਕਰਹਿ ਕਿਸ ਕੀ ਸੇਉ ॥੨॥ ਪਾਖਾਨ ਗਢਿ ਕੈ ਮੂਰਤਿ ਕੀਨ੍ਹੀ ਦੇ ਕੈ ਛਾਤੀ ਪਾਉ ॥ ਜੇ ਏਹ ਮੂਰਤਿ ਸਾਚੀ ਹੈ ਤਉ ਗੜ੍ਹਣਹਾਰੇ ਖਾਉ ॥੩॥ ਭਾਤੁ ਪਹਿਤਿ ਅਰੁ ਲਾਪਸੀ ਕਰਕਰਾ ਕਾਸਾਰੁ ॥ ਭੋਗਨਹਾਰੇ ਭੋਗਿਆ ਇਸੁ ਮੂਰਤਿ ਕੇ ਮੁਖ ਛਾਰੁ ॥੪॥ ਮਾਲਿਨਿ ਭੂਲੀ ਜਗੁ ਭੁਲਾਨਾ ਹਮ ਭੁਲਾਨੇ ਨਾਹਿ ॥ ਕਹੁ ਕਬੀਰ ਹਮ ਰਾਮ ਰਾਖੇ ਕ੍ਰਿਪਾ ਕਰਿ ਹਰਿ ਰਾਇ ॥੫॥੧॥੧੪॥ ਆਸਾ ॥ ਬਾਰਹ ਬਰਸ ਬਾਲਪਨ ਬੀਤੇ ਬੀਸ ਬਰਸ ਕਛੁ ਤਪੁ ਨ ਕੀਓ ॥ ਤੀਸ ਬਰਸ ਕਛੁ ਦੇਵ ਨ ਪੂਜਾ ਫਿਰਿ ਪਛੁਤਾਨਾ ਬਿਰਧਿ ਭਇਓ ॥੧॥ ਮੇਰੀ ਮੇਰੀ ਕਰਤੇ ਜਨਮੁ ਗਇਓ ॥ ਸਾਇਰੁ ਸੋਖਿ ਭੁਜੰ ਬਲਇਓ ॥੧॥ ਰਹਾਉ ॥ ਸੂਕੇ ਸਰਵਰਿ ਪਾਲਿ ਬੰਧਾਵੈ ਲੂਣੈ ਖੇਤਿ ਹਥ ਵਾਰਿ ਕਰੈ ॥ ਆਇਓ ਚੋਰੁ ਤੁਰੰਤਹ ਲੇ ਗਇਓ ਮੇਰੀ ਰਾਖਤ ਮੁਗਧੁ ਫਿਰੈ ॥੨॥ ਚਰਨ ਸੀਸੁ ਕਰ ਕੰਪਨ ਲਾਗੇ ਨੈਨੀ ਨੀਰੁ ਅਸਾਰ ਬਹੈ ॥ ਜਿਹਵਾ ਬਚਨੁ ਸੁਧੁ ਨਹੀ ਨਿਕਸੈ ਤਬ ਰੇ ਧਰਮ ਕੀ ਆਸ ਕਰੈ ॥੩॥ ਹਰਿ ਜੀਉ ਕ੍ਰਿਪਾ ਕਰੈ ਲਿਵ ਲਾਵੈ ਲਾਹਾ ਹਰਿ ਹਰਿ ਨਾਮੁ ਲੀਓ ॥ ਗੁਰ ਪਰਸਾਦੀ ਹਰਿ ਧਨੁ ਪਾਇਓ ਅੰਤੇ ਚਲਦਿਆ ਨਾਲਿ ਚਲਿਓ ॥੪॥ ਕਹਤ ਕਬੀਰ ਸੁਨਹੁ ਰੇ ਸੰਤਹੁ ਅਨੁ ਧਨੁ ਕਛੂਐ ਲੈ ਨ ਗਇਓ ॥ ਆਈ ਤਲਬ ਗੋਪਾਲ ਰਾਇ ਕੀ ਮਾਇਆ ਮੰਦਰ ਛੋਡਿ ਚਲਿਓ ॥੫॥੨॥੧੫॥ ਆਸਾ ॥ ਕਾਹੂ ਦੀਨੇ੍ ਪਾਟ ਪਟੰਬਰ ਕਾਹੂ ਪਲਘ ਨਿਵਾਰਾ ॥ ਕਾਹੂ ਗਰੀ ਗੋਦਰੀ ਨਾਹੀ ਕਾਹੂ ਖਾਨ ਪਰਾਰਾ ॥੧॥ ਅਹਿਰਖ ਵਾਦੁ ਨ ਕੀਜੈ ਰੇ ਮਨ ॥ ਸੁਕ੍ਰਿਤੁ ਕਰਿ ਕਰਿ ਲੀਜੈ ਰੇ ਮਨ ॥੧॥ ਰਹਾਉ ॥ ਕੁਮ੍ਹਾਰੈ ਏਕ ਜੁ ਮਾਟੀ ਗੂੰਧੀ ਬਹੁ ਬਿਧਿ ਬਾਨੀ ਲਾਈ ॥ ਕਾਹੂ ਮਹਿ ਮੋਤੀ ਮੁਕਤਾਹਲ ਕਾਹੂ ਬਿਆਧਿ ਲਗਾਈ ॥੨॥

Naarada the sage, and Shaarada the goddess of knowledge, serve the Lord. The goddess Lakhshmi sits by Him as His slave. ||2|| The mala is around my neck, and the Lord's Name is upon my tongue. I repeat the Naam, the Name of the Lord, a thousand times, and bow in reverence to Him. ||3|| Says Kabeer, I sing the Glorious Praises of the Lord; I teach both Hindus and Muslims. ||4||4||13||

AASAA, KABEER JEE, 9 PANCH-PADAS, 5 DU-TUKAS:
ONE UNIVERSAL CREATOR GOD. BY THE GRACE OF THE TRUE GURU:

You tear off the leaves, O gardener, but in each and every leaf, there is life. That stone idol, for which you tear off those leaves — that stone idol is lifeless. ||1|| In this, you are mistaken, O gardener. The True Guru is the Living Lord. ||1|| Pause|| Brahma is in the leaves, Vishnu is in the branches, and Shiva is in the flowers. When you break these three gods, whose service are you performing? ||2|| The sculptor carves the stone and fashions it into an idol, placing his feet upon its chest. If this stone god was true, it would devour the sculptor for this! ||3|| Rice and beans, candies, cakes and cookies — the priest enjoys these, while he puts ashes into the mouth of the idol. ||4|| The gardener is mistaken, and the world is mistaken, but I am not mistaken. Says Kabeer, the Lord preserves me; the Lord, my King, has showered His Blessings upon me. ||5||1||14|| AASAA: Twelve years pass in childhood, and for another twenty years, he does not practice self-discipline and austerity. For another thirty years, he does not worship God in any way, and then, when he is old, he repents and regrets. ||1|| His life wastes away as he cries out, "Mine, mine!" The pool of his power has dried up. ||1|| Pause|| He makes a dam around the dried-up pool, and with his hands, he makes a fence around the harvested field. When the thief of Death comes, he quickly carries away what the fool had tried to preserve as his own. ||2|| His feet and head and hands begin to tremble, and the tears flow copiously from his eyes. His tongue has not spoken the correct words, but now, he hopes to practice religion! ||3|| If the Dear Lord shows His Mercy, one enshrines love for Him, and obtains the Profit of the Lord's Name. By Guru's Grace, he receives the wealth of the Lord's Name, which alone shall go with him, when he departs in the end. ||4|| Says Kabeer, listen, O Saints — he shall not take any other wealth with him. When the summons comes from the King, the Lord of the Universe, the mortal departs, leaving behind his wealth and mansions. ||5||2||15|| AASAA: To some, the Lord has given silks and satins, and to some, beds decorated with cotton ribbons. Some do not even have a poor patched coat, and some live in thatched huts. ||1|| Do not indulge in envy and bickering, O my mind. By continually doing good deeds, these are obtained, O my mind. ||1|| Pause|| The potter works the same clay, and colors the pots in different ways. Into some, he sets pearls, while to others, he attaches filth. ||2||

ਸੂਮਹਿ ਧਨੁ ਰਾਖਨ ਕਉ ਦੀਆ ਮੁਗਧੁ ਕਹੈ ਧਨੁ ਮੇਰਾ ॥ ਜਮ ਕਾ ਡੰਡੁ ਮੂੰਡ ਮਹਿ ਲਾਗੈ ਖਿਨ ਮਹਿ ਕਰੈ ਨਿਬੇਰਾ ॥੩॥ ਹਰਿ ਜਨੁ ਊਤਮੁ ਭਗਤੁ ਸਦਾਵੈ ਆਗਿਆ ਮਨਿ ਸੁਖੁ ਪਾਈ ॥ ਜੋ ਤਿਸੁ ਭਾਵੈ ਸਤਿ ਕਰਿ ਮਾਨੈ ਭਾਣਾ ਮੰਨਿ ਵਸਾਈ ॥੪॥ ਕਹੈ ਕਬੀਰੁ ਸੁਨਹੁ ਰੇ ਸੰਤਹੁ ਮੇਰੀ ਮੇਰੀ ਝੂਠੀ ॥ ਚਿਰਗਟ ਫਾਰਿ ਚਟਾਰਾ ਲੈ ਗਇਓ ਤਰੀ ਤਾਗਰੀ ਛੂਟੀ ॥੫॥੩॥੧੬॥ ਆਸਾ ॥ ਹਮ ਮਸਕੀਨ ਖੁਦਾਈ ਬੰਦੇ ਤੁਮ ਰਾਜਸੁ ਮਨਿ ਭਾਵੈ ॥ ਅਲਹ ਅਵਲਿ ਦੀਨ ਕੋ ਸਾਹਿਬੁ ਜੋਰੁ ਨਹੀ ਫੁਰਮਾਵੈ ॥੧॥ ਕਾਜੀ ਬੋਲਿਆ ਬਨਿ ਨਹੀ ਆਵੈ ॥੧॥ ਰਹਾਉ ॥ ਰੋਜਾ ਧਰੈ ਨਿਵਾਜ ਗੁਜਾਰੈ ਕਲਮਾ ਭਿਸਤਿ ਨ ਹੋਈ ॥ ਸਤਰਿ ਕਾਬਾ ਘਟ ਹੀ ਭੀਤਰਿ ਜੇ ਕਰਿ ਜਾਨੈ ਕੋਈ ॥੨॥ ਨਿਵਾਜ ਸੋਈ ਜੋ ਨਿਆਉ ਬਿਚਾਰੈ ਕਲਮਾ ਅਕਲਹਿ ਜਾਨੈ ॥ ਪਾਚਹੁ ਮੁਸਿ ਮੁਸਲਾ ਬਿਛਾਵੈ ਤਬ ਤਉ ਦੀਨੁ ਪਛਾਨੈ ॥੩॥ ਖਸਮੁ ਪਛਾਨਿ ਤਰਸ ਕਰਿ ਜੀਅ ਮਹਿ ਮਾਰਿ ਮਣੀ ਕਰਿ ਫੀਕੀ ॥ ਆਪੁ ਜਨਾਇ ਅਵਰ ਕਉ ਜਾਨੈ ਤਬ ਹੋਇ ਭਿਸਤ ਸਰੀਕੀ ॥੪॥ ਮਾਟੀ ਏਕ ਭੇਖ ਧਰਿ ਨਾਨਾ ਤਾ ਮਹਿ ਬ੍ਰਹਮੁ ਪਛਾਨਾ ॥ ਕਹੈ ਕਬੀਰਾ ਭਿਸਤ ਛੋਡਿ ਕਰਿ ਦੋਜਕ ਸਿਉ ਮਨੁ ਮਾਨਾ ॥੫॥੪॥੧੭॥ ਆਸਾ ॥ ਗਗਨ ਨਗਰਿ ਇਕ ਬੂੰਦ ਨ ਬਰਖੈ ਨਾਦੁ ਕਹਾ ਜੁ ਸਮਾਨਾ ॥ ਪਾਰਬ੍ਰਹਮ ਪਰਮੇਸੁਰ ਮਾਧੋ ਪਰਮ ਹੰਸੁ ਲੇ ਸਿਧਾਨਾ ॥੧॥ ਬਾਬਾ ਬੋਲਤੇ ਤੇ ਕਹਾ ਗਏ ਦੇਹੀ ਕੇ ਸੰਗਿ ਰਹਤੇ ॥ ਸੁਰਤਿ ਮਾਹਿ ਜੋ ਨਿਰਤੇ ਕਰਤੇ ਕਥਾ ਬਾਰਤਾ ਕਹਤੇ ॥੧॥ ਰਹਾਉ ॥ ਬਜਾਵਨਹਾਰੋ ਕਹਾ ਗਇਓ ਜਿਨਿ ਇਹੁ ਮੰਦਰੁ ਕੀਨ੍ਹਾ ॥ ਸਾਖੀ ਸਬਦੁ ਸੁਰਤਿ ਨਹੀ ਉਪਜੈ ਖਿੰਚਿ ਤੇਜੁ ਸਭੁ ਲੀਨ੍ਹਾ ॥੨॥ ਸ੍ਰਵਨਨ ਬਿਕਲ ਭਏ ਸੰਗਿ ਤੇਰੇ ਇੰਦ੍ਰੀ ਕਾ ਬਲੁ ਥਾਕਾ ॥ ਚਰਨ ਰਹੇ ਕਰ ਢਰਕਿ ਪਰੇ ਹੈ ਮੁਖਹੁ ਨ ਨਿਕਸੈ ਬਾਤਾ ॥੩॥ ਥਾਕੇ ਪੰਚ ਦੂਤ ਸਭ ਤਸਕਰ ਆਪ ਆਪਣੈ ਭ੍ਰਮਤੇ ॥ ਥਾਕਾ ਮਨੁ ਕੁੰਚਰ ਉਰੁ ਥਾਕਾ ਤੇਜੁ ਸੂਤੁ ਧਰਿ ਰਮਤੇ ॥੪॥ ਮਿਰਤਕ ਭਏ ਦਸੈ ਬੰਦ ਛੂਟੇ ਮਿਤ੍ਰ ਭਾਈ ਸਭ ਛੋਰੇ ॥ ਕਹਤ ਕਬੀਰਾ ਜੋ ਹਰਿ ਧਿਆਵੈ ਜੀਵਤ ਬੰਧਨ ਤੋਰੇ ॥੫॥੫॥੧੮॥ ਆਸਾ ਇਕਤੁਕੇ ੪ ॥ ਸਰਪਨੀ ਤੇ ਊਪਰਿ ਨਹੀ ਬਲੀਆ ॥ ਜਿਨਿ ਬ੍ਰਹਮਾ ਬਿਸਨੁ ਮਹਾਦੇਉ ਛਲੀਆ ॥੧॥ ਮਾਰੁ ਮਾਰੁ ਸ੍ਰਪਨੀ ਨਿਰਮਲ ਜਲਿ ਪੈਠੀ ॥ ਜਿਨਿ ਤ੍ਰਿਭਵਣੁ ਡਸੀਅਲੇ ਗੁਰ ਪ੍ਰਸਾਦਿ ਡੀਠੀ ॥੧॥ ਰਹਾਉ ॥ ਸ੍ਰਪਨੀ ਸ੍ਰਪਨੀ ਕਿਆ ਕਹਹੁ ਭਾਈ ॥ ਜਿਨਿ ਸਾਚੁ ਪਛਾਨਿਆ ਤਿਨਿ ਸ੍ਰਪਨੀ ਖਾਈ ॥੨॥ ਸ੍ਰਪਨੀ ਤੇ ਆਨ ਛੂਛ ਨਹੀ ਅਵਰਾ ॥ ਸ੍ਰਪਨੀ ਜੀਤੀ ਕਹਾ ਕਰੈ ਜਮਰਾ ॥੩॥

God gave wealth to the miser for him to preserve, but the fool calls it his own. When the Messenger of Death strikes him with his club, in an instant, everything is settled. ||3|| The Lord's humble servant is called the most exalted Saint; he obeys the Command of the Lord's Order, and obtains peace. Whatever is pleasing to the Lord, he accepts as True; he enshrines the Lord's Will within his mind. ||4|| Says Kabeer, listen, O Saints — it is false to call out, "Mine, mine." Breaking the bird cage, death takes the bird away, and only the torn threads remain. ||5||3||16|| AASAA: I am Your humble servant, Lord; Your Praises are pleasing to my mind. The Lord, the Primal Being, the Master of the poor, does not ordain that they should be oppressed. ||1|| O Qazi, it is not right to speak before Him. ||1|| Pause|| Keeping your fasts, reciting your prayers, and reading the Kalma, the Islamic creed, shall not take you to paradise. The Temple of Mecca is hidden within your mind, if you only knew it. ||2|| That should be your prayer, to administer justice. Let your Kalma be the knowledge of the unknowable Lord. Spread your prayer mat by conquering your five desires, and you shall recognize the true religion. ||3|| Recognize Your Lord and Master, and fear Him within your heart; conquer your egotism, and make it worthless. As you see yourself, see others as well; only then will you become a partner in heaven. ||4|| The clay is one, but it has taken many forms; I recognize the One Lord within them all. Says Kabeer, I have abandoned paradise, and reconciled my mind to hell. ||5||4||17|| AASAA: From the city of the Tenth Gate, the sky of the mind, not even a drop rains down. Where is the music of the sound current of the Naad, which was contained in it? The Supreme Lord God, the Transcendent Lord, the Master of wealth has taken away the Supreme Soul. ||1|| O Father, tell me: where has it gone? It used to dwell within the body, and dance in the mind, teaching and speaking. ||1|| Pause|| Where has the player gone — he who made this temple his own? No story, word or understanding is produced; the Lord has drained off all the power. ||2|| The ears, your companions, have gone deaf, and the power of your organs is exhausted. Your feet have failed, your hands have gone limp, and no words issue forth from your mouth. ||3|| Having grown weary, the five enemies and all the thieves have wandered away according to their own will. The elephant of the mind has grown weary, and the heart has grown weary as well; through its power, it used to pull the strings. ||4|| He is dead, and the bonds of the ten gates are opened; he has left all his friends and brothers. Says Kabeer, one who meditates on the Lord, breaks his bonds, even while yet alive. ||5||5||18|| AASAA, 4 IK-TUKAS: No one is more powerful than the she-serpent Maya, who deceived even Brahma, Vishnu and Shiva. ||1|| Having bitten and struck them down, she now sits in the immaculate waters. By Guru's Grace, I have seen her, who has bitten the three worlds. ||1|| Pause|| O Siblings of Destiny, why is she called a she-serpent? One who realizes the True Lord, devours the she-serpent. ||2|| No one else is more frivolous than this she-serpent. When the she-serpent is overcome, what can the Messengers of the King of Death do? ||3||

ਇਹ ਸੂਪਨੀ ਤਾ ਕੀ ਕੀਤੀ ਹੋਈ ॥ ਬਲੁ ਅਬਲੁ ਕਿਆ ਇਸ ਤੇ ਹੋਈ ॥੪॥ ਇਹ ਬਸਤੀ ਤਾ ਬਸਤ ਸਰੀਰਾ ॥ ਗੁਰ ਪ੍ਰਸਾਦਿ ਸਹਜਿ ਤਰੇ ਕਬੀਰਾ ॥੫॥੬॥੧੯॥ ਆਸਾ ॥ ਕਹਾ ਸੁਆਨ ਕਉ ਸਿਮ੍ਰਿਤਿ ਸੁਨਾਏ ॥ ਕਹਾ ਸਾਕਤ ਪਹਿ ਹਰਿ ਗੁਨ ਗਾਏ ॥੧॥ ਰਾਮ ਰਾਮ ਰਾਮ ਰਮੇ ਰਮਿ ਰਹੀਐ ॥ ਸਾਕਤ ਸਿਉ ਭੂਲਿ ਨਹੀ ਕਹੀਐ ॥੧॥ ਰਹਾਉ ॥ ਕਊਆ ਕਹਾ ਕਪੂਰ ਚਰਾਏ ॥ ਕਹ ਬਿਸੀਅਰ ਕਉ ਦੂਧੁ ਪੀਆਏ ॥੨॥ ਸਤਸੰਗਤਿ ਮਿਲਿ ਬਿਬੇਕ ਬੁਧਿ ਹੋਈ ॥ ਪਾਰਸੁ ਪਰਸਿ ਲੋਹਾ ਕੰਚਨੁ ਸੋਈ ॥੩॥ ਸਾਕਤੁ ਸੁਆਨੁ ਸਭੁ ਕਰੇ ਕਰਾਇਆ ॥ ਜੋ ਧੁਰਿ ਲਿਖਿਆ ਸੁ ਕਰਮ ਕਮਾਇਆ ॥੪॥ ਅੰਮ੍ਰਿਤੁ ਲੈ ਲੈ ਨੀਮੁ ਸਿੰਚਾਈ ॥ ਕਹਤ ਕਬੀਰ ਉਆ ਕੋ ਸਹਜੁ ਨ ਜਾਈ ॥੫॥੭॥੨੦ ॥ ਆਸਾ ॥ ਲੰਕਾ ਸਾ ਕੋਟੁ ਸਮੁੰਦ ਸੀ ਖਾਈ ॥ ਤਿਹ ਰਾਵਨ ਘਰ ਖਬਰਿ ਨ ਪਾਈ ॥੧॥ ਕਿਆ ਮਾਗਉ ਕਿਛੁ ਥਿਰੁ ਨ ਰਹਾਈ ॥ ਦੇਖਤ ਨੈਨ ਚਲਿਓ ਜਗੁ ਜਾਈ ॥੧॥ ਰਹਾਉ ॥ ਇਕੁ ਲਖੁ ਪੂਤ ਸਵਾ ਲਖੁ ਨਾਤੀ ॥ ਤਿਹ ਰਾਵਨ ਘਰ ਦੀਆ ਨ ਬਾਤੀ ॥੨॥ ਚੰਦੁ ਸੂਰਜੁ ਜਾ ਕੇ ਤਪਤ ਰਸੋਈ ॥ ਬੈਸੰਤਰੁ ਜਾ ਕੇ ਕਪਰੇ ਧੋਈ ॥੩॥ ਗੁਰਮਤਿ ਰਾਮੈ ਨਾਮਿ ਬਸਾਈ ॥ ਅਸਥਿਰੁ ਰਹੈ ਨ ਕਤਹੂੰ ਜਾਈ ॥੪॥ ਕਹਤ ਕਬੀਰ ਸੁਨਹੁ ਰੇ ਲੋਈ ॥ ਰਾਮ ਨਾਮ ਬਿਨੁ ਮੁਕਤਿ ਨ ਹੋਈ ॥੫॥੮॥੨੧॥ ਆਸਾ ॥ ਪਹਿਲਾ ਪੂਤੁ ਪਿਛੈਰੀ ਮਾਈ ॥ ਗੁਰੁ ਲਾਗੋ ਚੇਲੇ ਕੀ ਪਾਈ ॥੧॥ ਏਕੁ ਅਚੰਭਉ ਸੁਨਹੁ ਤੁਮ੍ ਭਾਈ ॥ ਦੇਖਤ ਸਿੰਘੁ ਚਰਾਵਤ ਗਾਈ ॥੧॥ ਰਹਾਉ ॥ ਜਲ ਕੀ ਮਛੁਲੀ ਤਰਵਰਿ ਬਿਆਈ ॥ ਦੇਖਤ ਕੁਤਰਾ ਲੈ ਗਈ ਬਿਲਾਈ ॥੨॥ ਤਲੈ ਰੇ ਬੈਸਾ ਊਪਰਿ ਸੂਲਾ ॥ ਤਿਸ ਕੈ ਪੇਡਿ ਲਗੇ ਫਲ ਫੂਲਾ ॥੩॥ ਘੋਰੈ ਚਰਿ ਭੈਸ ਚਰਾਵਨ ਜਾਈ ॥ ਬਾਹਰਿ ਬੈਲੁ ਗੋਨਿ ਘਰਿ ਆਈ ॥੪॥ ਕਹਤ ਕਬੀਰ ਜੁ ਇਸ ਪਦ ਬੂਝੈ ॥ ਰਾਮ ਰਮਤ ਤਿਸੁ ਸਭੁ ਕਿਛੁ ਸੂਝੈ ॥੫॥੯॥੨੨॥ ਬਾਈਸ ਚਉਪਦੇ ਤਥਾ ਪੰਚਪਦੇ

ਆਸਾ ਸ੍ਰੀ ਕਬੀਰ ਜੀਉ ਕੇ ਤਿਪਦੇ ੮ ਦੁਤੁਕੇ ੭ ਇਕਤੁਕਾ ੧
ੴ ਸਤਿਗੁਰ ਪ੍ਰਸਾਦਿ ॥

ਬਿੰਦੁ ਤੇ ਜਿਨਿ ਪਿੰਡੁ ਕੀਆ ਅਗਨਿ ਕੁੰਡ ਰਹਾਇਆ ॥ ਦਸ ਮਾਸ ਮਾਤਾ ਉਦਰਿ ਰਾਖਿਆ ਬਹੁਰਿ ਲਾਗੀ ਮਾਇਆ ॥੧॥ ਪ੍ਰਾਨੀ ਕਾਹੇ ਕਉ ਲੋਭਿ ਲਾਗੇ ਰਤਨ ਜਨਮੁ ਖੋਇਆ ॥ ਪੂਰਬ ਜਨਮਿ ਕਰਮ ਭੂਮਿ ਬੀਜੁ ਨਾਹੀ ਬੋਇਆ ॥੧॥ ਰਹਾਉ ॥ ਬਾਰਿਕ ਤੇ ਬਿਰਧਿ ਭਇਆ ਹੋਨਾ ਸੋ ਹੋਇਆ ॥ ਜਾ ਜਮੁ ਆਇ ਝੋਟ ਪਕਰੈ ਤਬਹਿ ਕਾਹੇ ਰੋਇਆ ॥੨॥

This she-serpent is created by Him. What power or weakness does she have by herself? ||4|| If she abides with the mortal, then his soul abides in his body. By Guru's Grace, Kabeer has easily crossed over. ||5||6||19|| AASAA: Why bother to read the Simritees to a dog? Why bother to sing the Lord's Praises to the faithless cynic? ||1|| Remain absorbed in the Lord's Name, Raam, Raam, Raam. Do not bother to speak of it to the faithless cynic, even by mistake. ||1|| Pause|| Why offer camphor to a crow? Why give the snake milk to drink? ||2|| Joining the Sat Sangat, the True Congregation, discriminating understanding is attained. That iron which touches the Philosopher's Stone becomes gold. ||3|| The dog, the faithless cynic, does everything as the Lord causes him to do. He does the deeds pre-ordained from the very beginning. ||4|| If you take Ambrosial Nectar and irrigate the neem tree with it, still, its natural qualities are not changed. ||5||7||20|| AASAA: A fortress like that of Sri Lanka, with the ocean as a moat around it — there is no news about that house of Raavan. ||1|| What shall I ask for? Nothing is permanent. I see with my eyes that the world is passing away. ||1|| Pause|| Thousands of sons and thousands of grandsons — but in that house of Raavan, the lamps and wicks have gone out. ||2|| The moon and the sun cooked his food. The fire washed his clothes. ||3|| Under Guru's Instructions, one whose mind is filled with the Lord's Name, becomes permanent, and does not go anywhere. ||4|| Says Kabeer, listen, people: without the Lord's Name, no one is liberated. ||5||8||21|| AASAA: First, the son was born, and then, his mother. The guru falls at the feet of the disciple. ||1|| Listen to this wonderful thing, O Siblings of Destiny! I saw the lion herding the cows. ||1|| Pause|| The fish of the water gives birth upon a tree. I saw a cat carrying away a dog. ||2|| The branches are below, and the roots are above. The trunk of that tree bears fruits and flowers. ||3|| Riding a horse, the buffalo takes him out to graze. The bull is away, while his load has come home. ||4|| Says Kabeer, one who understands this hymn, and chants the Lord's Name, comes to understand everything. ||5||9||22||

22 CHAU-PADAS AND PANCH-PADAS, AASAA OF KABEER JEE,
8 TRI-PADAS, 7 DU-TUKAS, 1 IK-TUKA:

ONE UNIVERSAL CREATOR GOD. BY THE GRACE OF THE TRUE GURU:

The Lord created the body from sperm, and protected it in the fire pit. For nine months He preserved you in your mother's womb, and then, after you were born, you became attached to Maya. ||1|| O mortal, why have you attached yourself to greed, and lost the jewel of life? You did not plant the seeds of good actions in the earth of your past lives. ||1|| Pause|| From an infant, you have grown old. That which was to happen, has happened. When the Messenger of Death comes and grabs you by your hair, why do you cry out then? ||2||

ਜੀਵਨੈ ਕੀ ਆਸ ਕਰਹਿ ਜਮੁ ਨਿਹਾਰੈ ਸਾਸਾ ॥ ਬਾਜੀਗਰੀ ਸੰਸਾਰੁ ਕਬੀਰਾ ਚੇਤਿ ਢਾਲਿ ਪਾਸਾ ॥੩॥੧॥੨੩॥ ਆਸਾ ॥ ਤਨੁ ਰੈਨੀ ਮਨੁ ਪੁਨ ਰਪਿ ਕਰਿ ਹਉ ਪਾਚਉ ਤਤ ਬਰਾਤੀ ॥ ਰਾਮ ਰਾਇ ਸਿਉ ਭਾਵਰਿ ਲੈਹਉ ਆਤਮ ਤਿਹ ਰੰਗਿ ਰਾਤੀ ॥੧॥ ਗਾਉ ਗਾਉ ਰੀ ਦੁਲਹਨੀ ਮੰਗਲਚਾਰਾ ॥ ਮੇਰੇ ਗ੍ਰਿਹ ਆਏ ਰਾਜਾ ਰਾਮ ਭਤਾਰਾ ॥੧॥ ਰਹਾਉ ॥ ਨਾਭਿ ਕਮਲ ਮਹਿ ਬੇਦੀ ਰਚਿ ਲੇ ਬ੍ਰਹਮ ਗਿਆਨ ਉਚਾਰਾ ॥ ਰਾਮ ਰਾਇ ਸੋ ਦੂਲਹੁ ਪਾਇਓ ਅਸ ਬਡਭਾਗ ਹਮਾਰਾ ॥੨॥ ਸੁਰਿ ਨਰ ਮੁਨਿ ਜਨ ਕਉਤਕ ਆਏ ਕੋਟਿ ਤੇਤੀਸ ਉਜਾਨਾਂ ॥ ਕਹਿ ਕਬੀਰ ਮੋਹਿ ਬਿਆਹਿ ਚਲੇ ਹੈ ਪੁਰਖ ਏਕ ਭਗਵਾਨਾ ॥੩॥੨॥੨੪॥ ਆਸਾ ॥ ਸਾਸੁ ਕੀ ਦੁਖੀ ਸਸੁਰ ਕੀ ਪਿਆਰੀ ਜੇਠ ਕੇ ਨਾਮਿ ਡਰਉ ਰੇ ॥ ਸਖੀ ਸਹੇਲੀ ਨਨਦ ਗਹੇਲੀ ਦੇਵਰ ਕੈ ਬਿਰਹਿ ਜਰਉ ਰੇ ॥੧॥ ਮੇਰੀ ਮਤਿ ਬਉਰੀ ਮੈ ਰਾਮੁ ਬਿਸਾਰਿਓ ਕਿਨ ਬਿਧਿ ਰਹਨਿ ਰਹਉ ਰੇ ॥ ਸੇਜੈ ਰਮਤੁ ਨੈਨ ਨਹੀ ਪੇਖਉ ਇਹੁ ਦੁਖੁ ਕਾ ਸਉ ਕਹਉ ਰੇ ॥੧॥ ਰਹਾਉ ॥ ਬਾਪੁ ਸਾਵਕਾ ਕਰੈ ਲਰਾਈ ਮਾਇਆ ਸਦ ਮਤਵਾਰੀ ॥ ਬਡੇ ਭਾਈ ਕੈ ਜਬ ਸੰਗਿ ਹੋਤੀ ਤਬ ਹਉ ਨਾਹ ਪਿਆਰੀ ॥੨॥ ਕਹਤ ਕਬੀਰ ਪੰਚ ਕੋ ਝਗਰਾ ਝਗਰਤ ਜਨਮੁ ਗਵਾਇਆ ॥ ਝੂਠੀ ਮਾਇਆ ਸਭੁ ਜਗੁ ਬਾਧਿਆ ਮੈ ਰਾਮ ਰਮਤ ਸੁਖੁ ਪਾਇਆ ॥੩॥੩॥੨੫॥ ਆਸਾ ॥ ਹਮ ਘਰਿ ਸੂਤੁ ਤਨਹਿ ਨਿਤ ਤਾਨਾ ਕੰਠਿ ਜਨੇਊ ਤੁਮਾਰੇ ॥ ਤੁਮ੍ ਤਉ ਬੇਦ ਪੜਹੁ ਗਾਇਤ੍ਰੀ ਗੋਬਿੰਦੁ ਰਿਦੈ ਹਮਾਰੇ ॥੧॥ ਮੇਰੀ ਜਿਹਬਾ ਬਿਸਨੁ ਨੈਨ ਨਾਰਾਇਨ ਹਿਰਦੈ ਬਸਹਿ ਗੋਬਿੰਦਾ ॥ ਜਮ ਦੁਆਰ ਜਬ ਪੂਛਸਿ ਬਵਰੇ ਤਬ ਕਿਆ ਕਹਸਿ ਮੁਕੰਦਾ ॥੧॥ ਰਹਾਉ ॥ ਹਮ ਗੋਰੂ ਤੁਮ ਗੁਆਰ ਗੁਸਾਈ ਜਨਮ ਜਨਮ ਰਖਵਾਰੇ ॥ ਕਬਹੂੰ ਨ ਪਾਰਿ ਉਤਾਰਿ ਚਰਾਇਹੁ ਕੈਸੇ ਖਸਮ ਹਮਾਰੇ ॥੨॥ ਤੂੰ ਬਾਮ੍ਹਨੁ ਮੈ ਕਾਸੀਕ ਜੁਲਹਾ ਬੂਝਹੁ ਮੋਰ ਗਿਆਨਾ ॥ ਤੁਮ੍ ਤਉ ਜਾਚੇ ਭੂਪਤਿ ਰਾਜੇ ਹਰਿ ਸਉ ਮੋਰ ਧਿਆਨਾ ॥੩॥੪॥੨੬॥ ਆਸਾ ॥ ਜਗਿ ਜੀਵਨੁ ਐਸਾ ਸੁਪਨੇ ਜੈਸਾ ਜੀਵਨੁ ਸੁਪਨ ਸਮਾਨੰ ॥ ਸਾਚੁ ਕਰਿ ਹਮ ਗਾਠਿ ਦੀਨੀ ਛੋਡਿ ਪਰਮ ਨਿਧਾਨੰ ॥੧॥ ਬਾਬਾ ਮਾਇਆ ਮੋਹ ਹਿਤੁ ਕੀਨ੍ ॥ ਜਿਨਿ ਗਿਆਨੁ ਰਤਨੁ ਹਿਰਿ ਲੀਨ੍ ॥੧॥ ਰਹਾਉ ॥ ਨੈਨ ਦੇਖਿ ਪਤੰਗੁ ਉਰਝੈ ਪਸੁ ਨ ਦੇਖੈ ਆਗਿ ॥ ਕਾਲ ਫਾਸ ਨ ਮੁਗਧੁ ਚੇਤੈ ਕਨਿਕ ਕਾਮਿਨਿ ਲਾਗਿ ॥੨॥ ਕਰਿ ਬਿਚਾਰੁ ਬਿਕਾਰ ਪਰਹਰਿ ਤਰਨ ਤਾਰਨ ਸੋਇ ॥ ਕਹਿ ਕਬੀਰ ਜਗਜੀਵਨੁ ਐਸਾ ਦੁਤੀਅ ਨਾਹੀ ਕੋਇ ॥੩॥੫॥੨੭॥

You hope for long life, while Death counts your breaths. The world is a game, O Kabeer, so throw the dice consciously. ||3||1||23|| AASAA: I make my body the dying vat, and within it, I dye my mind. I make the five elements my marriage guests. I take my marriage vows with the Lord, my King; my soul is imbued with His Love. ||1|| Sing, sing, O brides of the Lord, the marriage songs of the Lord. The Lord, my King, has come to my house as my Husband. ||1|| Pause|| Within the lotus of my heart, I have made my bridal pavilion, and I have spoken the wisdom of God. I have obtained the Lord King as my Husband — such is my great good fortune. ||2|| The angles, holy men, silent sages, and the 330,000,000 deities have come in their heavenly chariots to see this spectacle. Says Kabeer, I have been taken in marriage by the One Supreme Being, the Lord God. ||3||2||24|| AASAA: I am bothered by my mother-in-law, Maya, and loved by my father-in-law, the Lord. I fear even the name of my husband's elder brother, Death. O my mates and companions, my husband's sister, misunderstanding has seized me, and I am burning with the pain of separation from my husband's younger brother, divine knowledge. ||1|| My mind has gone insane, since I forgot the Lord. How can I lead a virtuous lifestyle? He rests in the bed of my mind, but I cannot see Him with my eyes. Unto whom should I tell my sufferings? ||1|| Pause|| My step-father, egotism, fights with me, and my mother, desire, is always intoxicated. When I stayed with my elder brother, meditation, then I was loved by my Husband Lord. ||2|| Says Kabeer, the five passions argue with me, and in these arguments, my life is wasting away. The false Maya has bound the whole world, but I have obtained peace, chanting the Name of the Lord. ||3||3||25|| AASAA: In my house, I constantly weave the thread, while you wear the thread around your neck, O Brahmin. You read the Vedas and sacred hymns, while I have enshrined the Lord of the Universe in my heart. ||1|| Upon my tongue, within my eyes, and within my heart, abides the Lord, the Lord of the Universe. When you are interrogated at Death's door, O mad-man, what will you say then? ||1|| Pause|| I am a cow, and You are the herdsman, the Sustainer of the World. You are my Saving Grace, lifetime after lifetime. You have never taken me across to graze there — what sort of a herdsman are You? ||2|| You are a Brahmin, and I am a weaver of Benares; can You understand my wisdom? You beg from emperors and kings, while I meditate on the Lord. ||3||4||26|| AASAA: The life of the world is only a dream; life is just a dream. Believing it to be true, I grasped at it, and abandoned the supreme treasure. ||1|| O Father, I have enshrined love and affection for Maya, which has taken the jewel of spiritual wisdom away from me. ||1|| Pause|| The moth sees with its eyes, but it still becomes entangled; the insect does not see the fire. Attached to gold and woman, the fool does not think of the noose of Death. ||2|| Reflect upon this, and abandon sin; the Lord is a boat to carry you across. Says Kabeer, such is the Lord, the Life of the World; there is no one equal to Him. ||3||5||27||

ਆਸਾ ॥ ਜਉ ਮੈ ਰੂਪ ਕੀਏ ਬਹੁਤੇਰੇ ਅਬ ਫੁਨਿ ਰੂਪੁ ਨ ਹੋਈ ॥ ਤਾਗਾ ਤੰਤੁ ਸਾਜੁ ਸਭੁ ਥਾਕਾ ਰਾਮ ਨਾਮ ਬਸਿ ਹੋਈ ॥੧॥ ਅਬ ਮੋਹਿ ਨਾਚਨੋ ਨ ਆਵੈ ॥ ਮੇਰਾ ਮਨੁ ਮੰਦਰੀਆ ਨ ਬਜਾਵੈ ॥੧॥ ਰਹਾਉ ॥ ਕਾਮੁ ਕ੍ਰੋਧੁ ਮਾਇਆ ਲੈ ਜਾਰੀ ਤ੍ਰਿਸਨਾ ਗਾਗਰਿ ਫੂਟੀ ॥ ਕਾਮ ਚੋਲਨਾ ਭਇਆ ਹੈ ਪੁਰਾਨਾ ਗਇਆ ਭਰਮੁ ਸਭੁ ਛੂਟੀ ॥੨॥ ਸਰਬ ਭੂਤ ਏਕੈ ਕਰਿ ਜਾਨਿਆ ਚੂਕੇ ਬਾਦ ਬਿਬਾਦਾ ॥ ਕਹਿ ਕਬੀਰ ਮੈ ਪੂਰਾ ਪਾਇਆ ਭਏ ਰਾਮ ਪਰਸਾਦਾ ॥੩॥੬॥੨੮॥ ਆਸਾ ॥ ਰੋਜਾ ਧਰੈ ਮਨਾਵੈ ਅਲਹੁ ਸੁਆਦਤਿ ਜੀਅ ਸੰਘਾਰੈ ॥ ਆਪਾ ਦੇਖਿ ਅਵਰ ਨਹੀ ਦੇਖੈ ਕਾਹੇ ਕਉ ਝਖ ਮਾਰੈ ॥੧॥ ਕਾਜੀ ਸਾਹਿਬੁ ਏਕੁ ਤੋਹੀ ਮਹਿ ਤੇਰਾ ਸੋਚਿ ਬਿਚਾਰਿ ਨ ਦੇਖੈ ॥ ਖਬਰਿ ਨ ਕਰਹਿ ਦੀਨ ਕੇ ਬਉਰੇ ਤਾ ਤੇ ਜਨਮੁ ਅਲੇਖੈ ॥੧॥ ਰਹਾਉ ॥ ਸਾਚੁ ਕਤੇਬ ਬਖਾਨੈ ਅਲਹੁ ਨਾਰਿ ਪੁਰਖੁ ਨਹੀ ਕੋਈ ॥ ਪਢੇ ਗੁਨੇ ਨਾਹੀ ਕਛੁ ਬਉਰੇ ਜਉ ਦਿਲ ਮਹਿ ਖਬਰਿ ਨ ਹੋਈ ॥੨॥ ਅਲਹੁ ਗੈਬੁ ਸਗਲ ਘਟ ਭੀਤਰਿ ਹਿਰਦੈ ਲੇਹੁ ਬਿਚਾਰੀ ॥ ਹਿੰਦੂ ਤੁਰਕ ਦੁਹੂੰ ਮਹਿ ਏਕੈ ਕਹੈ ਕਬੀਰ ਪੁਕਾਰੀ ॥੩॥੭॥੨੯॥ ਆਸਾ ॥ ਤਿਪਦਾ ॥ ਇਕਤੁਕਾ ॥ ਕੀਓ ਸਿੰਗਾਰੁ ਮਿਲਨ ਕੇ ਤਾਈ ॥ ਹਰਿ ਨ ਮਿਲੇ ਜਗਜੀਵਨ ਗੁਸਾਈ ॥੧॥ ਹਰਿ ਮੇਰੋ ਪਿਰੁ ਹਉ ਹਰਿ ਕੀ ਬਹੁਰੀਆ ॥ ਰਾਮ ਬਡੇ ਮੈ ਤਨਕ ਲਹੁਰੀਆ ॥੧॥ ਰਹਾਉ ॥ ਧਨ ਪਿਰ ਏਕੈ ਸੰਗਿ ਬਸੇਰਾ ॥ ਸੇਜ ਏਕ ਪੈ ਮਿਲਨੁ ਦੁਹੇਰਾ ॥੨॥ ਧੰਨਿ ਸੁਹਾਗਨਿ ਜੋ ਪੀਅ ਭਾਵੈ ॥ ਕਹਿ ਕਬੀਰ ਫਿਰਿ ਜਨਮਿ ਨ ਆਵੈ ॥੩॥੮॥੩੦॥

AASAA: In the past, I have taken many forms, but I shall not take form again. The strings and wires of the musical instrument are worn out, and I am in the power of the Lord's Name. ||1|| Now, I no longer dance to the tune. My mind no longer beats the drum. ||1|| Pause|| I have burnt away sexual desire, anger and attachment to Maya, and the pitcher of my desires has burst. The gown of sensuous pleasures is worn out, and all my doubts have been dispelled. ||2|| I look upon all beings alike, and my conflict and strife are ended. Says Kabeer, when the Lord showed His Favor, I obtained Him, the Perfect One. ||3||6||28|| AASAA: You keep your fasts to please Allah, while you murder other beings for pleasure. You look after your own interests, and so not see the interests of others. What good is your word? ||1|| O Qazi, the One Lord is within you, but you do not behold Him by thought or contemplation. You do not care for others, you are a religious fanatic, and your life is of no account at all. ||1|| Pause|| Your holy scriptures say that Allah is True, and that he is neither male nor female. But you gain nothing by reading and studying, O mad-man, if you do not gain the understanding in your heart. ||2|| Allah is hidden in every heart; reflect upon this in your mind. The One Lord is within both Hindu and Muslim; Kabeer proclaims this out loud. ||3||7||29|| AASAA, TI-PADA, IK-TUKA: I have decorated myself to meet my Husband Lord. But the Lord, the Life of the Word, the Sustainer of the Universe, has not come to meet me. ||1|| The Lord is my Husband, and I am the Lord's bride. The Lord is so great, and I am infinitesimally small. ||1|| Pause|| The bride and the Groom dwell together. They lie upon the one bed, but their union is difficult. ||2|| Blessed is the soul-bride, who is pleasing to her Husband Lord. Says Kabeer, she shall not have to be reincarnated again. ||3||8||30||

ਆਸਾ ਸ੍ਰੀ ਕਬੀਰ ਜੀਉ ਕੇ ਦੁਪਦੇ
ੴ ਸਤਿਗੁਰ ਪ੍ਰਸਾਦਿ ॥

AASAA OF KABEER JEE, DU-PADAS:
ONE UNIVERSAL CREATOR GOD. BY THE GRACE OF THE TRUE GURU:

ਹੀਰੈ ਹੀਰਾ ਬੇਧਿ ਪਵਨ ਮਨੁ ਸਹਜੇ ਰਹਿਆ ਸਮਾਈ ॥ ਸਗਲ ਜੋਤਿ ਇਨਿ ਹੀਰੈ ਬੇਧੀ ਸਤਿਗੁਰ ਬਚਨੀ ਮੈ ਪਾਈ ॥੧॥ ਹਰਿ ਕੀ ਕਥਾ ਅਨਾਹਦ ਬਾਨੀ ॥ ਹੰਸੁ ਹੁਇ ਹੀਰਾ ਲੇਇ ਪਛਾਨੀ ॥੧॥ ਰਹਾਉ ॥ ਕਹਿ ਕਬੀਰ ਹੀਰਾ ਅਸ ਦੇਖਿਓ ਜਗ ਮਹ ਰਹਾ ਸਮਾਈ ॥ ਗੁਪਤਾ ਹੀਰਾ ਪ੍ਰਗਟ ਭਇਓ ਜਬ ਗੁਰ ਗਮ ਦੀਆ ਦਿਖਾਈ ॥੨॥੧॥੩੧॥ ਆਸਾ ॥ ਪਹਿਲੀ ਕਰੂਪਿ ਕੁਜਾਤਿ ਕੁਲਖਨੀ ਸਾਹੁਰੈ ਪੇਈਐ ਬੁਰੀ ॥ ਅਬ ਕੀ ਸਰੂਪਿ ਸੁਜਾਨਿ ਸੁਲਖਨੀ ਸਹਜੇ ਉਦਰਿ ਧਰੀ ॥੧॥ ਭਲੀ ਸਰੀ ਮੁਈ ਮੇਰੀ ਪਹਿਲੀ ਬਰੀ ॥ ਜੁਗੁ ਜੁਗੁ ਜੀਵਉ ਮੇਰੀ ਅਬ ਕੀ ਧਰੀ ॥੧॥ ਰਹਾਉ ॥ ਕਹੁ ਕਬੀਰ ਜਬ ਲਹੁਰੀ ਆਈ ਬਡੀ ਕਾ ਸੁਹਾਗੁ ਟਰਿਓ ॥ ਲਹੁਰੀ ਸੰਗਿ ਭਈ ਅਬ ਮੇਰੈ ਜੇਠੀ ਅਉਰੁ ਧਰਿਓ ॥੨॥੨॥੩੨॥

When the Diamond of the Lord pierces the diamond of my mind, the fickle mind waving in the wind is easily absorbed into Him. This Diamond fills all with Divine Light; through the True Guru's Teachings, I have found Him. ||1|| The sermon of the Lord is the unstruck, endless song. Becoming a swan, one recognizes the Diamond of the Lord. ||1|| Pause|| Says Kabeer, I have seen such a Diamond, permeating and pervading the world. The hidden diamond became visible, when the Guru revealed it to me. ||2||1||31|| AASAA: My first wife, ignorance, was ugly, of low social status and bad character; she was evil in my home, and in her parents' home. My present bride, divine understanding, is beautiful, wise and well-behaved; I have taken her to my heart. ||1|| It has turned out so well, that my first wife has died. May she, whom I have now married, live throughout the ages. ||1|| Pause|| Says Kabeer, when the younger bride came, the elder one lost her husband. The younger bride is with me now, and the elder one has taken another husband. ||2||2||32||

ਸਹਜ ਅਨੰਦੁ ਹੋਆ ਵਡਭਾਗੀ ਮਨਿ ਹਰਿ ਹਰਿ ਮੀਠਾ ਲਾਇਆ ॥ ਜਨੁ ਕਹੈ ਨਾਨਕੁ ਲਾਵ ਪਹਿਲੀ ਆਰੰਭੁ ਕਾਜੁ ਰਚਾਇਆ ॥੧॥ ਹਰਿ ਦੂਜੜੀ ਲਾਵ ਸਤਿਗੁਰੁ ਪੁਰਖੁ ਮਿਲਾਇਆ ਬਲਿ ਰਾਮ ਜੀਉ ॥ ਨਿਰਭਉ ਭੈ ਮਨੁ ਹੋਇ ਹਉਮੈ ਮੈਲੁ ਗਵਾਇਆ ਬਲਿ ਰਾਮ ਜੀਉ ॥ ਨਿਰਮਲੁ ਭਉ ਪਾਇਆ ਹਰਿ ਗੁਣ ਗਾਇਆ ਹਰਿ ਵੇਖੈ ਰਾਮੁ ਹਦੂਰੇ ॥ ਹਰਿ ਆਤਮ ਰਾਮੁ ਪਸਾਰਿਆ ਸੁਆਮੀ ਸਰਬ ਰਹਿਆ ਭਰਪੂਰੇ ॥ ਅੰਤਰਿ ਬਾਹਰਿ ਹਰਿ ਪ੍ਰਭੁ ਏਕੋ ਮਿਲਿ ਹਰਿ ਜਨ ਮੰਗਲ ਗਾਏ ॥ ਜਨ ਨਾਨਕ ਦੂਜੀ ਲਾਵ ਚਲਾਈ ਅਨਹਦ ਸਬਦ ਵਜਾਏ ॥੨॥ ਹਰਿ ਤੀਜੜੀ ਲਾਵ ਮਨਿ ਚਾਉ ਭਇਆ ਬੈਰਾਗੀਆ ਬਲਿ ਰਾਮ ਜੀਉ ॥ ਸੰਤ ਜਨਾ ਹਰਿ ਮੇਲੁ ਹਰਿ ਪਾਇਆ ਵਡਭਾਗੀਆ ਬਲਿ ਰਾਮ ਜੀਉ ॥ ਨਿਰਮਲੁ ਹਰਿ ਪਾਇਆ ਹਰਿ ਗੁਣ ਗਾਇਆ ਮੁਖਿ ਬੋਲੀ ਹਰਿ ਬਾਣੀ ॥ ਸੰਤ ਜਨਾ ਵਡਭਾਗੀ ਪਾਇਆ ਹਰਿ ਕਥੀਐ ਅਕਥ ਕਹਾਣੀ ॥ ਹਿਰਦੈ ਹਰਿ ਹਰਿ ਹਰਿ ਧੁਨਿ ਉਪਜੀ ਹਰਿ ਜਪੀਐ ਮਸਤਕਿ ਭਾਗੁ ਜੀਉ ॥ ਜਨੁ ਨਾਨਕੁ ਬੋਲੇ ਤੀਜੀ ਲਾਵੈ ਹਰਿ ਉਪਜੈ ਮਨਿ ਬੈਰਾਗੁ ਜੀਉ ॥੩॥ ਹਰਿ ਚਉਥੜੀ ਲਾਵ ਮਨਿ ਸਹਜੁ ਭਇਆ ਹਰਿ ਪਾਇਆ ਬਲਿ ਰਾਮ ਜੀਉ ॥ ਗੁਰਮੁਖਿ ਮਿਲਿਆ ਸੁਭਾਇ ਹਰਿ ਮਨਿ ਤਨਿ ਮੀਠਾ ਲਾਇਆ ਬਲਿ ਰਾਮ ਜੀਉ ॥ ਹਰਿ ਮੀਠਾ ਲਾਇਆ ਮੇਰੇ ਪ੍ਰਭ ਭਾਇਆ ਅਨਦਿਨੁ ਹਰਿ ਲਿਵ ਲਾਈ ॥ ਮਨ ਚਿੰਦਿਆ ਫਲੁ ਪਾਇਆ ਸੁਆਮੀ ਹਰਿ ਨਾਮਿ ਵਜੀ ਵਾਧਾਈ ॥ ਹਰਿ ਪ੍ਰਭਿ ਠਾਕੁਰਿ ਕਾਜੁ ਰਚਾਇਆ ਧਨ ਹਿਰਦੈ ਨਾਮਿ ਵਿਗਾਸੀ ॥ ਜਨੁ ਨਾਨਕੁ ਬੋਲੇ ਚਉਥੀ ਲਾਵੈ ਹਰਿ ਪਾਇਆ ਪ੍ਰਭੁ ਅਵਿਨਾਸੀ ॥੪॥੨॥

ੴ ਸਤਿਗੁਰ ਪ੍ਰਸਾਦਿ ॥

ਰਾਗੁ ਸੂਹੀ ਛੰਤ ਮਹਲਾ ੪ ਘਰੁ ੨ ॥

ਗੁਰਮੁਖਿ ਹਰਿ ਗੁਣ ਗਾਏ ॥ ਹਿਰਦੈ ਰਸਨ ਰਸਾਏ ॥ ਹਰਿ ਰਸਨ ਰਸਾਏ ਮੇਰੇ ਪ੍ਰਭ ਭਾਏ ਮਿਲਿਆ ਸਹਜਿ ਸੁਭਾਏ ॥ ਅਨਦਿਨੁ ਭੋਗ ਭੋਗੇ ਸੁਖਿ ਸੋਵੈ ਸਬਦਿ ਰਹੈ ਲਿਵ ਲਾਏ ॥ ਵਡੈ ਭਾਗਿ ਗੁਰੁ ਪੂਰਾ ਪਾਈਐ ਅਨਦਿਨੁ ਨਾਮੁ ਧਿਆਏ ॥ ਸਹਜੇ ਸਹਜਿ ਮਿਲਿਆ ਜਗਜੀਵਨੁ ਨਾਨਕ ਸੁੰਨਿ ਸਮਾਏ ॥੧॥ ਸੰਗਤਿ ਸੰਤ ਮਿਲਾਏ ॥ ਹਰਿ ਸਰਿ ਨਿਰਮਲਿ ਨਾਏ ॥ ਨਿਰਮਲਿ ਜਲਿ ਨਾਏ ਮੈਲੁ ਗਵਾਏ ਭਏ ਪਵਿਤੁ ਸਰੀਰਾ ॥ ਦੁਰਮਤਿ ਮੈਲੁ ਗਈ ਭ੍ਰਮੁ ਭਾਗਾ ਹਉਮੈ ਬਿਨਠੀ ਪੀਰਾ ॥ ਨਦਰਿ ਪ੍ਰਭੂ ਸਤਸੰਗਤਿ ਪਾਈ ਨਿਜ ਘਰਿ ਹੋਆ ਵਾਸਾ ॥

By great good fortune, celestial bliss is attained, and the Lord, Har, Har, seems sweet to the mind. Servant Nanak proclaims that, in this, the first round of the marriage ceremony, the marriage ceremony has begun. ||1|| In the second round of the marriage ceremony, the Lord leads you to meet the True Guru, the Primal Being. With the Fear of God, the Fearless Lord in the mind, the filth of egotism is eradicated. In the Fear of God, the Immaculate Lord, sing the Glorious Praises of the Lord, and behold the Lord's Presence before you. The Lord, the Supreme Soul, is the Lord and Master of the Universe; He is pervading and permeating everywhere, fully filling all spaces. Deep within, and outside as well, there is only the One Lord God. Meeting together, the humble servants of the Lord sing the songs of joy. Servant Nanak proclaims that, in this, the second round of the marriage ceremony, the unstruck sound current of the Shabad resounds. ||2|| In the third round of the marriage ceremony, the mind is filled with Divine Love. Meeting with the humble Saints of the Lord, I have found the Lord, by great good fortune. I have found the Immaculate Lord, and I sing the Glorious Praises of the Lord. I speak the Word of the Lord's Bani. By great good fortune, I have found the humble Saints, and I speak the Unspoken Speech of the Lord. The Name of the Lord, Har, Har, Har, vibrates and resounds within my heart; meditating on the Lord, I have realized the destiny inscribed upon my forehead. Servant Nanak proclaims that, in this, the third round of the marriage ceremony, the mind is filled with Divine Love for the Lord. ||3|| In the fourth round of the marriage ceremony, my mind has become peaceful; I have found the Lord. As Gurmukh, I have met Him, with intuitive ease; the Lord seems so sweet to my mind and body. The Lord seems so sweet; I am pleasing to my God. Night and day, I lovingly focus my consciousness on the Lord. I have obtained my Lord and Master, the fruit of my mind's desires. The Lord's Name resounds and resonates. The Lord God, my Lord and Master, blends with His bride, and her heart blossoms forth in the Naam. Servant Nanak proclaims that, in this, the fourth round of the marriage ceremony, we have found the Eternal Lord God. ||4||2||

ONE UNIVERSAL CREATOR GOD. BY THE GRACE OF THE TRUE GURU:

RAAG SOOHEE, CHHANT, FOURTH MEHL, SECOND HOUSE:

The Gurmukhs sing the Glorious Praises of the Lord; in their hearts, and on their tongues, they enjoy and savor His taste. They enjoy and savor His taste, and are pleasing to my God, who meets them with natural ease. Night and day, they enjoy enjoyments, and they sleep in peace; they remain lovingly absorbed in the Word of the Shabad. By great good fortune, one obtains the Perfect Guru; night and day, meditate on the Naam, the Name of the Lord. In absolute ease and poise, one meets the Life of the World. O Nanak, one is absorbed in the state of absolute absorption. ||1|| Joining the Society of the Saints, I bathe in the Immaculate Pool of the Lord. Bathing in these Immaculate Waters, my filth is removed, and my body is purified and sanctified. The filth of intellectual evil-mindedness is removed, doubt is gone, and the pain of egotism is dispelled. By God's Grace, I found the Sat Sangat, the True Congregation. I dwell in the home of my own inner being.

ਹਰਿ ਮੰਗਲ ਰਸਿ ਰਸਨ ਰਸਾਏ ਨਾਨਕ ਨਾਮੁ ਪ੍ਰਗਾਸਾ ॥੨॥ ਅੰਤਰਿ ਰਤਨੁ ਬੀਚਾਰੇ ॥ ਗੁਰਮੁਖਿ ਨਾਮੁ ਪਿਆਰੇ ॥ ਹਰਿ ਨਾਮੁ ਪਿਆਰੇ ਸਬਦਿ ਨਿਸਤਾਰੇ ਅਗਿਆਨੁ ਅਧੇਰੁ ਗਵਾਇਆ ॥ ਗਿਆਨੁ ਪ੍ਰਚੰਡੁ ਬਲਿਆ ਘਟਿ ਚਾਨਣੁ ਘਰ ਮੰਦਰ ਸੋਹਾਇਆ ॥ ਤਨੁ ਮਨੁ ਅਰਪਿ ਸੀਗਾਰ ਬਣਾਏ ਹਰਿ ਪ੍ਰਭ ਸਾਚੇ ਭਾਇਆ ॥ ਜੋ ਪ੍ਰਭੁ ਕਹੈ ਸੋਈ ਪਰੁ ਕੀਜੈ ਨਾਨਕ ਅੰਕਿ ਸਮਾਇਆ ॥੩॥ ਹਰਿ ਪ੍ਰਭਿ ਕਾਜੁ ਰਚਾਇਆ ॥ ਗੁਰਮੁਖਿ ਵੀਆਹਣਿ ਆਇਆ ॥ ਵੀਆਹਣਿ ਆਇਆ ਗੁਰਮੁਖਿ ਹਰਿ ਪਾਇਆ ਸਾ ਧਨ ਕੰਤ ਪਿਆਰੀ ॥ ਸੰਤ ਜਨਾ ਮਿਲਿ ਮੰਗਲ ਗਾਏ ਹਰਿ ਜੀਉ ਆਪਿ ਸਵਾਰੀ ॥ ਸੁਰਿ ਨਰ ਗਣ ਗੰਧਰਬ ਮਿਲਿ ਆਏ ਅਪੂਰਬ ਜੰਞ ਬਣਾਈ ॥ ਨਾਨਕ ਪ੍ਰਭੁ ਪਾਇਆ ਮੈ ਸਾਚਾ ਨਾ ਕਦੇ ਮਰੈ ਨ ਜਾਈ ॥੪॥੧॥੩॥

ਰਾਗੁ ਸੂਹੀ ਛੰਤ ਮਹਲਾ ੪ ਘਰੁ ੩
ੴ ਸਤਿਗੁਰ ਪ੍ਰਸਾਦਿ ॥

ਆਵਹੋ ਸੰਤ ਜਨਹੁ ਗੁਣ ਗਾਵਹ ਗੋਵਿੰਦ ਕੇਰੇ ਰਾਮ ॥ ਗੁਰਮੁਖਿ ਮਿਲਿ ਰਹੀਐ ਘਰਿ ਵਾਜਹਿ ਸਬਦ ਘਨੇਰੇ ਰਾਮ ॥ ਸਬਦ ਘਨੇਰੇ ਹਰਿ ਪ੍ਰਭ ਤੇਰੇ ਤੂ ਕਰਤਾ ਸਭ ਥਾਈ ॥ ਅਹਿਨਿਸਿ ਜਪੀ ਸਦਾ ਸਾਲਾਹੀ ਸਾਚ ਸਬਦਿ ਲਿਵ ਲਾਈ ॥ ਅਨਦਿਨੁ ਸਹਜਿ ਰਹੈ ਰੰਗਿ ਰਾਤਾ ਰਾਮ ਨਾਮੁ ਰਿਦ ਪੂਜਾ ॥ ਨਾਨਕ ਗੁਰਮੁਖਿ ਏਕੁ ਪਛਾਣੈ ਅਵਰੁ ਨ ਜਾਣੈ ਦੂਜਾ ॥੧॥ ਸਭ ਮਹਿ ਰਵਿ ਰਹਿਆ ਸੋ ਪ੍ਰਭੁ ਅੰਤਰਜਾਮੀ ਰਾਮ ॥ ਗੁਰ ਸਬਦਿ ਰਵੈ ਰਵਿ ਰਹਿਆ ਸੋ ਪ੍ਰਭੁ ਮੇਰਾ ਸੁਆਮੀ ਰਾਮ ॥ ਪ੍ਰਭੁ ਮੇਰਾ ਸੁਆਮੀ ਅੰਤਰਜਾਮੀ ਘਟਿ ਘਟਿ ਰਵਿਆ ਸੋਈ ॥ ਗੁਰਮਤਿ ਸਚੁ ਪਾਈਐ ਸਹਜਿ ਸਮਾਈਐ ਤਿਸੁ ਬਿਨੁ ਅਵਰੁ ਨ ਕੋਈ ॥ ਸਹਜੇ ਗੁਣ ਗਾਵਾ ਜੇ ਪ੍ਰਭ ਭਾਵਾ ਆਪੇ ਲਏ ਮਿਲਾਏ ॥ ਨਾਨਕ ਸੋ ਪ੍ਰਭੁ ਸਬਦੇ ਜਾਪੈ ਅਹਿਨਿਸਿ ਨਾਮੁ ਧਿਆਏ ॥੨॥ ਇਹੁ ਜਗੋ ਦੁਤਰੁ ਮਨਮੁਖੁ ਪਾਰਿ ਨ ਪਾਈ ਰਾਮ ॥ ਅੰਤਰੇ ਹਉਮੈ ਮਮਤਾ ਕਾਮੁ ਕ੍ਰੋਧੁ ਚਤੁਰਾਈ ਰਾਮ ॥ ਅੰਤਰਿ ਚਤੁਰਾਈ ਥਾਇ ਨ ਪਾਈ ਬਿਰਥਾ ਜਨਮੁ ਗਵਾਇਆ ॥ ਜਮ ਮਗਿ ਦੁਖੁ ਪਾਵੈ ਚੋਟਾ ਖਾਵੈ ਅੰਤਿ ਗਇਆ ਪਛੁਤਾਇਆ ॥ ਬਿਨੁ ਨਾਵੈ ਕੋ ਬੇਲੀ ਨਾਹੀ ਪੁਤੁ ਕੁਟੰਬੁ ਸੁਤੁ ਭਾਈ ॥ ਨਾਨਕ ਮਾਇਆ ਮੋਹੁ ਪਸਾਰਾ ਆਗੈ ਸਾਥਿ ਨ ਜਾਈ ॥੩॥ ਹਉ ਪੂਛਉ ਅਪਨਾ ਸਤਿਗੁਰੁ ਦਾਤਾ ਕਿਨ ਬਿਧਿ ਦੁਤਰੁ ਤਰੀਐ ਰਾਮ ॥ ਸਤਿਗੁਰ ਭਾਇ ਚਲਹੁ ਜੀਵਤਿਆ ਇਵ ਮਰੀਐ ਰਾਮ ॥

My tongue tastes the taste of the Lord's joyous song; O Nanak, the Naam shines forth brightly. ||2|| The Gurmukh loves the Name of the Lord; deep within, she contemplates the jewel of the Naam. Those who love the Lord's Name are emancipated through the Word of the Shabad. The darkness of ignorance is dispelled. Spiritual wisdom burns brilliantly, illuminating the heart; their homes and temples are embellished and blessed. I have made my body and mind into adornments, and dedicated them to the True Lord God, pleasing Him. Whatever God says, I gladly do. O Nanak, I have merged into the fiber of His Being. ||3|| The Lord God has arranged the marriage ceremony; He has come to marry the Gurmukh. He has come to marry the Gurmukh, who has found the Lord. That bride is very dear to her Lord. The humble Saints join together and sing the songs of joy; the Dear Lord Himself has adorned the soul-bride. The angels and mortal beings, the heavenly heralds and celestial singers, have come together and formed a wondrous wedding party. O Nanak, I have found my True Lord God, who never dies, and is not born. ||4||1||3||

RAAG SOOHEE, CHHANT, FOURTH MEHL, THIRD HOUSE:

## ONE UNIVERSAL CREATOR GOD. BY THE GRACE OF THE TRUE GURU:

Come, humble Saints, and sing the Glorious Praises of the Lord of the Universe. Let us gather together as Gurmukh; within the home of our own heart, the Shabad vibrates and resonates. The many melodies of the Shabad are Yours, O Lord God; O Creator Lord, You are everywhere. Day and night, I chant His Praises forever, lovingly focusing on the True Word of the Shabad. Night and day, I remain intuitively attuned to the Lord's Love; in my heart, I worship the Lord's Name. O Nanak, as Gurmukh, I have realized the One Lord; I do not know any other. ||1|| He is contained amongst all; He is God, the Inner-knower, the Searcher of hearts. One who meditates and dwells upon God, through the Word of the Guru's Shabad, knows that God, my Lord and Master, is pervading everywhere. God, my Lord and Master, is the Inner-knower, the Searcher of hearts; He pervades and permeates each and every heart. Through the Guru's Teachings, Truth is obtained, and then, one merges in celestial bliss. There is no other than Him. I sing His Praises with intuitive ease. If it pleases God, He shall unite me with Himself. O Nanak, through the Shabad, God is known; meditate on the Naam, day and night. ||2|| This world is treacherous and impassable; the self-willed manmukh cannot cross over. Within him is egotism, self-conceit, sexual desire, anger and cleverness. Within him is cleverness; he is not approved, and his life is uselessly wasted and lost. On the Path of Death, he suffers in pain, and must endure abuse; in the end, he departs regretfully. Without the Name, he has no friends, no children, family or relatives. O Nanak, the wealth of Maya, attachment and ostentatious shows — none of them shall go along with him to the world hereafter. ||3|| I ask my True Guru, the Giver, how to cross over the treacherous and difficult world-ocean. Walk in harmony with the True Guru's Will, and remain dead while yet alive.

ਜੀਵਤਿਆ ਮਰੀਐ ਭਉਜਲੁ ਤਰੀਐ ਗੁਰਮੁਖਿ ਨਾਮਿ ਸਮਾਵੈ ॥ ਪੂਰਾ ਪੁਰਖੁ ਪਾਇਆ ਵਡਭਾਗੀ ਸਚਿ ਨਾਮਿ ਲਿਵ ਲਾਵੈ ॥ ਮਤਿ ਪਰਗਾਸੁ ਭਈ ਮਨੁ ਮਾਨਿਆ ਰਾਮ ਨਾਮਿ ਵਡਿਆਈ ॥ ਨਾਨਕ ਪ੍ਰਭੁ ਪਾਇਆ ਸਬਦਿ ਮਿਲਾਇਆ ਜੋਤੀ ਜੋਤਿ ਮਿਲਾਈ ॥੪॥੧॥੪॥

ਸੂਹੀ ਮਹਲਾ ੪ ਘਰੁ ੫
ੴ ਸਤਿਗੁਰ ਪ੍ਰਸਾਦਿ ॥

ਗੁਰੁ ਸੰਤ ਜਨੋ ਪਿਆਰਾ ਮੈ ਮਿਲਿਆ ਮੇਰੀ ਤ੍ਰਿਸਨਾ ਬੁਝਿ ਗਈਆਸੇ ॥ ਹਉ ਮਨੁ ਤਨੁ ਦੇਵਾ ਸਤਿਗੁਰੈ ਮੈ ਮੇਲੇ ਪ੍ਰਭ ਗੁਣਤਾਸੇ ॥ ਧਨੁ ਧੰਨੁ ਗੁਰੂ ਵਡ ਪੁਰਖੁ ਹੈ ਮੈ ਦਸੇ ਹਰਿ ਸਾਬਾਸੇ ॥ ਵਡਭਾਗੀ ਹਰਿ ਪਾਇਆ ਜਨ ਨਾਨਕ ਨਾਮਿ ਵਿਗਾਸੇ ॥੧॥ ਗੁਰੁ ਸਜਣੁ ਪਿਆਰਾ ਮੈ ਮਿਲਿਆ ਹਰਿ ਮਾਰਗੁ ਪੰਥੁ ਦਸਾਹਾ ॥ ਘਰਿ ਆਵਹੁ ਚਿਰੀ ਵਿਛੁੰਨਿਆ ਮਿਲੁ ਸਬਦਿ ਗੁਰੂ ਪ੍ਰਭ ਨਾਹਾ ॥ ਹਉ ਤੁਝੁ ਬਾਝਹੁ ਖਰੀ ਉਡੀਣੀਆ ਜਿਉ ਜਲ ਬਿਨੁ ਮੀਨੁ ਮਰਾਹਾ ॥ ਵਡਭਾਗੀ ਹਰਿ ਧਿਆਇਆ ਜਨ ਨਾਨਕ ਨਾਮਿ ਸਮਾਹਾ ॥੨॥ ਮਨੁ ਦਹ ਦਿਸਿ ਚਲਿ ਚਲਿ ਭਰਮਿਆ ਮਨਮੁਖੁ ਭਰਮਿ ਭੁਲਾਇਆ ॥ ਨਿਤ ਆਸਾ ਮਨਿ ਚਿਤਵੈ ਮਨ ਤ੍ਰਿਸਨਾ ਭੁਖ ਲਗਾਇਆ ॥ ਅਨਤਾ ਧਨੁ ਧਰਿ ਦਬਿਆ ਫਿਰਿ ਬਿਖੁ ਭਾਲਣ ਗਇਆ ॥ ਜਨ ਨਾਨਕ ਨਾਮੁ ਸਲਾਹਿ ਤੂ ਬਿਨੁ ਨਾਵੈ ਪਚਿ ਪਚਿ ਮੁਇਆ ॥੩॥ ਗੁਰੁ ਸੁੰਦਰੁ ਮੋਹਨੁ ਪਾਇ ਕਰੇ ਹਰਿ ਪ੍ਰੇਮ ਬਾਣੀ ਮਨੁ ਮਾਰਿਆ ॥ ਮੇਰੈ ਹਿਰਦੈ ਸੁਧਿ ਬੁਧਿ ਵਿਸਰਿ ਗਈ ਮਨ ਆਸਾ ਚਿੰਤ ਵਿਸਾਰਿਆ ॥ ਮੈ ਅੰਤਰਿ ਵੇਦਨ ਪ੍ਰੇਮ ਕੀ ਗੁਰ ਦੇਖਤ ਮਨੁ ਸਾਧਾਰਿਆ ॥ ਵਡਭਾਗੀ ਪ੍ਰਭ ਆਇ ਮਿਲੁ ਜਨੁ ਨਾਨਕੁ ਖਿਨੁ ਖਿਨੁ ਵਾਰਿਆ ॥੪॥੧॥੫॥ ਸੂਹੀ ਛੰਤ ਮਹਲਾ ੪ ॥ ਮਾਰੇਹਿਸੁ ਵੇ ਜਨ ਹਉਮੈ ਬਿਖਿਆ ਜਿਨਿ ਹਰਿ ਪ੍ਰਭ ਮਿਲਣ ਨ ਦਿਤੀਆ ॥ ਦੇਹ ਕੰਚਨ ਵੇ ਵੰਨੀਆ ਇਨਿ ਹਉਮੈ ਮਾਰਿ ਵਿਗੁਤੀਆ ॥ ਮੋਹੁ ਮਾਇਆ ਵੇ ਸਭ ਕਾਲਖਾ ਇਨਿ ਮਨਮੁਖਿ ਮੂੜਿ ਸਜੁਤੀਆ ॥ ਜਨ ਨਾਨਕ ਗੁਰਮੁਖਿ ਉਬਰੇ ਗੁਰ ਸਬਦੀ ਹਉਮੈ ਛੁਟੀਆ ॥੧॥ ਵਸਿ ਆਣਿਹੁ ਵੇ ਜਨ ਇਸੁ ਮਨ ਕਉ ਮਨੁ ਬਾਸੇ ਜਿਉ ਨਿਤ ਭਉਦਿਆ ॥ ਦੁਖਿ ਰੈਣਿ ਵੇ ਵਿਹਾਣੀਆ ਨਿਤ ਆਸਾ ਆਸ ਕਰੇਦਿਆ ॥ ਗੁਰੁ ਪਾਇਆ ਵੇ ਸੰਤ ਜਨੋ ਮਨਿ ਆਸ ਪੂਰੀ ਹਰਿ ਚਉਦਿਆ ॥ ਜਨ ਨਾਨਕ ਪ੍ਰਭ ਦੇਹੁ ਮਤੀ ਛਡਿ ਆਸਾ ਨਿਤ ਸੁਖਿ ਸਉਦਿਆ ॥੨॥ ਸਾ ਧਨ ਆਸਾ ਚਿਤਿ ਕਰੇ ਰਾਮ ਰਾਜਿਆ ਹਰਿ ਪ੍ਰਭ ਸੇਜੜੀਐ ਆਈ ॥

Remaining dead while yet alive, cross over the terrifying world-ocean; as Gurmukh, merge in the Naam. One obtains the Perfect Primal Lord, by great good fortune, lovingly focusing on the True Name. The intellect is enlightened, and the mind is satisfied, through the glory of the Lord's Name. O Nanak, God is found, merging in the Shabad, and one's light blends into the Light. ||4||1||4||

SOOHEE, FOURTH MEHL, FIFTH HOUSE:

ONE UNIVERSAL CREATOR GOD. BY THE GRACE OF THE TRUE GURU:

O humble Saints, I have met my Beloved Guru; the fire of my desire is quenched, and my yearning is gone. I dedicate my mind and body to the True Guru; I pray that may He unite me with God, the treasure of virtue. Blessed, blessed is the Guru, the Supreme Being, who tells me of the most blessed Lord. By great good fortune, servant Nanak has found the Lord; he blossoms forth in the Naam. ||1|| I have met my Beloved Friend, the Guru, who has shown me the Path to the Lord. Come home — I have been separated from You for so long! Please, let me merge with You, through the Word of the Guru's Shabad, O my Lord God. Without You, I am so sad; like a fish out of water, I shall die. The very fortunate ones meditate on the Lord; servant Nanak merges into the Naam. ||2|| The mind runs around in the ten directions; the self-willed manmukh wanders around, deluded by doubt. In his mind, he continually conjures up hopes; his mind is gripped by hunger and thirst. There is an infinite treasure buried within the mind, but still, he goes out, searching for poison. O servant Nanak, praise the Naam, the Name of the Lord; without the Name, he rots away, and wastes away to death. ||3|| Finding the beautiful and fascinating Guru, I have conquered my mind, through the Bani, the Word of my Beloved Lord. My heart has forgotten its common sense and wisdom; my mind has forgotten its hopes and cares. Deep within my self, I feel the pains of divine love. Beholding the Guru, my mind is comforted and consoled. Awaken my good destiny, O God — please, come and meet me! Each and every instant, servant Nanak is a sacrifice to You. ||4||1||5|| SOOHEE, CHHANT, FOURTH MEHL: Eradicate the poison of egotism, O human being; it is holding you back from meeting your Lord God. This golden-colored body has been disfigured and ruined by egotism. Attachment to Maya is total darkness; this foolish, self-willed manmukh is attached to it. O servant Nanak, the Gurmukh is saved; through the Word of the Guru's Shabad, he is released from egotism. ||1|| Overcome and subdue this mind; your mind wanders around continually, like a falcon. The mortal's life-night passes painfully, in constant hope and desire. I have found the Guru, O humble Saints; my mind's hopes are fulfilled, chanting the Lord's Name. Please bless servant Nanak, O God, with such understanding, that abandoning false hopes, he may always sleep in peace. ||2|| The bride hopes in her mind, that her Sovereign Lord God will come to her bed.

ਮੇਰਾ ਠਾਕੁਰੁ ਅਗਮ ਦਇਆਲੁ ਹੈ ਰਾਮ ਰਾਜਿਆ ਕਰਿ ਕਿਰਪਾ ਲੇਹੁ ਮਿਲਾਈ ॥ ਮੇਰੈ ਮਨਿ ਤਨਿ ਲੋਚਾ ਗੁਰਮੁਖੇ ਰਾਮ ਰਾਜਿਆ ਹਰਿ ਸਰਧਾ ਸੇਜ ਵਿਛਾਈ ॥ ਜਨ ਨਾਨਕ ਹਰਿ ਪ੍ਰਭ ਭਾਣੀਆ ਰਾਮ ਰਾਜਿਆ ਮਿਲਿਆ ਸਹਜਿ ਸੁਭਾਈ ॥੩॥ ਇਕਤੁ ਸੇਜੈ ਹਰਿ ਪ੍ਰਭੋ ਰਾਮ ਰਾਜਿਆ ਗੁਰੁ ਦਸੇ ਹਰਿ ਮੇਲੇਈ ॥ ਮੈ ਮਨਿ ਤਨਿ ਪ੍ਰੇਮ ਬੈਰਾਗੁ ਹੈ ਰਾਮ ਰਾਜਿਆ ਗੁਰੁ ਮੇਲੇ ਕਿਰਪਾ ਕਰੇਈ ॥ ਹਉ ਗੁਰ ਵਿਟਹੁ ਘੋਲਿ ਘੁਮਾਇਆ ਰਾਮ ਰਾਜਿਆ ਜੀਉ ਸਤਿਗੁਰ ਆਗੈ ਦੇਈ ॥ ਗੁਰੁ ਤੁਠਾ ਜੀਉ ਰਾਮ ਰਾਜਿਆ ਜਨ ਨਾਨਕ ਹਰਿ ਮੇਲੇਈ ॥੪॥੨॥੬॥੫॥੭॥੬॥੧੮॥

ਰਾਗੁ ਸੂਹੀ ਛੰਤ ਮਹਲਾ ੫ ਘਰੁ ੧
ੴ ਸਤਿਗੁਰ ਪ੍ਰਸਾਦਿ ॥

ਸੁਣਿ ਬਾਵਰੇ ਤੂ ਕਾਏ ਦੇਖਿ ਭੁਲਾਨਾ ॥ ਸੁਣਿ ਬਾਵਰੇ ਨੇਹੁ ਕੂੜਾ ਲਾਇਓ ਕੁਸੰਭ ਰੰਗਾਨਾ ॥ ਕੂੜੀ ਡੇਖਿ ਭੁਲੋ ਅਢੁ ਲਹੈ ਨ ਮੁਲੋ ਗੋਵਿਦ ਨਾਮੁ ਮਜੀਠਾ ॥ ਥੀਵਹਿ ਲਾਲਾ ਅਤਿ ਗੁਲਾਲਾ ਸਬਦੁ ਚੀਨਿ ਗੁਰ ਮੀਠਾ ॥ ਮਿਥਿਆ ਮੋਹਿ ਮਗਨੁ ਥੀ ਰਹਿਆ ਝੂਠ ਸੰਗਿ ਲਪਟਾਨਾ ॥ ਨਾਨਕ ਦੀਨ ਸਰਣਿ ਕਿਰਪਾ ਨਿਧਿ ਰਾਖੁ ਲਾਜ ਭਗਤਾਨਾ ॥੧॥ ਸੁਣਿ ਬਾਵਰੇ ਸੇਵਿ ਠਾਕੁਰੁ ਨਾਥੁ ਪਰਾਣਾ ॥ ਸੁਣਿ ਬਾਵਰੇ ਜੋ ਆਇਆ ਤਿਸੁ ਜਾਣਾ ॥ ਨਿਹਚਲੁ ਹਭ ਵੈਸੀ ਸੁਣਿ ਪਰਦੇਸੀ ਸੰਤਸੰਗਿ ਮਿਲਿ ਰਹੀਐ ॥ ਹਰਿ ਪਾਈਐ ਭਾਗੀ ਸੁਣਿ ਬੈਰਾਗੀ ਚਰਣ ਪ੍ਰਭੂ ਗਹਿ ਰਹੀਐ ॥ ਏਹੁ ਮਨੁ ਦੀਜੈ ਸੰਕ ਨ ਕੀਜੈ ਗੁਰਮੁਖਿ ਤਜਿ ਬਹੁ ਮਾਣਾ ॥ ਨਾਨਕ ਦੀਨ ਭਗਤ ਭਵ ਤਾਰਣ ਤੇਰੇ ਕਿਆ ਗੁਣ ਆਖਿ ਵਖਾਣਾ ॥੨॥ ਸੁਣਿ ਬਾਵਰੇ ਕਿਆ ਕੀਚੈ ਕੂੜਾ ਮਾਨੋ ॥ ਸੁਣਿ ਬਾਵਰੇ ਹਭੁ ਵੈਸੀ ਗਰਬੁ ਗੁਮਾਨੋ ॥ ਨਿਹਚਲੁ ਹਭ ਜਾਣਾ ਮਿਥਿਆ ਮਾਣਾ ਸੰਤ ਪ੍ਰਭੂ ਹੋਇ ਦਾਸਾ ॥ ਜੀਵਤ ਮਰੀਐ ਭਉਜਲੁ ਤਰੀਐ ਜੇ ਥੀਵੈ ਕਰਮਿ ਲਿਖਿਆਸਾ ॥ ਗੁਰੁ ਸੇਵੀਜੈ ਅੰਮ੍ਰਿਤੁ ਪੀਜੈ ਜਿਸੁ ਲਾਵਹਿ ਸਹਜਿ ਧਿਆਨੋ ॥ ਨਾਨਕੁ ਸਰਣਿ ਪਇਆ ਹਰਿ ਦੁਆਰੈ ਹਉ ਬਲਿ ਬਲਿ ਸਦ ਕੁਰਬਾਨੋ ॥੩॥ ਸੁਣਿ ਬਾਵਰੇ ਮਤੁ ਜਾਣਹਿ ਪ੍ਰਭੁ ਮੈ ਪਾਇਆ ॥ ਸੁਣਿ ਬਾਵਰੇ ਥੀਉ ਰੇਣੁ ਜਿਨੀ ਪ੍ਰਭੁ ਧਿਆਇਆ ॥ ਜਿਨਿ ਪ੍ਰਭੁ ਧਿਆਇਆ ਤਿਨਿ ਸੁਖੁ ਪਾਇਆ ਵਡਭਾਗੀ ਦਰਸਨੁ ਪਾਈਐ ॥ ਥੀਉ ਨਿਮਾਣਾ ਸਦ ਕੁਰਬਾਣਾ ਸਗਲਾ ਆਪੁ ਮਿਟਾਈਐ ॥ ਓਹੁ ਧਨੁ ਭਾਗ ਸੁਧਾ ਜਿਨਿ ਪ੍ਰਭੁ ਲਧਾ ਹਮ ਤਿਸੁ ਪਹਿ ਆਪੁ ਵੇਚਾਇਆ ॥ ਨਾਨਕ ਦੀਨ ਸਰਣਿ ਸੁਖ ਸਾਗਰ ਰਾਖੁ ਲਾਜ ਅਪਨਾਇਆ ॥੪॥੧॥

My Lord and Master is infinitely compassionate; O Sovereign Lord, be merciful, and merge me into Yourself. My mind and body long to behold the Guru's face. O Sovereign Lord, I have spread out my bed of loving faith. O servant Nanak, when the bride pleases her Lord God, her Sovereign Lord meets her with natural ease. ||3|| My Lord God, my Sovereign Lord, is on the one bed. The Guru has shown me how to meet my Lord. My mind and body are filled with love and affection for my Sovereign Lord. In His Mercy, the Guru has united me with Him. I am a sacrifice to my Guru, O my Sovereign Lord; I surrender my soul to the True Guru. When the Guru is totally pleased, O servant Nanak, he unites the soul with the Lord, the Sovereign Lord. ||4||2||6||18||

RAAG SOOHEE, CHHANT, FIFTH MEHL, FIRST HOUSE:

ONE UNIVERSAL CREATOR GOD. BY THE GRACE OF THE TRUE GURU:

Listen, madman: gazing upon the world, why have you gone crazy? Listen, madman: you have been trapped by false love, which is transitory, like the fading color of the safflower. Gazing upon the false world, you are fooled. It is not worth even half a shell. Only the Name of the Lord of the Universe is permanent. You shall take on the deep and lasting red color of the poppy, contemplating the sweet Word of the Guru's Shabad. You remain intoxicated with false emotional attachment; you are attached to falsehood. Nanak, meek and humble, seeks the Sanctuary of the Lord, the treasure of mercy. He preserves the honor of His devotees. ||1|| Listen, madman: serve your Lord, the Master of the breath of life. Listen, madman: whoever comes, shall go. Listen, O wandering stranger: that which you believe to be permanent, shall all pass away; so remain in the Saints' Congregation. Listen, renunciate: by your good destiny, obtain the Lord, and remain attached to God's Feet. Dedicate and surrender this mind to the Lord, and have no doubts; as Gurmukh, renounce your great pride. O Nanak, the Lord carries the meek and humble devotees across the terrifying world-ocean. What Glorious Virtues of Your should I chant and recite? ||2|| Listen, madman: why do you harbor false pride? Listen, madman: all your egotism and pride shall be overcome. What you think is permanent, shall all pass away. Pride is false, so become the slave of God's Saints. Remain dead while still alive, and you shall cross over the terrifying world-ocean, if it is your pre-ordained destiny. One whom the Lord causes to meditate intuitively, serves the Guru, and drinks in the Ambrosial Nectar. Nanak seeks the Sanctuary of the Lord's Door; I am a sacrifice, a sacrifice, a sacrifice, forever a sacrifice to Him. ||3|| Listen, madman: do not think that you have found God. Listen, madman: be the dust under the feet of those who meditate on God. Those who meditate on God find peace. By great good fortune, the Blessed Vision of their Darshan is obtained. Be humble, and be forever a sacrifice, and your self-conceit shall be totally eradicated. One who has found God is pure, with blessed destiny. I would sell myself to him. Nanak, the meek and humble, seeks the Sanctuary of the Lord, the ocean of peace. Make him Your own, and preserve his honor. ||4||1||

ਸੂਹੀ ਮਹਲਾ ੫ ॥ ਹਰਿ ਚਰਣ ਕਮਲ ਕੀ ਟੇਕ ਸਤਿਗੁਰਿ ਦਿਤੀ ਤੁਸਿ ਕੈ ਬਲਿ ਰਾਮ ਜੀਉ ॥ ਹਰਿ ਅੰਮ੍ਰਿਤਿ ਭਰੇ ਭੰਡਾਰ ਸਭੁ ਕਿਛੁ ਹੈ ਘਰਿ ਤਿਸ ਕੈ ਬਲਿ ਰਾਮ ਜੀਉ ॥ ਬਾਬੁਲੁ ਮੇਰਾ ਵਡ ਸਮਰਥਾ ਕਰਣ ਕਾਰਣ ਪ੍ਰਭੁ ਹਾਰਾ ॥ ਜਿਸੁ ਸਿਮਰਤ ਦੁਖੁ ਕੋਈ ਨ ਲਾਗੈ ਭਉਜਲੁ ਪਾਰਿ ਉਤਾਰਾ ॥ ਆਦਿ ਜੁਗਾਦਿ ਭਗਤਨ ਕਾ ਰਾਖਾ ਉਸਤਤਿ ਕਰਿ ਕਰਿ ਜੀਵਾ ॥ ਨਾਨਕ ਨਾਮੁ ਮਹਾ ਰਸੁ ਮੀਠਾ ਅਨਦਿਨੁ ਮਨਿ ਤਨਿ ਪੀਵਾ ॥੧॥ ਹਰਿ ਆਪੇ ਲਏ ਮਿਲਾਇ ਕਿਉ ਵੇਛੋੜਾ ਥੀਵਈ ਬਲਿ ਰਾਮ ਜੀਉ ॥ ਜਿਸ ਨੋ ਤੇਰੀ ਟੇਕ ਸੋ ਸਦਾ ਸਦ ਜੀਵਈ ਬਲਿ ਰਾਮ ਜੀਉ ॥ ਤੇਰੀ ਟੇਕ ਤੁਝੈ ਤੇ ਪਾਈ ਸਾਚੇ ਸਿਰਜਣਹਾਰਾ ॥ ਜਿਸ ਤੇ ਖਾਲੀ ਕੋਈ ਨਾਹੀ ਐਸਾ ਪ੍ਰਭੂ ਹਮਾਰਾ ॥ ਸੰਤ ਜਨਾ ਮਿਲਿ ਮੰਗਲੁ ਗਾਇਆ ਦਿਨੁ ਰੈਨਿ ਆਸ ਤੁਮ੍ਾਰੀ ॥ ਸਫਲੁ ਦਰਸੁ ਭੇਟਿਆ ਗੁਰੁ ਪੂਰਾ ਨਾਨਕ ਸਦ ਬਲਿਹਾਰੀ ॥੨॥ ਸੰਮ੍ਲਿਆ ਸਚੁ ਥਾਨੁ ਮਾਨੁ ਮਹਤੁ ਸਚੁ ਪਾਇਆ ਬਲਿ ਰਾਮ ਜੀਉ ॥ ਸਤਿਗੁਰੁ ਮਿਲਿਆ ਦਇਆਲੁ ਗੁਣ ਅਬਿਨਾਸੀ ਗਾਇਆ ਬਲਿ ਰਾਮ ਜੀਉ ॥ ਗੁਣ ਗੋਵਿੰਦ ਗਾਉ ਨਿਤ ਨਿਤ ਪ੍ਰਾਣ ਪ੍ਰੀਤਮ ਸੁਆਮੀਆ ॥ ਸੁਭ ਦਿਵਸ ਆਏ ਗਹਿ ਕੰਠਿ ਲਾਏ ਮਿਲੇ ਅੰਤਰਜਾਮੀਆ ॥ ਸਤੁ ਸੰਤੋਖੁ ਵਜਹਿ ਵਾਜੇ ਅਨਹਦਾ ਝੁਣਕਾਰੇ ॥ ਸੁਣਿ ਭੈ ਬਿਨਾਸੇ ਸਗਲ ਨਾਨਕ ਪ੍ਰਭ ਪੁਰਖ ਕਰਣੈਹਾਰੇ ॥੩॥ ਉਪਜਿਆ ਤਤੁ ਗਿਆਨੁ ਸਾਹੁਰੈ ਪੇਈਐ ਇਕੁ ਹਰਿ ਬਲਿ ਰਾਮ ਜੀਉ ॥ ਬ੍ਰਹਮੈ ਬ੍ਰਹਮੁ ਮਿਲਿਆ ਕੋਇ ਨ ਸਾਕੈ ਭਿੰਨ ਕਰਿ ਬਲਿ ਰਾਮ ਜੀਉ ॥ ਬਿਸਮੁ ਪੇਖੈ ਬਿਸਮੁ ਸੁਣੀਐ ਬਿਸਮਾਦੁ ਨਦਰੀ ਆਇਆ ॥ ਜਲਿ ਥਲਿ ਮਹੀਅਲਿ ਪੂਰਨ ਸੁਆਮੀ ਘਟਿ ਘਟਿ ਰਹਿਆ ਸਮਾਇਆ ॥ ਜਿਸ ਤੇ ਉਪਜਿਆ ਤਿਸੁ ਮਾਹਿ ਸਮਾਇਆ ਕੀਮਤਿ ਕਹਣੁ ਨ ਜਾਏ ॥ ਜਿਸ ਕੇ ਚਲਤ ਨ ਜਾਹੀ ਲਖਣੇ ਨਾਨਕ ਤਿਸਹਿ ਧਿਆਏ ॥੪॥੨॥

SOOHEE, FIFTH MEHL: The True Guru was satisfied with me, and blessed me with the Support of the Lord's Lotus Feet. I am a sacrifice to the Lord. The Lord's Ambrosial Nectar is an overflowing treasure; everything is in His Home. I am a sacrifice to the Lord. My Father is absolutely all-powerful. God is the Doer, the Cause of causes. Remembering Him in meditation, pain does not touch me; thus I cross over the terrifying world-ocean. In the beginning, and throughout the ages, He is the Protector of His devotees. Praising Him continually, I live. O Nanak, the Naam, the Name of the Lord, is the sweetest and most sublime essence. Night and day, I drink it in with my mind and body. ||1|| The Lord unites me with Himself; how could I feel any separation? I am a sacrifice to the Lord. One who has Your Support lives forever and ever. I am a sacrifice to the Lord. I take my support from You alone, O True Creator Lord. No one lacks this Support; such is my God. Meeting with the humble Saints, I sing the songs of joy; day and night, I place my hopes in You. I have obtained the Blessed Vision, the Darshan of the Perfect Guru. Nanak is forever a sacrifice. ||2|| Contemplating, dwelling upon the Lord's true home, I receive honor, greatness and truth. I am a sacrifice to the Lord. Meeting the Merciful True Guru, I sing the Praises of the Imperishable Lord. I am a sacrifice to the Lord. Sing the Glorious Praises of the Lord of the Universe, continually, continuously; He is the Beloved Master of the breath of life. Good times have come; the Inner-knower, the Searcher of hearts, has met me, and hugged me close in His Embrace. The musical instruments of truth and contentment vibrate, and the unstruck melody of the sound current resounds. Hearing this, all my fears have been dispelled; O Nanak, God is the Primal Being, the Creator Lord. ||3|| The essence of spiritual wisdom has welled up; in this world, and the next, the One Lord is pervading. I am a sacrifice to the Lord. When God meets the God within the self, no one can separate them. I am a sacrifice to the Lord. I gaze upon the Wondrous Lord, and listen to the Wondrous Lord; the Wondrous Lord has come into my vision. The Perfect Lord and Master is pervading the water, the land and the sky, in each and every heart. I have merged again into the One from whom I originated. The value of this cannot be described. Nanak meditates on Him. ||4||2||

### ਰਾਗੁ ਸੂਹੀ ਛੰਤ ਮਹਲਾ ੫ ਘਰੁ ੨
### ੴ ਸਤਿਗੁਰ ਪ੍ਰਸਾਦਿ ॥

ਗੋਬਿੰਦ ਗੁਣ ਗਾਵਣ ਲਾਗੇ ॥ ਹਰਿ ਰੰਗਿ ਅਨਦਿਨੁ ਜਾਗੇ ॥ ਹਰਿ ਰੰਗਿ ਜਾਗੇ ਪਾਪ ਭਾਗੇ ਮਿਲੇ ਸੰਤ ਪਿਆਰਿਆ ॥ ਗੁਰ ਚਰਣ ਲਾਗੇ ਭਰਮ ਭਾਗੇ ਕਾਜ ਸਗਲ ਸਵਾਰਿਆ ॥ ਸੁਣਿ ਸ੍ਰਵਣ ਬਾਣੀ ਸਹਜਿ ਜਾਣੀ ਹਰਿ ਨਾਮੁ ਜਪਿ ਵਡਭਾਗੈ ॥ ਬਿਨਵੰਤਿ ਨਾਨਕ ਸਰਣਿ ਸੁਆਮੀ ਜੀਉ ਪਿੰਡੁ ਪ੍ਰਭ ਆਗੈ ॥੧॥ ਅਨਹਤ ਸਬਦੁ ਸੁਹਾਵਾ ॥ ਸਚੁ ਮੰਗਲੁ ਹਰਿ ਜਸੁ ਗਾਵਾ ॥ ਗੁਣ ਗਾਇ ਹਰਿ ਹਰਿ ਦੂਖ ਨਾਸੇ ਰਹਸੁ ਉਪਜੈ ਮਨਿ ਘਣਾ ॥

### RAAG SOOHEE, CHHANT, FIFTH MEHL, SECOND HOUSE:
### ONE UNIVERSAL CREATOR GOD. BY THE GRACE OF THE TRUE GURU:

I sing the Glorious Praises of the Lord of the Universe. I am awake, night and day, in the Lord's Love. Awake to the Lord's Love, my sins have left me. I meet with the Beloved Saints. Attached to the Guru's Feet, my doubts are dispelled, and all my affairs are resolved. Listening to the Word of the Guru's Bani with my ears, I know celestial peace. By great good fortune, I meditate on the Lord's Name. Prays Nanak, I have entered my Lord and Master's Sanctuary. I dedicate my body and soul to God. ||1|| The unstruck melody of the Shabad, the Word of God is so very beautiful. True joy comes from singing the Lord's Praises. Singing the Glorious Praises of the Lord, Har, Har, pain is dispelled, and my mind is filled with tremendous joy.

ਮਨੁ ਤੰਨੁ ਨਿਰਮਲੁ ਦੇਖਿ ਦਰਸਨੁ ਨਾਮੁ ਪ੍ਰਭ ਕਾ ਮੁਖਿ ਭਣਾ ॥ ਹੋਇ ਰੇਣ ਸਾਧੂ ਪ੍ਰਭ ਅਰਾਧੂ ਆਪਣੇ ਪ੍ਰਭ ਭਾਵਾ ॥ ਬਿਨਵੰਤਿ ਨਾਨਕ ਦਇਆ ਧਾਰਹੁ ਸਦਾ ਹਰਿ ਗੁਣ ਗਾਵਾ ॥੨॥ ਗੁਰ ਮਿਲਿ ਸਾਗਰੁ ਤਰਿਆ ॥ ਹਰਿ ਚਰਣ ਜਪਤ ਨਿਸਤਰਿਆ ॥ ਹਰਿ ਚਰਣ ਧਿਆਏ ਸਭਿ ਫਲ ਪਾਏ ਮਿਟੇ ਆਵਣ ਜਾਣਾ ॥ ਭਾਇ ਭਗਤਿ ਸੁਭਾਇ ਹਰਿ ਜਪਿ ਆਪਣੇ ਪ੍ਰਭ ਭਾਵਾ ॥ ਜਪਿ ਏਕੁ ਅਲਖ ਅਪਾਰ ਪੂਰਨ ਤਿਸੁ ਬਿਨਾ ਨਹੀ ਕੋਈ ॥ ਬਿਨਵੰਤਿ ਨਾਨਕ ਗੁਰਿ ਭਰਮੁ ਖੋਇਆ ਜਤ ਦੇਖਾ ਤਤ ਸੋਈ ॥੩॥ ਪਤਿਤ ਪਾਵਨ ਹਰਿ ਨਾਮਾ ॥ ਪੂਰਨ ਸੰਤ ਜਨਾ ਕੇ ਕਾਮਾ ॥ ਗੁਰੁ ਸੰਤੁ ਪਾਇਆ ਪ੍ਰਭੁ ਧਿਆਇਆ ਸਗਲ ਇਛਾ ਪੁੰਨੀਆ ॥ ਹਉ ਤਾਪ ਬਿਨਸੇ ਸਦਾ ਸਰਸੇ ਪ੍ਰਭ ਮਿਲੇ ਚਿਰੀ ਵਿਛੁੰਨਿਆ ॥ ਮਨਿ ਸਾਤਿ ਆਈ ਵਜੀ ਵਧਾਈ ਮਨਹੁ ਕਦੇ ਨ ਵੀਸਰੈ ॥ ਬਿਨਵੰਤਿ ਨਾਨਕ ਸਤਿਗੁਰਿ ਦ੍ਰਿੜਾਇਆ ਸਦਾ ਭਜੁ ਜਗਦੀਸਰੈ ॥੪॥੧॥੩॥

My mind and body have become immaculate and pure, gazing upon the Blessed Vision of the Lord's Darshan; I chant the Name of God. I am the dust of the feet of the Holy. Worshipping God in adoration, my God is pleased with me. Prays Nanak, please bless me with Your Mercy, that I may sing Your Glorious Praises forever. ||2|| Meeting with the Guru, I cross over the world-ocean. Meditating on the Lord's Feet, I am emancipated. Meditating on the Lord's Feet, I have obtained the fruits of all rewards, and my comings and goings have ceased. With loving devotional worship, I meditate intuitively on the Lord, and my God is pleased. Meditate on the One, Unseen, Infinite, Perfect Lord; there is no other than Him. Prays Nanak, the Guru has erased my doubts; wherever I look, there I see Him. ||3|| The Lord's Name is the Purifier of sinners. It resolves the affairs of the humble Saints. I have found the Saintly Guru, meditating on God. All my desires have been fulfilled. The fever of egotism has been dispelled, and I am always happy. I have met God, from whom I was separated for so long. My mind has found peace and tranquility; congratulations are pouring in. I shall never forget Him from my mind. Prays Nanak, the True Guru has taught me this, to vibrate and meditate forever on the Lord of the Universe. ||4||1||3||

ਰਾਗੁ ਸੂਹੀ ਛੰਤ ਮਹਲਾ ੫ ਘਰੁ ੩

ੴ ਸਤਿਗੁਰ ਪ੍ਰਸਾਦਿ ॥

RAAG SOOHEE, CHHANT, FIFTH MEHL, THIRD HOUSE:

## ONE UNIVERSAL CREATOR GOD. BY THE GRACE OF THE TRUE GURU:

ਤੂ ਠਾਕੁਰੋ ਬੈਰਾਗਰੋ ਮੈ ਜੇਹੀ ਘਣ ਚੇਰੀ ਰਾਮ ॥ ਤੂੰ ਸਾਗਰੋ ਰਤਨਾਗਰੋ ਹਉ ਸਾਰ ਨ ਜਾਣਾ ਤੇਰੀ ਰਾਮ ॥ ਸਾਰ ਨ ਜਾਣਾ ਤੂ ਵਡ ਦਾਣਾ ਕਰਿ ਮਿਹਰੰਮਤਿ ਸਾਂਈ ॥ ਕਿਰਪਾ ਕੀਜੈ ਸਾ ਮਤਿ ਦੀਜੈ ਆਠ ਪਹਰ ਤੁਧੁ ਧਿਆਈ ॥ ਗਰਬੁ ਨ ਕੀਜੈ ਰੇਣ ਹੋਵੀਜੈ ਤਾ ਗਤਿ ਜੀਅਰੇ ਤੇਰੀ ॥ ਸਭ ਊਪਰਿ ਨਾਨਕ ਕਾ ਠਾਕੁਰੁ ਮੈ ਜੇਹੀ ਘਣ ਚੇਰੀ ਰਾਮ ॥੧॥ ਤੁਮ੍ ਗਉਹਰ ਅਤਿ ਗਹਿਰ ਗੰਭੀਰਾ ਤੁਮ ਪਿਰ ਹਮ ਬਹੁਰੀਆ ਰਾਮ ॥ ਤੁਮ ਵਡੇ ਵਡੇ ਵਡ ਊਚੇ ਹਉ ਇਤਨੀਕ ਲਹੁਰੀਆ ਰਾਮ ॥ ਹਉ ਕਿਛੁ ਨਾਹੀ ਏਕੋ ਤੂਹੈ ਆਪੇ ਆਪਿ ਸੁਜਾਨਾ ॥ ਅੰਮ੍ਰਿਤ ਦ੍ਰਿਸਟਿ ਨਿਮਖ ਪ੍ਰਭ ਜੀਵਾ ਸਰਬ ਰੰਗ ਰਸ ਮਾਨਾ ॥ ਚਰਣਹ ਸਰਨੀ ਦਾਸਹ ਦਾਸੀ ਮਨਿ ਮਉਲੈ ਤਨੁ ਹਰੀਆ ॥ ਨਾਨਕ ਠਾਕੁਰੁ ਸਰਬ ਸਮਾਣਾ ਆਪਨ ਭਾਵਨ ਕਰੀਆ ॥੨॥ ਤੁਝੁ ਊਪਰਿ ਮੇਰਾ ਹੈ ਮਾਣਾ ਤੂਹੈ ਮੇਰਾ ਤਾਣਾ ਰਾਮ ॥ ਸੁਰਤਿ ਮਤਿ ਚਤੁਰਾਈ ਤੇਰੀ ਤੂ ਜਾਣਾਇਹਿ ਜਾਣਾ ਰਾਮ ॥ ਸੋਈ ਜਾਣੈ ਸੋਈ ਪਛਾਣੈ ਜਾ ਕਉ ਨਦਰਿ ਸਿਰੰਦੇ ॥ ਮਨਮੁਖਿ ਭੂਲੀ ਬਹੁਤੀ ਰਾਹੀ ਫਾਥੀ ਮਾਇਆ ਫੰਦੇ ॥ ਠਾਕੁਰ ਭਾਣੀ ਸਾ ਗੁਣਵੰਤੀ ਤਿਨ ਹੀ ਸਭ ਰੰਗ ਮਾਣਾ ॥ ਨਾਨਕ ਕੀ ਧਰ ਤੂਹੈ ਠਾਕੁਰ ਤੂ ਨਾਨਕ ਕਾ ਮਾਣਾ ॥੩॥ ਹਉ ਵਾਰੀ ਵੰਞਾ ਘੋਲੀ ਵੰਞਾ ਤੂ ਪਰਬਤੁ ਮੇਰਾ ਓਲ੍ਹਾ ਰਾਮ ॥ ਹਉ ਬਲਿ ਜਾਈ ਲਖ ਲਖ ਲਖ ਬਰੀਆ ਜਿਨਿ ਭ੍ਰਮੁ ਪਰਦਾ ਖੋਲ੍ਹਾ ਰਾਮ ॥

O my Lord and Master, You are unattached; You have so many hand-maidens like me, Lord. You are the ocean, the source of jewels; I do not know Your value, Lord. I do not know Your value; You are the wisest of all; please show Mercy unto me, O Lord. Show Your Mercy, and bless me with such understanding, that I may meditate on You, twenty-four hours a day. O soul, don't be so arrogant — become the dust of all, and you shall be saved. Nanak's Lord is the Master of all; He has so many hand-maidens like me. ||1|| Your depth is profound and utterly unfathomable; You are my Husband Lord, and I am Your bride. You are the greatest of the great, exalted and lofty on high; I am infinitesimally small. I am nothing; You are the One and only. You Yourself are All-knowing. With just a momentary Glance of Your Grace, God, I live; I enjoy all pleasures and delights. I seek the Sanctuary of Your Feet; I am the slave of Your slaves. My mind has blossomed forth, and my body is rejuvenated. O Nanak, the Lord and Master is contained amongst all; He does just as He pleases. ||2|| I take pride in You; You are my only Strength, Lord. You are my understanding, intellect and knowledge. I know only what You cause me to know, Lord. He alone knows, and he alone understands, upon whom the Creator Lord bestows His Grace. The self-willed manmukh wanders along many paths, and is trapped in the net of Maya. She alone is virtuous, who is pleasing to her Lord and Master. You are Nanak's only pride, Lord. ||3|| I am a sacrifice, devoted and dedicated to You; You are my sheltering mountain, Lord. I am a sacrifice, thousands, hundreds of thousands of times, to the Lord.

ਮਿਟੇ ਅੰਧਾਰੇ ਤਜੇ ਬਿਕਾਰੇ ਠਾਕੁਰ ਸਿਉ ਮਨੁ ਮਾਨਾ ॥ ਪ੍ਰਭ ਜੀ ਭਾਣੀ ਭਈ ਨਿਕਾਣੀ ਸਫਲ ਜਨਮੁ ਪਰਵਾਨਾ ॥ ਭਈ ਅਮੋਲੀ ਭਾਰਾ ਤੋਲੀ ਮੁਕਤਿ ਜੁਗਤਿ ਦਰੁ ਖੋਲ੍ਹਾ ॥ ਕਹੁ ਨਾਨਕ ਹਉ ਨਿਰਭਉ ਹੋਈ ਸੋ ਪ੍ਰਭੁ ਮੇਰਾ ਓਲ੍ਹਾ ॥੪॥੧॥੪॥ ਸੂਹੀ ਮਹਲਾ ੫ ॥ ਸਾਜਨੁ ਪੁਰਖੁ ਸਤਿਗੁਰੁ ਮੇਰਾ ਪੂਰਾ ਤਿਸੁ ਬਿਨੁ ਅਵਰੁ ਨ ਜਾਣਾ ਰਾਮ ॥ ਮਾਤ ਪਿਤਾ ਭਾਈ ਸੁਤ ਬੰਧਪ ਜੀਅ ਪ੍ਰਾਣ ਮਨਿ ਭਾਣਾ ਰਾਮ ॥ ਜੀਉ ਪਿੰਡੁ ਸਭੁ ਤਿਸ ਕਾ ਦੀਆ ਸਰਬ ਗੁਣਾ ਭਰਪੂਰੇ ॥ ਅੰਤਰਜਾਮੀ ਸੋ ਪ੍ਰਭੁ ਮੇਰਾ ਸਰਬ ਰਹਿਆ ਭਰਪੂਰੇ ॥ ਤਾ ਕੀ ਸਰਣਿ ਸਰਬ ਸੁਖ ਪਾਏ ਹੋਏ ਸਰਬ ਕਲਿਆਣਾ ॥ ਸਦਾ ਸਦਾ ਪ੍ਰਭ ਕਉ ਬਲਿਹਾਰੈ ਨਾਨਕ ਸਦ ਕੁਰਬਾਣਾ ॥੧॥ ਐਸਾ ਗੁਰੁ ਵਡਭਾਗੀ ਪਾਈਐ ਜਿਤੁ ਮਿਲਿਐ ਪ੍ਰਭੁ ਜਾਪੈ ਰਾਮ ॥ ਜਨਮ ਜਨਮ ਕੇ ਕਿਲਵਿਖ ਉਤਰਹਿ ਹਰਿ ਸੰਤ ਧੂੜੀ ਨਿਤ ਨਾਪੈ ਰਾਮ ॥ ਹਰਿ ਧੂੜੀ ਨਾਈਐ ਪ੍ਰਭੂ ਧਿਆਈਐ ਬਾਹੁੜਿ ਜੋਨਿ ਨ ਆਈਐ ॥ ਗੁਰ ਚਰਣੀ ਲਾਗੇ ਭ੍ਰਮ ਭਉ ਭਾਗੇ ਮਨਿ ਚਿੰਦਿਆ ਫਲੁ ਪਾਈਐ ॥ ਹਰਿ ਗੁਣ ਨਿਤ ਗਾਏ ਨਾਮੁ ਧਿਆਏ ਫਿਰਿ ਸੋਗੁ ਨਾਹੀ ਸੰਤਾਪੈ ॥ ਨਾਨਕ ਸੋ ਪ੍ਰਭੁ ਜੀਅ ਕਾ ਦਾਤਾ ਪੂਰਾ ਜਿਸੁ ਪਰਤਾਪੈ ॥੨॥ ਹਰਿ ਹਰੇ ਹਰਿ ਗੁਣ ਨਿਧੇ ਹਰਿ ਸੰਤਨ ਕੈ ਵਸਿ ਆਏ ਰਾਮ ॥ ਸੰਤ ਚਰਣ ਗੁਰ ਸੇਵਾ ਲਾਗੇ ਤਿਨੀ ਪਰਮ ਪਦ ਪਾਏ ਰਾਮ ॥ ਪਰਮ ਪਦੁ ਪਾਇਆ ਆਪੁ ਮਿਟਾਇਆ ਹਰਿ ਪੂਰਨ ਕਿਰਪਾ ਧਾਰੀ ॥ ਸਫਲ ਜਨਮੁ ਹੋਆ ਭਉ ਭਾਗਾ ਹਰਿ ਭੇਟਿਆ ਏਕੁ ਮੁਰਾਰੀ ॥ ਜਿਸ ਕਾ ਸਾ ਤਿਨ ਹੀ ਮੇਲਿ ਲੀਆ ਜੋਤੀ ਜੋਤਿ ਸਮਾਇਆ ॥ ਨਾਨਕ ਨਾਮੁ ਨਿਰੰਜਨ ਜਪੀਐ ਮਿਲਿ ਸਤਿਗੁਰ ਸੁਖੁ ਪਾਇਆ ॥੩॥ ਗਾਉ ਮੰਗਲੋ ਨਿਤ ਹਰਿ ਜਨਹੁ ਪੁੰਨੀ ਇਛ ਸਬਾਈ ਰਾਮ ॥ ਰੰਗਿ ਰਤੇ ਅਪੁਨੇ ਸੁਆਮੀ ਸੇਤੀ ਮਰੈ ਨ ਆਵੈ ਜਾਈ ਰਾਮ ॥ ਅਬਿਨਾਸੀ ਪਾਇਆ ਨਾਮੁ ਧਿਆਇਆ ਸਗਲ ਮਨੋਰਥ ਪਾਏ ॥ ਸਾਂਤਿ ਸਹਜ ਆਨੰਦ ਘਨੇਰੇ ਗੁਰ ਚਰਣੀ ਮਨੁ ਲਾਏ ॥ ਪੂਰਿ ਰਹਿਆ ਘਟਿ ਘਟਿ ਅਬਿਨਾਸੀ ਥਾਨ ਥਨੰਤਰਿ ਸਾਈ ॥ ਕਹੁ ਨਾਨਕ ਕਾਰਜ ਸਗਲੇ ਪੂਰੇ ਗੁਰ ਚਰਣੀ ਮਨੁ ਲਾਈ ॥੪॥੨॥੫॥ ਸੂਹੀ ਮਹਲਾ ੫ ॥ ਕਰਿ ਕਿਰਪਾ ਮੇਰੇ ਪ੍ਰੀਤਮ ਸੁਆਮੀ ਨੇਤ੍ਰ ਦੇਖਹਿ ਦਰਸੁ ਤੇਰਾ ਰਾਮ ॥ ਲਾਖ ਜਿਹਵਾ ਦੇਹੁ ਮੇਰੇ ਪਿਆਰੇ ਮੁਖੁ ਹਰਿ ਆਰਾਧੇ ਮੇਰਾ ਰਾਮ ॥ ਹਰਿ ਆਰਾਧੇ ਜਮ ਪੰਥੁ ਸਾਧੇ ਦੂਖੁ ਨ ਵਿਆਪੈ ਕੋਈ ॥ ਜਲਿ ਥਲਿ ਮਹੀਅਲਿ ਪੂਰਨ ਸੁਆਮੀ ਜਤ ਦੇਖਾ ਤਤ ਸੋਈ ॥ ਭਰਮ ਮੋਹ ਬਿਕਾਰ ਨਾਠੇ ਪ੍ਰਭੁ

He has torn away the veil of doubt; darkness has been eliminated, and I have renounced corruption and sin. My mind is reconciled with my Lord and Master. I have become pleasing to my Dear God, and I have become carefree. My life is fulfilled and approved. I have become invaluable, of tremendous weight and value. The Door, and the Path of liberation are open to me now. Says Nanak, I am fearless; God has become my Shelter and Shield. ||4||1||4|| SOOHEE, FIFTH MEHL: My Perfect True Guru is my Best Friend, the Primal Being. I do not know any other than Him, Lord. He is my mother, father, sibling, child, relative, soul and breath of life. He is so pleasing to my mind, O Lord. My body and soul are all His blessings. He is overflowing with every quality of virtue. My God is the Inner-knower, the Searcher of hearts. He is totally permeating and pervading everywhere. In His Sanctuary, I receive every comfort and pleasure. I am totally, completely happy. Forever and ever, Nanak is a sacrifice to God, forever, a devoted sacrifice. ||1|| By great good fortune, one finds such a Guru, meeting whom, the Lord God is known. The sinful residues of countless lifetimes are erased, bathing continually in the dust of the feet of God's Saints. Bathing in the dust of the feet of the Lord, and meditating on God, you shall not have to enter into the womb of reincarnation again. Grasping hold of the Guru's Feet, doubt and fear are dispelled, and you receive the fruits of your mind's desires. Continually singing the Glorious Praises of the Lord, and meditating on the Naam, the Name of the Lord, you shall no longer suffer in pain and sorrow. O Nanak, God is the Giver of all souls; His radiant glory is perfect! ||2|| The Lord, Har, Har, is the treasure of virtue; the Lord is under the power of His Saints. Those who are dedicated to the feet of the Saints, and to serving the Guru, obtain the supreme status, O Lord. They obtain the supreme status, and eradicate self-conceit; the Perfect Lord showers His Grace upon them. Their lives are fruitful, their fears are dispelled, and they meet the One Lord, the Destroyer of ego. He blends into the One, to whom he belongs; his light merges into the Light. O Nanak, chant the Naam, the Name of the Immaculate Lord; meeting the True Guru, peace is obtained. ||3|| Sing continually the songs of joy, O humble beings of the Lord; all your desires shall be fulfilled. Those who are imbued with the Love of their Lord and Master do not die, or come or go in reincarnation. The Imperishable Lord is obtained, meditating on the Naam, and all one's wishes are fulfilled. Peace, poise, and all ecstasy are obtained, attaching one's mind to the Guru's feet. The Imperishable Lord is permeating and pervading each and every heart; He is in all places and interspaces. Says Nanak, all affairs are perfectly resolved, focusing one's mind on the Guru's Feet. ||4||2||5|| SOOHEE, FIFTH MEHL: Be Merciful, O my Beloved Lord and Master, that I may behold the Blessed Vision of Your Darshan with my eyes. Please bless me, O my Beloved, with thousands of tongues, to worship and adore You with my mouth, O Lord. Worshipping the Lord in adoration, the Path of Death is overcome, and no pain or suffering will afflict you. The Lord and Master is pervading and permeating the water, the land and the sky; wherever I look, there He is. Doubt, attachment and corruption are gone.

ਨੇਰ ਹੂ ਤੇ ਨੇਰਾ ॥ ਨਾਨਕ ਕਉ ਪ੍ਰਭ ਕਿਰਪਾ ਕੀਜੈ ਨੇਤ੍ਰ ਦੇਖਹਿ ਦਰਸੁ ਤੇਰਾ ॥੧॥ ਕੋਟਿ ਕਰਨ ਦੀਜਹਿ ਪ੍ਰਭ ਪ੍ਰੀਤਮ ਹਰਿ ਗੁਣ ਸੁਣੀਅਹਿ ਅਬਿਨਾਸੀ ਰਾਮ ॥ ਸੁਣਿ ਸੁਣਿ ਇਹੁ ਮਨੁ ਨਿਰਮਲੁ ਹੋਵੈ ਕਟੀਐ ਕਾਲ ਕੀ ਫਾਸੀ ਰਾਮ ॥ ਕਟੀਐ ਜਮ ਫਾਸੀ ਸਿਮਰਿ ਅਬਿਨਾਸੀ ਸਗਲ ਮੰਗਲ ਸੁਗਿਆਨਾ ॥ ਹਰਿ ਹਰਿ ਜਪੁ ਜਪੀਐ ਦਿਨੁ ਰਾਤੀ ਲਾਗੈ ਸਹਜਿ ਧਿਆਨਾ ॥ ਕਲਮਲ ਦੁਖ ਜਾਰੇ ਪ੍ਰਭੂ ਚਿਤਾਰੇ ਮਨ ਕੀ ਦੁਰਮਤਿ ਨਾਸੀ ॥ ਕਹੁ ਨਾਨਕ ਪ੍ਰਭ ਕਿਰਪਾ ਕੀਜੈ ਹਰਿ ਗੁਣ ਸੁਣੀਅਹਿ ਅਵਿਨਾਸੀ ॥੨॥ ਕਰੋੜਿ ਹਸਤ ਤੇਰੀ ਟਹਲ ਕਮਾਵਹਿ ਚਰਣ ਚਲਹਿ ਪ੍ਰਭ ਮਾਰਗਿ ਰਾਮ ॥ ਭਵ ਸਾਗਰ ਨਾਵ ਹਰਿ ਸੇਵਾ ਜੋ ਚੜੈ ਤਿਸੁ ਤਾਰਗਿ ਰਾਮ ॥ ਭਵਜਲੁ ਤਰਿਆ ਹਰਿ ਹਰਿ ਸਿਮਰਿਆ ਸਗਲ ਮਨੋਰਥ ਪੂਰੇ ॥ ਮਹਾ ਬਿਕਾਰ ਗਏ ਸੁਖ ਉਪਜੇ ਬਾਜੇ ਅਨਹਦ ਤੂਰੇ ॥ ਮਨ ਬਾਂਛਤ ਫਲ ਪਾਏ ਸਗਲੇ ਕੁਦਰਤਿ ਕੀਮ ਅਪਾਰਗਿ ॥ ਕਹੁ ਨਾਨਕ ਪ੍ਰਭ ਕਿਰਪਾ ਕੀਜੈ ਮਨੁ ਸਦਾ ਚਲੈ ਤੇਰੈ ਮਾਰਗਿ ॥੩॥ ਏਹੋ ਵਰੁ ਏਹਾ ਵਡਿਆਈ ਇਹੁ ਧਨੁ ਹੋਇ ਵਡਭਾਗਾ ਰਾਮ ॥ ਏਹੋ ਰੰਗੁ ਏਹੋ ਰਸ ਭੋਗਾ ਹਰਿ ਚਰਣੀ ਮਨੁ ਲਾਗਾ ਰਾਮ ॥ ਮਨੁ ਲਾਗਾ ਚਰਣੇ ਪ੍ਰਭ ਕੀ ਸਰਣੇ ਕਰਣ ਕਾਰਣ ਗੋਪਾਲਾ ॥ ਸਭੁ ਕਿਛੁ ਤੇਰਾ ਤੂ ਪ੍ਰਭੁ ਮੇਰਾ ਮੇਰੇ ਠਾਕੁਰ ਦੀਨ ਦਇਆਲਾ ॥ ਮੋਹਿ ਨਿਰਗੁਣ ਪ੍ਰੀਤਮ ਸੁਖ ਸਾਗਰ ਸੰਤਸੰਗਿ ਮਨੁ ਜਾਗਾ ॥ ਕਹੁ ਨਾਨਕ ਪ੍ਰਭਿ ਕਿਰਪਾ ਕੀਨ੍ਹ੍ਹੀ ਚਰਣ ਕਮਲ ਮਨੁ ਲਾਗਾ ॥੪॥੩॥੬॥ ਸੂਹੀ ਮਹਲਾ ੫ ॥ ਹਰਿ ਜਪੇ ਹਰਿ ਮੰਦਰੁ ਸਾਜਿਆ ਸੰਤ ਭਗਤ ਗੁਣ ਗਾਵਹਿ ਰਾਮ ॥ ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪਨਾ ਸਗਲੇ ਪਾਪ ਤਜਾਵਹਿ ਰਾਮ ॥ ਹਰਿ ਗੁਣ ਗਾਇ ਪਰਮ ਪਦੁ ਪਾਇਆ ਪ੍ਰਭ ਕੀ ਊਤਮ ਬਾਣੀ ॥ ਸਹਜ ਕਥਾ ਪ੍ਰਭ ਕੀ ਅਤਿ ਮੀਠੀ ਕਥੀ ਅਕਥ ਕਹਾਣੀ ॥ ਭਲਾ ਸੰਜੋਗੁ ਮੂਰਤੁ ਪਲੁ ਸਾਚਾ ਅਬਿਚਲ ਨੀਵ ਰਖਾਈ ॥ ਜਨ ਨਾਨਕ ਪ੍ਰਭ ਭਏ ਦਇਆਲਾ ਸਰਬ ਕਲਾ ਬਣਿ ਆਈ ॥੧॥ ਆਨੰਦਾ ਵਜਹਿ ਨਿਤ ਵਾਜੇ ਪਾਰਬ੍ਰਹਮੁ ਮਨਿ ਵੂਠਾ ਰਾਮ ॥ ਗੁਰਮੁਖੇ ਸਚੁ ਕਰਣੀ ਸਾਰੀ ਬਿਨਸੇ ਭ੍ਰਮ ਭੈ ਝੂਠਾ ਰਾਮ ॥ ਅਨਹਦ ਬਾਣੀ ਗੁਰਮੁਖਿ ਵਖਾਣੀ ਜਸੁ ਸੁਣਿ ਸੁਣਿ ਮਨੁ ਤਨੁ ਹਰਿਆ ॥ ਸਰਬ ਸੁਖਾ ਤਿਸ ਹੀ ਬਣਿ ਆਏ ਜੋ ਪ੍ਰਭਿ ਅਪਨਾ ਕਰਿਆ ॥ ਘਰ ਮਹਿ ਨਵ ਨਿਧਿ ਭਰੇ ਭੰਡਾਰਾ ਰਾਮ ਨਾਮਿ ਰੰਗੁ ਲਾਗਾ ॥ ਨਾਨਕ ਜਨ ਪ੍ਰਭੁ ਕਦੇ ਨ ਵਿਸਰੈ ਪੂਰਨ ਜਾ ਕੇ ਭਾਗਾ ॥੨॥ ਛਾਇਆ ਪ੍ਰਭਿ ਛਤ੍ਰਪਤਿ ਕੀਨ੍ਹ੍ਹੀ ਸਗਲੀ ਤਪਤਿ ਬਿਨਾਸੀ ਰਾਮ ॥ ਦੂਖ ਪਾਪ ਕਾ ਡੇਰਾ ਢਾਠਾ ਕਾਰਜੁ ਆਇਆ ਰਾਸੀ ਰਾਮ ॥

God is the nearest of the near. Please bless Nanak with Your Merciful Grace, O God, that his eyes may behold the Blessed Vision of Your Darshan. ||1|| Please bless me, O Beloved God, with millions of ears, with which I may hear the Glorious Praises of the Imperishable Lord. Listening, listening to these, this mind becomes spotless and pure, and the noose of Death is cut. The noose of Death is cut, meditating on the Imperishable Lord, and all happiness and wisdom are obtained. Chant, and meditate, day and night, on the Lord, Har, Har. Focus your meditation on the Celestial Lord. The painful residues of sinful mistakes are burnt away, by keeping God in one's thoughts; evil-mindedness is erased. Says Nanak, O God, please be Merciful to me, that I may listen to Your Glorious Praises, O Imperishable Lord. ||2|| Please give me millions of hands to serve You, God, and let my feet walk on Your Path. Service to the Lord is the boat to carry us across the terrifying world-ocean. So cross over the terrifying world-ocean, meditating in remembrance on the Lord, Har, Har; all wishes shall be fulfilled. Even the worst corruption is taken away; peace wells up, and the unstruck celestial harmony vibrates and resounds. All the fruits of the mind's desires are obtained; His creative power is infinitely valuable. Says Nanak, please be Merciful to me, God, that my mind may follow Your Path forever. ||3|| This opportunity, this glorious greatness, this blessing and wealth, come by great good fortune. These pleasures, these delightful enjoyments, come when my mind is attached to the Lord's Feet. My mind is attached to God's Feet; I seek His Sanctuary. He is the Creator, the Cause of causes, the Cherisher of the world. Everything is Yours; You are my God, O my Lord and Master, Merciful to the meek. I am worthless, O my Beloved, ocean of peace. In the Saints' Congregation, my mind is awakened. Says Nanak, God has been Merciful to me; my mind is attached to His Lotus Feet. ||4||3||6|| SOOHEE, FIFTH MEHL: Meditating on the Lord, the Lord's Temple has been built; the Saints and devotees sing the Lord's Glorious Praises. Meditating, meditating in remembrance of God, their Lord and Master, they discard and renounce all their sins. Singing the Glorious Praises of the Lord, the supreme status is obtained. The Word of God's Bani is sublime and exalted. God's Sermon is so very sweet. It brings celestial peace. It is to speak the Unspoken Speech. The time and the moment were auspicious, blessed and true, when the eternal foundation of this Temple was placed. O servant Nanak, God has been kind and compassionate; with all His powers, He has blessed me. ||1|| The sounds of ecstasy vibrate through me continuously. I have enshrined the Supreme Lord within my mind. As Gurmukh, my lifestyle is excellent and true; my false hopes and doubts are dispelled. The Gurmukh chants the Bani of the unstruck melody; hearing it, listening to it, my mind and body are rejuvenated. All pleasures are obtained, by that one whom God makes His Own. Within the home of the heart are the nine treasures, filled to overflowing. He has fallen in love with the Lord's Name. Servant Nanak shall never forget God; his destiny is perfectly fulfilled. ||2|| God, the King, has given me shade under His canopy, and the fire of desire has been totally extinguished. The home of sorrow and sin has been demolished, and all affairs have been resolved.

ਹਰਿ ਪ੍ਰਭਿ ਫੁਰਮਾਇਆ ਮਿਟੀ ਬਲਾਇਆ ਸਾਚੁ ਧਰਮੁ ਪੁੰਨੁ ਫਲਿਆ ॥ ਸੋ ਪ੍ਰਭੁ ਅਪੁਨਾ ਸਦਾ ਧਿਆਈਐ ਸੋਵਤ ਬੈਸਤ ਖਲਿਆ ॥ ਗੁਣ ਨਿਧਾਨ ਸੁਖ ਸਾਗਰ ਸੁਆਮੀ ਜਲਿ ਥਲਿ ਮਹੀਅਲਿ ਸੋਈ ॥ ਜਨ ਨਾਨਕ ਪ੍ਰਭ ਕੀ ਸਰਣਾਈ ਤਿਸੁ ਬਿਨੁ ਅਵਰੁ ਨ ਕੋਈ ॥੩॥ ਮੇਰਾ ਘਰੁ ਬਨਿਆ ਬਨੁ ਤਾਲੁ ਬਨਿਆ ਪ੍ਰਭ ਪਰਸੇ ਹਰਿ ਰਾਇਆ ਰਾਮ ॥ ਮੇਰਾ ਮਨੁ ਸੋਹਿਆ ਮੀਤ ਸਾਜਨ ਸਰਸੇ ਗੁਣ ਮੰਗਲ ਹਰਿ ਗਾਇਆ ਰਾਮ ॥ ਗੁਣ ਗਾਇ ਪ੍ਰਭੂ ਧਿਆਇ ਸਾਚਾ ਸਗਲ ਇਛਾ ਪਾਈਆ ॥ ਗੁਰ ਚਰਣ ਲਾਗੇ ਸਦਾ ਜਾਗੇ ਮਨਿ ਵਜੀਆ ਵਾਧਾਈਆ ॥ ਕਰੀ ਨਦਰਿ ਸੁਆਮੀ ਸੁਖਹ ਗਾਮੀ ਹਲਤੁ ਪਲਤੁ ਸਵਾਰਿਆ ॥ ਬਿਨਵੰਤਿ ਨਾਨਕ ਨਿਤ ਨਾਮੁ ਜਪੀਐ ਜੀਉ ਪਿੰਡੁ ਜਿਨਿ ਧਾਰਿਆ ॥੪॥੪॥੭॥ ਸੂਹੀ ਮਹਲਾ ੫ ॥ ਭੈ ਸਾਗਰੋ ਭੈ ਸਾਗਰੁ ਤਰਿਆ ਹਰਿ ਹਰਿ ਨਾਮੁ ਧਿਆਏ ਰਾਮ ॥ ਬੋਹਿਥੜਾ ਹਰਿ ਚਰਣ ਅਰਾਧੇ ਮਿਲਿ ਸਤਿਗੁਰ ਪਾਰਿ ਲਘਾਏ ਰਾਮ ॥ ਗੁਰ ਸਬਦੀ ਤਰੀਐ ਬਹੁੜਿ ਨ ਮਰੀਐ ਚੂਕੈ ਆਵਣ ਜਾਣਾ ॥ ਜੋ ਕਿਛੁ ਕਰੈ ਸੋਈ ਭਲ ਮਾਨਉ ਤਾ ਮਨੁ ਸਹਜਿ ਸਮਾਣਾ ॥ ਦੂਖ ਨ ਭੂਖ ਨ ਰੋਗੁ ਨ ਬਿਆਪੈ ਸੁਖ ਸਾਗਰ ਸਰਣੀ ਪਾਏ ॥ ਹਰਿ ਸਿਮਰਿ ਸਿਮਰਿ ਨਾਨਕ ਰੰਗਿ ਰਾਤਾ ਮਨ ਕੀ ਚਿੰਤ ਮਿਟਾਏ ॥੧॥ ਸੰਤ ਜਨਾ ਹਰਿ ਮੰਤ੍ਰੁ ਦ੍ਰਿੜਾਇਆ ਹਰਿ ਸਾਜਨ ਵਸਗਤਿ ਕੀਨੇ ਰਾਮ ॥ ਆਪਨੜਾ ਮਨੁ ਆਗੈ ਧਰਿਆ ਸਰਬਸੁ ਠਾਕੁਰਿ ਦੀਨੇ ਰਾਮ ॥ ਕਰਿ ਅਪੁਨੀ ਦਾਸੀ ਮਿਟੀ ਉਦਾਸੀ ਹਰਿ ਮੰਦਰਿ ਥਿਤਿ ਪਾਈ ॥ ਅਨਦ ਬਿਨੋਦ ਸਿਮਰਹੁ ਪ੍ਰਭੁ ਸਾਚਾ ਵਿਛੁੜਿ ਕਬਹੂ ਨ ਜਾਈ ॥ ਸਾ ਵਡਭਾਗਣਿ ਸਦਾ ਸੋਹਾਗਣਿ ਰਾਮ ਨਾਮ ਗੁਣ ਚੀਨ੍ਹੇ ॥ ਕਹੁ ਨਾਨਕ ਰਵਹਿ ਰੰਗਿ ਰਾਤੇ ਪ੍ਰੇਮ ਮਹਾ ਰਸਿ ਭੀਨੇ ॥੨॥ ਅਨਦ ਬਿਨੋਦ ਭਏ ਨਿਤ ਸਖੀਏ ਮੰਗਲ ਸਦਾ ਹਮਾਰੈ ਰਾਮ ॥ ਆਪਨੜੈ ਪ੍ਰਭਿ ਆਪਿ ਸੀਗਾਰੀ ਸੋਭਾਵੰਤੀ ਨਾਰੇ ਰਾਮ ॥ ਸਹਜ ਸੁਭਾਇ ਭਏ ਕਿਰਪਾਲਾ ਗੁਣ ਅਵਗਣ ਨ ਬੀਚਾਰਿਆ ॥ ਕੰਠਿ ਲਗਾਇ ਲੀਏ ਜਨ ਅਪੁਨੇ ਰਾਮ ਨਾਮ ਉਰਿ ਧਾਰਿਆ ॥ ਮਾਨ ਮੋਹ ਮਦ ਸਗਲ ਬਿਆਪੀ ਕਰਿ ਕਿਰਪਾ ਆਪਿ ਨਿਵਾਰੇ ॥ ਕਹੁ ਨਾਨਕ ਭੈ ਸਾਗਰੁ ਤਰਿਆ ਪੂਰਨ ਕਾਜ ਹਮਾਰੇ ॥੩॥ ਗੁਣ ਗੋਪਾਲ ਗਾਵਹੁ ਨਿਤ ਸਖੀਹੋ ਸਗਲ ਮਨੋਰਥ ਪਾਏ ਰਾਮ ॥ ਸਫਲ ਜਨਮੁ ਹੋਆ ਮਿਲਿ ਸਾਧੂ ਏਕੰਕਾਰੁ ਧਿਆਏ ਰਾਮ ॥ ਜਪਿ ਏਕ ਪ੍ਰਭੂ ਅਨੇਕ ਰਵਿਆ ਸਰਬ ਮੰਡਲਿ ਛਾਇਆ ॥ ਬ੍ਰਹਮੋ ਪਸਾਰਾ ਬ੍ਰਹਮੁ ਪਸਰਿਆ ਸਭੁ ਬ੍ਰਹਮੁ ਦ੍ਰਿਸਟੀ ਆਇਆ ॥ ਜਲਿ ਥਲਿ ਮਹੀਅਲਿ ਪੂਰਿ ਪੂਰਨ ਤਿਸੁ ਬਿਨਾ ਨਹੀ ਜਾਏ ॥

When the Lord God so commands, misfortune is averted; true righteousness, Dharma and charity flourish. Meditate forever on your God, when you sleep and sit and stand. The Lord and Master is the treasure of virtue, the ocean of peace; He pervades the water, the land and the sky. Servant Nanak has entered God's Sanctuary; there is no other than Him. ||3|| My home is made, the garden and pool are made, and my Sovereign Lord God has met me. My mind is adorned, and my friends rejoice; I sing the songs of joy, and the Glorious Praises of the Lord. Singing the Glorious Praises of the True Lord God, all desires are fulfilled. Those who are attached to the Guru's Feet are always awake and aware; His Praises resound and resonate through their minds. My Lord and Master, the bringer of peace, has blessed me with His Grace; He has arranged this world, and the world hereafter for me. Prays Nanak, chant the Naam, the Name of the Lord forever; He is the Support of the body and soul. ||4||4||7|| SOOHEE, FIFTH MEHL: The terrifying world-ocean, the terrifying world-ocean — I have crossed over it, meditating on the Naam, the Name of the Lord, Har, Har. I worship and adore the Lord's Feet, the boat to carry me across. Meeting the True Guru, I am carried over. Through the Word of the Guru's Shabad, I cross over, and I shall not die again; my comings and goings are ended. Whatever He does, I accept as good, and my mind merges in celestial peace. Neither pain, nor hunger, nor disease afflicts me. I have found the Sanctuary of the Lord, the ocean of peace. Meditating, meditating in remembrance on the Lord, Nanak is imbued with His Love; his mind's anxieties are dispelled. ||1|| The humble Saints have implanted the Lord's Mantra within me, and the Lord, my Best Friend, has come under my power. I have dedicated my mind to my Lord and Master, and offered it to Him, and He has blessed me with everything. He has made me His hand-maiden and slave; my sadness is dispelled, and in the Lord's Temple, I have found stability. My joy and bliss are in meditating on my True God; I shall never be separated from Him again. She alone is very fortunate, and a true soul-bride, who contemplates the Glorious Vision of the Lord's Name. Says Nanak, I am imbued with His Love, drenched in the supreme, sublime essence of His Love. ||2|| I am in continual bliss and ecstasy, O my companions; I sing the songs of joy forever. God Himself has embellished her, and she has become His virtuous soul-bride. With natural ease, He has become Merciful to her. He does not consider her merits or demerits. He hugs His humble servants close in His Loving Embrace; they enshrine the Lord's Name in their hearts. Everyone is engrossed in arrogant pride, attachment and intoxication; in His Mercy, He has freed me of them. Says Nanak, I have crossed over the terrifying world-ocean, and all my affairs are perfectly resolved. ||3|| Continually sing the Glorious Praises of the World-Lord, O my companions; all your wishes shall be granted. Life becomes fruitful, meeting with the Holy Saints, and meditating on the One God, the Creator of the Universe. Chant, and meditate on the One God, who permeates and pervades the many beings of the whole Universe. God created it, and God spreads through it everywhere. Everywhere I look, I see God. The Perfect Lord is perfectly pervading and permeating the water, the land and the sky; there is no place without Him.

ਪੇਖਿ ਦਰਸਨੁ ਨਾਨਕ ਬਿਗਸੇ ਆਪਿ ਲਏ ਮਿਲਾਏ ॥੪॥੫॥੮॥ ਸੂਹੀ ਮਹਲਾ ੫ ॥ ਅਬਿਚਲ ਨਗਰੁ ਗੋਬਿੰਦ ਗੁਰੂ ਕਾ ਨਾਮੁ ਜਪਤ ਸੁਖੁ ਪਾਇਆ ਰਾਮ ॥ ਮਨ ਇਛੇ ਸੇਈ ਫਲ ਪਾਏ ਕਰਤੈ ਆਪਿ ਵਸਾਇਆ ਰਾਮ ॥ ਕਰਤੈ ਆਪਿ ਵਸਾਇਆ ਸਰਬ ਸੁਖ ਪਾਇਆ ਪੁਤ ਭਾਈ ਸਿਖ ਬਿਗਾਸੇ ॥ ਗੁਣ ਗਾਵਹਿ ਪੂਰਨ ਪਰਮੇਸੁਰ ਕਾਰਜੁ ਆਇਆ ਰਾਸੇ ॥ ਪ੍ਰਭੁ ਆਪਿ ਸੁਆਮੀ ਆਪੇ ਰਖਾ ਆਪਿ ਪਿਤਾ ਆਪਿ ਮਾਇਆ ॥ ਕਹੁ ਨਾਨਕ ਸਤਿਗੁਰ ਬਲਿਹਾਰੀ ਜਿਨਿ ਏਹੁ ਥਾਨੁ ਸੁਹਾਇਆ ॥੧॥ ਘਰ ਮੰਦਰ ਹਟਨਾਲੇ ਸੋਹੇ ਜਿਸੁ ਵਿਚਿ ਨਾਮੁ ਨਿਵਾਸੀ ਰਾਮ ॥ ਸੰਤ ਭਗਤ ਹਰਿ ਨਾਮੁ ਅਰਾਧਹਿ ਕਟੀਐ ਜਮ ਕੀ ਫਾਸੀ ਰਾਮ ॥ ਕਾਟੀ ਜਮ ਫਾਸੀ ਪ੍ਰਭਿ ਅਬਿਨਾਸੀ ਹਰਿ ਹਰਿ ਨਾਮੁ ਧਿਆਏ ॥ ਸਗਲ ਸਮਗ੍ਰੀ ਪੂਰਨ ਹੋਈ ਮਨ ਇਛੇ ਫਲ ਪਾਏ ॥ ਸੰਤ ਸਜਨ ਸੁਖਿ ਮਾਣਹਿ ਰਲੀਆ ਦੂਖ ਦਰਦ ਭ੍ਰਮ ਨਾਸੀ ॥ ਸਬਦਿ ਸਵਾਰੇ ਸਤਿਗੁਰਿ ਪੂਰੈ ਨਾਨਕ ਸਦ ਬਲਿ ਜਾਸੀ ॥੨॥ ਦਾਤਿ ਖਸਮ ਕੀ ਪੂਰੀ ਹੋਈ ਨਿਤ ਨਿਤ ਚੜੈ ਸਵਾਈ ਰਾਮ ॥ ਪਾਰਬ੍ਰਹਮਿ ਖਸਮਾਨਾ ਕੀਆ ਜਿਸ ਦੀ ਵਡੀ ਵਡਿਆਈ ਰਾਮ ॥ ਆਦਿ ਜੁਗਾਦਿ ਭਗਤਨ ਕਾ ਰਾਖਾ ਸੋ ਪ੍ਰਭੁ ਭਇਆ ਦਇਆਲਾ ॥ ਜੀਅ ਜੰਤ ਸਭਿ ਸੁਖੀ ਵਸਾਏ ਪ੍ਰਭਿ ਆਪੇ ਕਰਿ ਪ੍ਰਤਿਪਾਲਾ ॥ ਦਹ ਦਿਸ ਪੂਰਿ ਰਹਿਆ ਜਸੁ ਸੁਆਮੀ ਕੀਮਤਿ ਕਹਣੁ ਨ ਜਾਈ ॥ ਕਹੁ ਨਾਨਕ ਸਤਿਗੁਰ ਬਲਿਹਾਰੀ ਜਿਨਿ ਅਬਿਚਲ ਨੀਵ ਰਖਾਈ ॥੩॥ ਗਿਆਨ ਧਿਆਨ ਪੂਰਨ ਪਰਮੇਸੁਰ ਹਰਿ ਹਰਿ ਕਥਾ ਨਿਤ ਸੁਣੀਐ ਰਾਮ ॥ ਅਨਹਦ ਚੋਜ ਭਗਤ ਭਵ ਭੰਜਨ ਅਨਹਦ ਵਾਜੇ ਧੁਨੀਐ ਰਾਮ ॥ ਅਨਹਦ ਝੁਣਕਾਰੇ ਤਤੁ ਬੀਚਾਰੇ ਸੰਤ ਗੋਸਟਿ ਨਿਤ ਹੋਵੈ ॥ ਹਰਿ ਨਾਮੁ ਅਰਾਧਹਿ ਮੈਲੁ ਸਭ ਕਾਟਹਿ ਕਿਲਵਿਖ ਸਗਲੇ ਖੋਵੈ ॥ ਤਹ ਜਨਮ ਨ ਮਰਣਾ ਆਵਣ ਜਾਣਾ ਬਹੁੜਿ ਨ ਪਾਈਐ ਜੋੁਨੀਐ ॥ ਨਾਨਕ ਗੁਰੁ ਪਰਮੇਸਰੁ ਪਾਇਆ ਜਿਸੁ ਪ੍ਰਸਾਦਿ ਇਛ ਪੁਨੀਐ ॥੪॥੬॥੯॥ ਸੂਹੀ ਮਹਲਾ ੫ ॥ ਸੰਤਾ ਕੇ ਕਾਰਜਿ ਆਪਿ ਖਲੋਇਆ ਹਰਿ ਕੰਮੁ ਕਰਾਵਣਿ ਆਇਆ ਰਾਮ ॥ ਧਰਤਿ ਸੁਹਾਵੀ ਤਾਲੁ ਸੁਹਾਵਾ ਵਿਚਿ ਅੰਮ੍ਰਿਤ ਜਲੁ ਛਾਇਆ ਰਾਮ ॥ ਅੰਮ੍ਰਿਤ ਜਲੁ ਛਾਇਆ ਪੂਰਨ ਸਾਜੁ ਕਰਾਇਆ ਸਗਲ ਮਨੋਰਥ ਪੂਰੇ ॥ ਜੈ ਜੈ ਕਾਰੁ ਭਇਆ ਜਗ ਅੰਤਰਿ ਲਾਥੇ ਸਗਲ ਵਿਸੂਰੇ ॥ ਪੂਰਨ ਪੁਰਖ ਅਚੁਤ ਅਬਿਨਾਸੀ ਜਸੁ ਵੇਦ ਪੁਰਾਣੀ ਗਾਇਆ ॥ ਅਪਨਾ ਬਿਰਦੁ ਰਖਿਆ ਪਰਮੇਸਰਿ ਨਾਨਕ ਨਾਮੁ ਧਿਆਇਆ ॥੧॥ ਨਵ ਨਿਧਿ ਸਿਧਿ ਰਿਧਿ ਦੀਨੇ ਕਰਤੇ ਤੋਟਿ ਨ ਆਵੈ ਕਾਈ ਰਾਮ ॥

Beholding the Blessed Vision of His Darshan, Nanak has blossomed forth; the Lord has united him in Union. ||4||5||8|| SOOHEE, FIFTH MEHL: Eternal and immovable is the City of God and Guru; chanting His Name, I have found peace. I have obtained the fruits of my mind's desires; the Creator Himself established it. The Creator Himself established it. I have found total peace; my children, siblings and Sikhs have all blossomed forth in bliss. Singing the Glorious Praises of the Perfect Transcendent Lord, my affairs have come to be resolved. God Himself is my Lord and Master. He Himself is my Saving Grace; He Himself is my father and mother. Says Nanak, I am a sacrifice to the True Guru, who has embellished and adorned this place. ||1|| Homes, mansions, stores and markets are beautiful, when the Lord's Name abides within. The Saints and devotees worship the Lord's Name in adoration, and the noose of Death is cut away. The noose of Death is cut away, meditating on the Name of the Eternal, Unchanging Lord, Har, Har. Everything is perfect for them, and they obtain the fruits of their mind's desires. The Saints and friends enjoy peace and pleasure; their pain, suffering and doubts are dispelled. The Perfect True Guru has embellished them with the Word of the Shabad; Nanak is forever a sacrifice to them. ||2|| The gift of our Lord and Master is perfect; it increases day by day. The Supreme Lord God has made me His own; His Glorious Greatness is so great! From the very beginning, and throughout the ages, He is the Protector of His devotees; God has become merciful to me. All beings and creatures now dwell in peace; God Himself cherishes and cares for them. The Praises of the Lord and Master are totally pervading in the ten directions; I cannot express His worth. Says Nanak, I am a sacrifice to the True Guru, who has laid this eternal foundation. ||3|| The spiritual wisdom and meditation of the Perfect Transcendent Lord, and the Sermon of the Lord, Har, Har, are continually heard there. The devotees of the Lord, the Destroyer of fear, play endlessly there, and the unstruck melody resounds and vibrates there. The unstruck melody resounds and resonates, and the Saints contemplate the essence of reality; this discourse is their daily routine. They worship the Lord's Name, and all their filth is washed away; they rid themselves of all sinful residues. There is no birth or death there, no coming or going, and no entering into the womb of reincarnation again. Nanak has found the Guru, the Transcendent Lord; by His Grace, desires are fulfilled. ||4||6||9|| SOOHEE, FIFTH MEHL: The Lord Himself has stood up to resolve the affairs of the Saints; He has come to complete their tasks. The land is beautiful, and the pool is beautiful; within it is contained the Ambrosial Water. The Ambrosial Water is filling it, and my job is perfectly complete; all my desires are fulfilled. Congratulations are pouring in from all over the world; all my sorrows are eliminated. The Vedas and the Puraanas sing the Praises of the Perfect, Unchanging, Imperishable Primal Lord.The Transcendent Lord has kept His promise, and confirmed His nature; Nanak meditates on the Naam, the Name of the Lord. ||1|| The Creator has given me the nine treasures, wealth and spiritual powers, and I do not lack anything.

ਖਾਤ ਖਰਚਤ ਬਿਲਛਤ ਸੁਖੁ ਪਾਇਆ ਕਰਤੇ ਕੀ ਦਾਤਿ ਸਵਾਈ ਰਾਮ ॥ ਦਾਤਿ ਸਵਾਈ ਨਿਖੁਟਿ ਨ ਜਾਈ ਅੰਤਰਜਾਮੀ ਪਾਇਆ ॥ ਕੋਟਿ ਬਿਘਨ ਸਗਲੇ ਉਠਿ ਨਾਠੇ ਦੂਖੁ ਨ ਨੇੜੈ ਆਇਆ ॥ ਸਾਂਤਿ ਸਹਜ ਆਨੰਦ ਘਨੇਰੇ ਬਿਨਸੀ ਭੂਖ ਸਬਾਈ ॥ ਨਾਨਕ ਗੁਣ ਗਾਵਹਿ ਸੁਆਮੀ ਕੇ ਅਚਰਜੁ ਜਿਸੁ ਵਡਿਆਈ ਰਾਮ ॥੨॥ ਜਿਸ ਕਾ ਕਾਰਜੁ ਤਿਨ ਹੀ ਕੀਆ ਮਾਣਸੁ ਕਿਆ ਵੇਚਾਰਾ ਰਾਮ ॥ ਭਗਤ ਸੋਹਨਿ ਹਰਿ ਕੇ ਗੁਣ ਗਾਵਹਿ ਸਦਾ ਕਰਹਿ ਜੈਕਾਰਾ ਰਾਮ ॥ ਗੁਣ ਗਾਇ ਗੋਬਿੰਦ ਅਨਦ ਉਪਜੇ ਸਾਧਸੰਗਤਿ ਸੰਗਿ ਬਨੀ ॥ ਜਿਨਿ ਉਦਮੁ ਕੀਆ ਤਾਲ ਕੇਰਾ ਤਿਸ ਕੀ ਉਪਮਾ ਕਿਆ ਗਨੀ ॥ ਅਠਸਠਿ ਤੀਰਥ ਪੁੰਨ ਕਿਰਿਆ ਮਹਾ ਨਿਰਮਲ ਚਾਰਾ ॥ ਪਤਿਤ ਪਾਵਨੁ ਬਿਰਦੁ ਸੁਆਮੀ ਨਾਨਕ ਸਬਦ ਅਧਾਰਾ ॥੩॥ ਗੁਣ ਨਿਧਾਨ ਮੇਰਾ ਪ੍ਰਭੁ ਕਰਤਾ ਉਸਤਤਿ ਕਉਨੁ ਕਰੀਜੈ ਰਾਮ ॥ ਸੰਤਾ ਕੀ ਬੇਨੰਤੀ ਸੁਆਮੀ ਨਾਮੁ ਮਹਾ ਰਸੁ ਦੀਜੈ ਰਾਮ ॥ ਨਾਮੁ ਦੀਜੈ ਦਾਨੁ ਕੀਜੈ ਬਿਸਰੁ ਨਾਹੀ ਇਕ ਖਿਨੋ ॥ ਗੁਣ ਗੋਪਾਲ ਉਚਰੁ ਰਸਨਾ ਸਦਾ ਗਾਈਐ ਅਨਦਿਨੋ ॥ ਜਿਸੁ ਪ੍ਰੀਤਿ ਲਾਗੀ ਨਾਮ ਸੇਤੀ ਮਨੁ ਤਨੁ ਅੰਮ੍ਰਿਤ ਭੀਜੈ ॥ ਬਿਨਵੰਤਿ ਨਾਨਕ ਇਛ ਪੁੰਨੀ ਪੇਖਿ ਦਰਸਨੁ ਜੀਜੈ ॥੪॥੭॥੧੦॥

ਰਾਗੁ ਸੂਹੀ ਮਹਲਾ ੫ ਛੰਤ

ੴ ਸਤਿਗੁਰ ਪ੍ਰਸਾਦਿ ॥

ਮਿਠ ਬੋਲੜਾ ਜੀ ਹਰਿ ਸਜਣੁ ਸੁਆਮੀ ਮੋਰਾ ॥ ਹਉ ਸੰਮਲਿ ਥਕੀ ਜੀ ਓਹੁ ਕਦੇ ਨ ਬੋਲੈ ਕਉਰਾ ॥ ਕਉੜਾ ਬੋਲਿ ਨ ਜਾਨੈ ਪੂਰਨ ਭਗਵਾਨੈ ਅਉਗਣੁ ਕੋ ਨ ਚਿਤਾਰੇ ॥ ਪਤਿਤ ਪਾਵਨੁ ਹਰਿ ਬਿਰਦੁ ਸਦਾਏ ਇਕੁ ਤਿਲੁ ਨਹੀ ਭੰਨੈ ਘਾਲੇ ॥ ਘਟ ਘਟ ਵਾਸੀ ਸਰਬ ਨਿਵਾਸੀ ਨੇਰੈ ਹੀ ਤੇ ਨੇਰਾ ॥ ਨਾਨਕ ਦਾਸੁ ਸਦਾ ਸਰਣਾਗਤਿ ਹਰਿ ਅੰਮ੍ਰਿਤ ਸਜਣੁ ਮੇਰਾ ॥੧॥ ਹਉ ਬਿਸਮੁ ਭਈ ਜੀ ਹਰਿ ਦਰਸਨੁ ਦੇਖਿ ਅਪਾਰਾ ॥ ਮੇਰਾ ਸੁੰਦਰੁ ਸੁਆਮੀ ਜੀ ਹਉ ਚਰਨ ਕਮਲ ਪਗ ਛਾਰਾ ॥ ਪ੍ਰਭ ਪੇਖਤ ਜੀਵਾ ਠੰਢੀ ਥੀਵਾ ਤਿਸੁ ਜੇਵਡੁ ਅਵਰੁ ਨ ਕੋਈ ॥ ਆਦਿ ਅੰਤਿ ਮਧਿ ਪ੍ਰਭੁ ਰਵਿਆ ਜਲਿ ਥਲਿ ਮਹੀਅਲਿ ਸੋਈ ॥ ਚਰਨ ਕਮਲ ਜਪਿ ਸਾਗਰੁ ਤਰਿਆ ਭਵਜਲ ਉਤਰੇ ਪਾਰਾ ॥ ਨਾਨਕ ਸਰਣਿ ਪੂਰਨ ਪਰਮੇਸੁਰ ਤੇਰਾ ਅੰਤੁ ਨ ਪਾਰਾਵਾਰਾ ॥੨॥ ਹਉ ਨਿਮਖ ਨ ਛੋਡਾ ਜੀ ਹਰਿ ਪ੍ਰੀਤਮ ਪ੍ਰਾਨ ਅਧਾਰੋ ॥ ਗੁਰਿ ਸਤਿਗੁਰ ਕਹਿਆ ਜੀ ਸਾਚਾ ਅਗਮ ਬੀਚਾਰੋ ॥ ਮਿਲਿ ਸਾਧੂ ਦੀਨਾ ਤਾ ਨਾਮੁ ਲੀਨਾ ਜਨਮ ਮਰਣ ਦੁਖ ਨਾਠੇ ॥

ਘਟਿ ਘਟਿ ਸਾਚੁ ਰਹਿਆ ਭਰਪੂਰੇ ॥ ਗੁਪਤੀ ਬਾਣੀ ਪਰਗਟੁ ਹੋਇ ॥ ਨਾਨਕ ਪਰਖਿ ਲਏ ਸਚੁ ਸੋਇ ॥੫੩॥ ਸਹਜ ਭਾਇ ਮਿਲੀਐ ਸੁਖੁ ਹੋਵੈ ॥ ਗੁਰਮੁਖਿ ਜਾਗੈ ਨੀਦ ਨ ਸੋਵੈ ॥ ਸੁੰਨ ਸਬਦੁ ਅਪਰੰਪਰਿ ਧਾਰੈ ॥ ਕਹਤੇ ਮੁਕਤੁ ਸਬਦਿ ਨਿਸਤਾਰੈ ॥ ਗੁਰ ਕੀ ਦੀਖਿਆ ਸੇ ਸਚਿ ਰਾਤੇ ॥ ਨਾਨਕ ਆਪੁ ਗਵਾਇ ਮਿਲਣ ਨਹੀ ਭ੍ਰਾਤੇ ॥੫੪॥ ਕੁਬੁਧਿ ਚਵਾਵੈ ਸੋ ਕਿਤੁ ਠਾਇ ॥ ਕਿਉ ਤਤੁ ਨ ਬੂਝੈ ਚੋਟਾ ਖਾਇ ॥ ਜਮ ਦਰਿ ਬਾਧੇ ਕੋਇ ਨ ਰਾਖੈ ॥ ਬਿਨੁ ਸਬਦੈ ਨਾਹੀ ਪਤਿ ਸਾਖੈ ॥ ਕਿਉ ਕਰਿ ਬੂਝੈ ਪਾਵੈ ਪਾਰੁ ॥ ਨਾਨਕ ਮਨਮੁਖਿ ਨ ਬੁਝੈ ਗਵਾਰੁ ॥੫੫॥ ਕੁਬੁਧਿ ਮਿਟੈ ਗੁਰ ਸਬਦੁ ਬੀਚਾਰਿ ॥ ਸਤਿਗੁਰੁ ਭੇਟੈ ਮੋਖ ਦੁਆਰ ॥ ਤਤੁ ਨ ਚੀਨੈ ਮਨਮੁਖੁ ਜਲਿ ਜਾਇ ॥ ਦੁਰਮਤਿ ਵਿਛੁੜਿ ਚੋਟਾ ਖਾਇ ॥ ਮਾਨੈ ਹੁਕਮੁ ਸਭੇ ਗੁਣ ਗਿਆਨ ॥ ਨਾਨਕ ਦਰਗਹ ਪਾਵੈ ਮਾਨੁ ॥੫੬॥ ਸਾਚੁ ਵਖਰੁ ਧਨੁ ਪਲੈ ਹੋਇ ॥ ਆਪਿ ਤਰੈ ਤਾਰੇ ਭੀ ਸੋਇ ॥ ਸਹਜਿ ਰਤਾ ਬੂਝੈ ਪਤਿ ਹੋਇ ॥ ਤਾ ਕੀ ਕੀਮਤਿ ਕਰੈ ਨ ਕੋਇ ॥ ਜਹ ਦੇਖਾ ਤਹ ਰਹਿਆ ਸਮਾਇ ॥ ਨਾਨਕ ਪਾਰਿ ਪਰੈ ਸਚ ਭਾਇ ॥੫੭॥ ਸੁ ਸਬਦ ਕਾ ਕਹਾ ਵਾਸੁ ਕਥੀਅਲੇ ਜਿਤੁ ਤਰੀਐ ਭਵਜਲੁ ਸੰਸਾਰੋ ॥ ਤ੍ਰੈ ਸਤ ਅੰਗੁਲ ਵਾਈ ਕਹੀਐ ਤਿਸੁ ਕਹੁ ਕਵਨੁ ਅਧਾਰੋ ॥ ਬੋਲੈ ਖੇਲੈ ਅਸਥਿਰੁ ਹੋਵੈ ਕਿਉ ਕਰਿ ਅਲਖੁ ਲਖਾਏ ॥ ਸੁਣਿ ਸੁਆਮੀ ਸਚੁ ਨਾਨਕੁ ਪ੍ਰਣਵੈ ਅਪਣੇ ਮਨ ਸਮਝਾਏ ॥ ਗੁਰਮੁਖਿ ਸਬਦੇ ਸਚਿ ਲਿਵ ਲਾਗੈ ਕਰਿ ਨਦਰੀ ਮੇਲਿ ਮਿਲਾਏ ॥ ਆਪੇ ਦਾਨਾ ਆਪੇ ਬੀਨਾ ਪੂਰੈ ਭਾਗਿ ਸਮਾਏ ॥੫੮॥ ਸੁ ਸਬਦ ਕਉ ਨਿਰੰਤਰਿ ਵਾਸੁ ਅਲਖੰ ਜਹ ਦੇਖਾ ਤਹ ਸੋਈ ॥ ਪਵਨ ਕਾ ਵਾਸਾ ਸੁੰਨ ਨਿਵਾਸਾ ਅਕਲ ਕਲਾ ਧਰ ਸੋਈ ॥ ਨਦਰਿ ਕਰੇ ਸਬਦੁ ਘਟ ਮਹਿ ਵਸੈ ਵਿਚਹੁ ਭਰਮੁ ਗਵਾਏ ॥ ਤਨੁ ਮਨੁ ਨਿਰਮਲੁ ਨਿਰਮਲ ਬਾਣੀ ਨਾਮੁੋ ਮੰਨਿ ਵਸਾਏ ॥ ਸਬਦਿ ਗੁਰੂ ਭਵਸਾਗਰੁ ਤਰੀਐ ਇਤ ਉਤ ਏਕੋ ਜਾਣੈ ॥ ਚਿਹਨੁ ਵਰਨੁ ਨਹੀ ਛਾਇਆ ਮਾਇਆ ਨਾਨਕ ਸਬਦੁ ਪਛਾਣੈ ॥੫੯॥ ਤ੍ਰੈ ਸਤ ਅੰਗੁਲ ਵਾਈ ਅਉਧੂ ਸੁੰਨ ਸਚੁ ਆਹਾਰੋ ॥ ਗੁਰਮੁਖਿ ਬੋਲੈ ਤਤੁ ਬਿਰੋਲੈ ਚੀਨੈ ਅਲਖ ਅਪਾਰੋ ॥ ਤ੍ਰੈ ਗੁਣ ਮੇਟੈ ਸਬਦੁ ਵਸਾਏ ਤਾ ਮਨਿ ਚੂਕੈ ਅਹੰਕਾਰੋ ॥ ਅੰਤਰਿ ਬਾਹਰਿ ਏਕੋ ਜਾਣੈ ਤਾ ਹਰਿ ਨਾਮਿ ਲਗੈ ਪਿਆਰੋ ॥ ਸੁਖਮਨਾ ਇੜਾ ਪਿੰਗੁਲਾ ਬੂਝੈ ਜਾ ਆਪੇ ਅਲਖੁ ਲਖਾਏ ॥ ਨਾਨਕ ਤਿਹੁ ਤੇ ਊਪਰਿ ਸਾਚਾ ਸਤਿਗੁਰ ਸਬਦਿ ਸਮਾਏ ॥੬੦॥ ਮਨ ਕਾ ਜੀਉ ਪਵਨੁ ਕਥੀਅਲੇ ਪਵਨੁ ਕਹਾ ਰਸੁ ਖਾਈ ॥ ਗਿਆਨ ਕੀ ਮੁਦ੍ਰਾ ਕਵਨ ਅਉਧੂ

The True Lord is pervading and permeating each and every heart. The hidden Bani of the Word is revealed. O Nanak, the True Lord is revealed and known. ||53|| Meeting with the Lord through intuition and love, peace is found. The Gurmukh remains awake and aware; he does not fall sleep. He enshrines the unlimited, absolute Shabad deep within. Chanting the Shabad, he is liberated, and saves others as well. Those who practice the Guru’s Teachings are attuned to the Truth. O Nanak, those who eradicate their self-conceit meet with the Lord; they do not remain separated by doubt. ||54||“Where is that place, where evil thoughts are destroyed? The mortal does not understand the essence of reality; why must he suffer in pain?” No one can save one who is tied up at Death’s door. Without the Shabad, no one has any credit or honor. “How can one obtain understanding and cross over?” O Nanak, the foolish self-willed manmukh does not understand. ||55|| Evil thoughts are erased, contemplating the Word of the Guru’s Shabad. Meeting with the True Guru, the door of liberation is found. The self-willed manmukh does not understand the essence of reality, and is burnt to ashes. His evil-mindedness separates him from the Lord, and he suffers. Accepting the Hukam of the Lord’s Command, he is blessed with all virtues and spiritual wisdom. O Nanak, he is honored in the Court of the Lord. ||56|| One who possesses the merchandise, the wealth of the True Name, crosses over, and carries others across with him as well. One who intuitively understands, and is attuned to the Lord, is honored. No one can estimate his worth. Wherever I look, I see the Lord permeating and pervading. O Nanak, through the Love of the True Lord, one crosses over. ||57||“Where is the Shabad said to dwell? What will carry us across the terrifying world-ocean? The breath, when exhaled, extends out ten finger lengths; what is the support of the breath? Speaking and playing, how can one be stable and steady? How can the unseen be seen?” Listen, O master; Nanak prays truly. Instruct your own mind. The Gurmukh is lovingly attuned to the True Shabad. Bestowing His Glance of Grace, He unites us in His Union. He Himself is all-knowing and all-seeing. By perfect destiny, we merge in Him. ||58|| That Shabad dwells deep within the nucleus of all beings. God is invisible; wherever I look, there I see Him. The air is the dwelling place of the absolute Lord. He has no qualities; He has all qualities. When He bestows His Glance of Grace, the Shabad comes to abide within the heart, and doubt is eradicated from within. The body and mind become immaculate, through the Immaculate Word of His Bani. Let His Name be enshrined in your mind. The Shabad is the Guru, to carry you across the terrifying world-ocean. Know the One Lord alone, here and hereafter. He has no form or color, shadow or illusion; O Nanak, realize the Shabad. ||59|| O reclusive hermit, the True, Absolute Lord is the support of the exhaled breath, which extends out ten finger lengths. The Gurmukh speaks and churns the essence of reality, and realizes the unseen, infinite Lord. Eradicating the three qualities, he enshrines the Shabad within, and then, his mind is rid of egotism. Inside and out, he knows the One Lord alone; he is in love with the Name of the Lord. He understands the Sushmana, Ida and Pingala, when the unseen Lord reveals Himself. O Nanak, the True Lord is above these three energy channels. Through the Word, the Shabad of the True Guru, one merges with Him. ||60||“The air is said to be the soul of the mind. But what does the air feed on? What is the way of the spiritual teacher, and the reclusive hermit?

ਸਿਧ ਕੀ ਕਵਨ ਕਮਾਈ ॥ ਬਿਨੁ ਸਬਦੈ ਰਸੁ ਨ ਆਵੈ ਅਉਧੂ ਹਉਮੈ ਪਿਆਸ ਨ ਜਾਈ ॥ ਸਬਦਿ ਰਤੇ ਅੰਮ੍ਰਿਤ ਰਸੁ ਪਾਇਆ ਸਾਚੇ ਰਹੇ ਅਘਾਈ ॥ ਕਵਨ ਬੁਧਿ ਜਿਤੁ ਅਸਥਿਰੁ ਰਹੀਐ ਕਿਤੁ ਭੋਜਨਿ ਤ੍ਰਿਪਤਾਸੈ ॥ ਨਾਨਕ ਦੁਖੁ ਸੁਖੁ ਸਮ ਕਰਿ ਜਾਪੈ ਸਤਿਗੁਰ ਤੇ ਕਾਲੁ ਨ ਗ੍ਰਾਸੈ ॥੬੧॥ ਰੰਗਿ ਨ ਰਾਤਾ ਰਸਿ ਨਹੀ ਮਾਤਾ ॥ ਬਿਨੁ ਗੁਰ ਸਬਦੈ ਜਲਿ ਬਲਿ ਤਾਤਾ ॥ ਬਿੰਦੁ ਨ ਰਾਖਿਆ ਸਬਦੁ ਨ ਭਾਖਿਆ ॥ ਪਵਨੁ ਨ ਸਾਧਿਆ ਸਚੁ ਨ ਅਰਾਧਿਆ ॥ ਅਕਥ ਕਥਾ ਲੇ ਸਮ ਕਰਿ ਰਹੈ ॥ ਤਉ ਨਾਨਕ ਆਤਮ ਰਾਮ ਕਉ ਲਹੈ ॥੬੨॥ ਗੁਰ ਪਰਸਾਦੀ ਰੰਗੇ ਰਾਤਾ ॥ ਅੰਮ੍ਰਿਤੁ ਪੀਆ ਸਾਚੇ ਮਾਤਾ ॥ ਗੁਰ ਵੀਚਾਰੀ ਅਗਨਿ ਨਿਵਾਰੀ ॥ ਅਪਿਉ ਪੀਓ ਆਤਮ ਸੁਖੁ ਧਾਰੀ ॥ ਸਚੁ ਅਰਾਧਿਆ ਗੁਰਮੁਖਿ ਤਰੁ ਤਾਰੀ ॥ ਨਾਨਕ ਬੂਝੈ ਕੋ ਵੀਚਾਰੀ ॥੬੩॥ ਇਹੁ ਮਨੁ ਮੈਗਲੁ ਕਹਾ ਬਸੀਅਲੇ ਕਹਾ ਬਸੈ ਇਹੁ ਪਵਨਾ ॥ ਕਹਾ ਬਸੈ ਸੁ ਸਬਦੁ ਅਉਧੂ ਤਾ ਕਉ ਚੂਕੈ ਮਨ ਕਾ ਭਵਨਾ ॥ ਨਦਰਿ ਕਰੇ ਤਾ ਸਤਿਗੁਰੁ ਮੇਲੇ ਤਾ ਨਿਜ ਘਰਿ ਵਾਸਾ ਇਹੁ ਮਨੁ ਪਾਏ ॥ ਆਪੈ ਆਪੁ ਖਾਇ ਤਾ ਨਿਰਮਲੁ ਹੋਵੈ ਧਾਵਤੁ ਵਰਜਿ ਰਹਾਏ ॥ ਕਿਉ ਮੂਲੁ ਪਛਾਣੈ ਆਤਮੁ ਜਾਣੈ ਕਿਉ ਸਸਿ ਘਰਿ ਸੂਰੁ ਸਮਾਵੈ ॥ ਗੁਰਮੁਖਿ ਹਉਮੈ ਵਿਚਹੁ ਖੋਵੈ ਤਉ ਨਾਨਕ ਸਹਜਿ ਸਮਾਵੈ ॥੬੪॥ ਇਹੁ ਮਨੁ ਨਿਹਚਲੁ ਹਿਰਦੈ ਵਸੀਅਲੇ ਗੁਰਮੁਖਿ ਮੂਲੁ ਪਛਾਣਿ ਰਹੈ ॥ ਨਾਭਿ ਪਵਨੁ ਘਰਿ ਆਸਣਿ ਬੈਸੈ ਗੁਰਮੁਖਿ ਖੋਜਤ ਤਤੁ ਲਹੈ ॥ ਸੁ ਸਬਦੁ ਨਿਰੰਤਰਿ ਨਿਜ ਘਰਿ ਆਛੈ ਤ੍ਰਿਭਵਣ ਜੋਤਿ ਸੁ ਸਬਦਿ ਲਹੈ ॥ ਖਾਵੈ ਦੂਖ ਭੂਖ ਸਾਚੇ ਕੀ ਸਾਚੇ ਹੀ ਤ੍ਰਿਪਤਾਸਿ ਰਹੈ ॥ ਅਨਹਦ ਬਾਣੀ ਗੁਰਮੁਖਿ ਜਾਣੀ ਬਿਰਲੋ ਕੋ ਅਰਥਾਵੈ ॥ ਨਾਨਕੁ ਆਖੈ ਸਚੁ ਸੁਭਾਖੈ ਸਚਿ ਰਪੈ ਰੰਗੁ ਕਬਹੂ ਨ ਜਾਵੈ ॥੬੫॥ ਜਾ ਇਹੁ ਹਿਰਦਾ ਦੇਹ ਨ ਹੋਤੀ ਤਉ ਮਨੁ ਕੈਠੈ ਰਹਤਾ ॥ ਨਾਭਿ ਕਮਲ ਅਸਥੰਭੁ ਨ ਹੋਤੋ ਤਾ ਪਵਨੁ ਕਵਨ ਘਰਿ ਸਹਤਾ ॥ ਰੂਪੁ ਨ ਹੋਤੋ ਰੇਖ ਨ ਕਾਈ ਤਾ ਸਬਦਿ ਕਹਾ ਲਿਵ ਲਾਈ ॥ ਰਕਤੁ ਬਿੰਦੁ ਕੀ ਮੜੀ ਨ ਹੋਤੀ ਮਿਤਿ ਕੀਮਤਿ ਨਹੀ ਪਾਈ ॥ ਵਰਨੁ ਭੇਖੁ ਅਸਰੂਪੁ ਨ ਜਾਪੀ ਕਿਉ ਕਰਿ ਜਾਪਸਿ ਸਾਚਾ ॥ ਨਾਨਕ ਨਾਮਿ ਰਤੇ ਬੈਰਾਗੀ ਇਬ ਤਬ ਸਾਚੋ ਸਾਚਾ ॥੬੬॥ ਹਿਰਦਾ ਦੇਹ ਨ ਹੋਤੀ ਅਉਧੂ ਤਉ ਮਨੁ ਸੁੰਨਿ ਰਹੈ ਬੈਰਾਗੀ ॥ ਨਾਭਿ ਕਮਲੁ ਅਸਥੰਭੁ ਨ ਹੋਤੋ ਤਾ ਨਿਜ ਘਰਿ ਬਸਤਉ ਪਵਨੁ ਅਨਰਾਗੀ ॥ ਰੂਪੁ ਨ ਰੇਖਿਆ ਜਾਤਿ ਨ ਹੋਤੀ ਤਉ ਅਕੁਲੀਣਿ ਰਹਤਉ ਸਬਦੁ ਸੁ ਸਾਰੁ ॥

What is the occupation of the Siddha?" Without the Shabad, the essence does not come, O hermit, and the thirst of egotism does not depart. Imbued with the Shabad, one finds the ambrosial essence, and remains fulfilled with the True Name. "What is that wisdom, by which one remains steady and stable? What food brings satisfaction?" O Nanak, when one looks upon pain and pleasure alike, through the True Guru, then he is not consumed by Death. ||61|| If one is not imbued with the Lord's Love, nor intoxicated with His subtle essence, without the Word of the Guru's Shabad, he is frustrated, and consumed by his own inner fire. He does not preserve his semen and seed, and does not chant the Shabad. He does not control his breath; he does not worship and adore the True Lord. But one who speaks the Unspoken Speech, and remains balanced, O Nanak, attains the Lord, the Supreme Soul. ||62|| By Guru's Grace, one is attuned to the Lord's Love. Drinking in the Ambrosial Nectar, he is intoxicated with the Truth. Contemplating the Guru, the fire within is put out. Drinking in the Ambrosial Nectar, the soul settles in peace. Worshipping the True Lord in adoration, the Gurmukh crosses over the river of life. O Nanak, after deep contemplation, this is understood. ||63||"Where does this mind-elephant live? Where does the breath reside? Where should the Shabad reside, so that the wanderings of the mind may cease?" When the Lord blesses one with His Glance of Grace, he leads him to the True Guru. Then, this mind dwells in its own home within. When the individual consumes his egotism, he becomes immaculate, and his wandering mind is restrained. "How can the root, the source of all be realized? How can the soul know itself? How can the sun enter into the house of the moon?" The Gurmukh eliminates egotism from within; then, O Nanak, the sun naturally enters into the home of the moon. ||64|| When the mind becomes steady and stable, it abides in the heart, and then the Gurmukh realizes the root, the source of all. The breath is seated in the home of the navel; the Gurmukh searches, and finds the essence of reality. This Shabad permeates the nucleus of the self, deep within, in its own home; the Light of this Shabad pervades the three worlds. Hunger for the True Lord shall consume your pain, and through the True Lord, you shall be satisfied. The Gurmukh knows the unstruck sound current of the Bani; how rare are those who understand. Says Nanak, one who speaks the Truth is dyed in the color of Truth, which will never fade away. ||65||"When this heart and body did not exist, where did the mind reside? When there was no support of the navel lotus, then in which home did the breath reside? When there was no form or shape, then how could anyone lovingly focus on the Shabad? When there was no dungeon formed from egg and sperm, who could measure the Lord's value and extent? When color, dress and form could not be seen, how could the True Lord be known?" O Nanak, those who are attuned to the Naam, the Name of the Lord, are detached. Then and now, they see the Truest of the True. ||66|| When the heart and the body did not exist, O hermit, then the mind resided in the absolute, detached Lord. When there was no support of the lotus of the navel, the breath remained in its own home, attuned to the Lord's Love. When there was no form or shape or social class, then the Shabad, in its essence, resided in the unmanifest Lord.

ਗਉਨੁ ਗਗਨੁ ਜਬ ਤਬਹਿ ਨ ਹੋਤਉ ਤ੍ਰਿਭਵਣ ਜੋਤਿ ਆਪੇ ਨਿਰੰਕਾਰੁ ॥ ਵਰਨੁ ਭੇਖੁ ਅਸਰੂਪੁ ਸੁ ਏਕੋ ਏਕੋ ਸਬਦੁ ਵਿਡਾਣੀ ॥ ਸਾਚ ਬਿਨਾ ਸੂਚਾ ਕੋ ਨਾਹੀ ਨਾਨਕ ਅਕਥ ਕਹਾਣੀ ॥੬੭॥ ਕਿਤੁ ਕਿਤੁ ਬਿਧਿ ਜਗੁ ਉਪਜੈ ਪੁਰਖਾ ਕਿਤੁ ਕਿਤੁ ਦੁਖਿ ਬਿਨਸਿ ਜਾਈ ॥ ਹਉਮੈ ਵਿਚਿ ਜਗੁ ਉਪਜੈ ਪੁਰਖਾ ਨਾਮਿ ਵਿਸਰਿਐ ਦੁਖੁ ਪਾਈ ॥ ਗੁਰਮੁਖਿ ਹੋਵੈ ਸੁ ਗਿਆਨੁ ਤਤੁ ਬੀਚਾਰੈ ਹਉਮੈ ਸਬਦਿ ਜਲਾਏ ॥ ਤਨੁ ਮਨੁ ਨਿਰਮਲੁ ਨਿਰਮਲ ਬਾਣੀ ਸਾਚੈ ਰਹੈ ਸਮਾਏ ॥ ਨਾਮੇ ਨਾਮਿ ਰਹੈ ਬੈਰਾਗੀ ਸਾਚੁ ਰਖਿਆ ਉਰਿ ਧਾਰੇ ॥ ਨਾਨਕ ਬਿਨੁ ਨਾਵੈ ਜੋਗੁ ਕਦੇ ਨ ਹੋਵੈ ਦੇਖਹੁ ਰਿਦੈ ਬੀਚਾਰੇ ॥੬੮॥ ਗੁਰਮੁਖਿ ਸਾਚੁ ਸਬਦੁ ਬੀਚਾਰੈ ਕੋਇ ॥ ਗੁਰਮੁਖਿ ਸਚੁ ਬਾਣੀ ਪਰਗਟੁ ਹੋਇ ॥ ਗੁਰਮੁਖਿ ਮਨੁ ਭੀਜੈ ਵਿਰਲਾ ਬੂਝੈ ਕੋਇ ॥ ਗੁਰਮੁਖਿ ਨਿਜ ਘਰਿ ਵਾਸਾ ਹੋਇ ॥ ਗੁਰਮੁਖਿ ਜੋਗੀ ਜੁਗਤਿ ਪਛਾਣੈ ॥ ਗੁਰਮੁਖਿ ਨਾਨਕ ਏਕੋ ਜਾਣੈ ॥੬੯॥ ਬਿਨੁ ਸਤਿਗੁਰ ਸੇਵੇ ਜੋਗੁ ਨ ਹੋਈ ॥ ਬਿਨੁ ਸਤਿਗੁਰ ਭੇਟੇ ਮੁਕਤਿ ਨ ਕੋਈ ॥ ਬਿਨੁ ਸਤਿਗੁਰ ਭੇਟੇ ਨਾਮੁ ਪਾਇਆ ਨ ਜਾਇ ॥ ਬਿਨੁ ਸਤਿਗੁਰ ਭੇਟੇ ਮਹਾ ਦੁਖੁ ਪਾਇ ॥ ਬਿਨੁ ਸਤਿਗੁਰ ਭੇਟੇ ਮਹਾ ਗਰਬਿ ਗੁਬਾਰਿ ॥ ਨਾਨਕ ਬਿਨੁ ਗੁਰ ਮੁਆ ਜਨਮੁ ਹਾਰਿ ॥੭੦॥ ਗੁਰਮੁਖਿ ਮਨੁ ਜੀਤਾ ਹਉਮੈ ਮਾਰਿ ॥ ਗੁਰਮੁਖਿ ਸਾਚੁ ਰਖਿਆ ਉਰ ਧਾਰਿ ॥ ਗੁਰਮੁਖਿ ਜਗੁ ਜੀਤਾ ਜਮਕਾਲੁ ਮਾਰਿ ਬਿਦਾਰਿ ॥ ਗੁਰਮੁਖਿ ਦਰਗਹ ਨ ਆਵੈ ਹਾਰਿ ॥ ਗੁਰਮੁਖਿ ਮੇਲਿ ਮਿਲਾਏ ਸੁੋ ਜਾਣੈ ॥ ਨਾਨਕ ਗੁਰਮੁਖਿ ਸਬਦਿ ਪਛਾਣੈ ॥੭੧॥ ਸਬਦੈ ਕਾ ਨਿਬੇੜਾ ਸੁਣਿ ਤੂ ਅਉਧੂ ਬਿਨੁ ਨਾਵੈ ਜੋਗੁ ਨ ਹੋਈ ॥ ਨਾਮੇ ਰਾਤੇ ਅਨਦਿਨੁ ਮਾਤੇ ਨਾਮੈ ਤੇ ਸੁਖੁ ਹੋਈ ॥ ਨਾਮੈ ਹੀ ਤੇ ਸਭੁ ਪਰਗਟੁ ਹੋਵੈ ਨਾਮੇ ਸੋਝੀ ਪਾਈ ॥ ਬਿਨੁ ਨਾਵੈ ਭੇਖ ਕਰਹਿ ਬਹੁਤੇਰੇ ਸਚੈ ਆਪਿ ਖੁਆਈ ॥ ਸਤਿਗੁਰ ਤੇ ਨਾਮੁ ਪਾਈਐ ਅਉਧੂ ਜੋਗ ਜੁਗਤਿ ਤਾ ਹੋਈ ॥ ਕਰਿ ਬੀਚਾਰੁ ਮਨਿ ਦੇਖਹੁ ਨਾਨਕ ਬਿਨੁ ਨਾਵੈ ਮੁਕਤਿ ਨ ਹੋਈ ॥੭੨॥ ਤੇਰੀ ਗਤਿ ਮਿਤਿ ਤੂਹੈ ਜਾਣਹਿ ਕਿਆ ਕੋ ਆਖਿ ਵਖਾਣੈ ॥ ਤੂ ਆਪੇ ਗੁਪਤਾ ਆਪੇ ਪਰਗਟੁ ਆਪੇ ਸਭਿ ਰੰਗ ਮਾਣੈ ॥ ਸਾਧਿਕ ਸਿਧ ਗੁਰੂ ਬਹੁ ਚੇਲੇ ਖੋਜਤ ਫਿਰਹਿ ਫੁਰਮਾਣੈ ॥ ਮਾਗਹਿ ਨਾਮੁ ਪਾਇ ਇਹ ਭਿਖਿਆ ਤੇਰੇ ਦਰਸਨ ਕਉ ਕੁਰਬਾਣੈ ॥ ਅਬਿਨਾਸੀ ਪ੍ਰਭਿ ਖੇਲੁ ਰਚਾਇਆ ਗੁਰਮੁਖਿ ਸੋਝੀ ਹੋਈ ॥ ਨਾਨਕ ਸਭਿ ਜੁਗ ਆਪੇ ਵਰਤੈ ਦੂਜਾ ਅਵਰੁ ਨ ਕੋਈ ॥੭੩॥੧॥

When the world and the sky did not even exist, the Light of the Formless Lord filled the three worlds. Color, dress and form were contained in the One Lord; the Shabad was contained in the One, Wondrous Lord. Without the True Name, no one can become pure; O Nanak, this is the Unspoken Speech. ||67||“How, in what way, was the world formed, O man? And what disaster will end it?” In egotism, the world was formed, O man; forgetting the Naam, it suffers and dies. One who becomes Gurmukh contemplates the essence of spiritual wisdom; through the Shabad, he burns away his egotism. His body and mind become immaculate, through the Immaculate Bani of the Word. He remains absorbed in Truth. Through the Naam, the Name of the Lord, he remains detached; he enshrines the True Name in his heart. O Nanak, without the Name, Yoga is never attained; reflect upon this in your heart, and see. ||68|| The Gurmukh is one who reflects upon the True Word of the Shabad. The True Bani is revealed to the Gurmukh. The mind of the Gurmukh is drenched with the Lord’s Love, but how rare are those who understand this. The Gurmukh dwells in the home of the self, deep within. The Gurmukh realizes the Way of Yoga. O Nanak, the Gurmukh knows the One Lord alone. ||69|| Without serving the True Guru, Yoga is not attained; without meeting the True Guru, no one is liberated. Without meeting the True Guru, the Naam cannot be found. Without meeting the True Guru, one suffers in terrible pain. Without meeting the True Guru, there is only the deep darkness of egotistical pride. O Nanak, without the True Guru, one dies, having lost the opportunity of this life. ||70|| The Gurmukh conquers his mind by subduing his ego. The Gurmukh enshrines Truth in his heart. The Gurmukh conquers the world; he knocks down the Messenger of Death, and kills it. The Gurmukh does not lose in the Court of the Lord. The Gurmukh is united in God’s Union; he alone knows. O Nanak, the Gurmukh realizes the Word of the Shabad. ||71|| This is the essence of the Shabad — listen, you hermits and Yogis. Without the Name, there is no Yoga. Those who are attuned to the Name, remain intoxicated night and day; through the Name, they find peace. Through the Name, everything is revealed; through the Name, understanding is obtained. Without the Name, people wear all sorts of religious robes; the True Lord Himself has confused them. The Name is obtained only from the True Guru, O hermit, and then, the Way of Yoga is found. Reflect upon this in your mind, and see; O Nanak, without the Name, there is no liberation. ||72|| You alone know Your state and extent, Lord; What can anyone say about it? You Yourself are hidden, and You Yourself are revealed. You Yourself enjoy all pleasures. The seekers, the Siddhas, the many gurus and disciples wander around searching for You, according to Your Will. They beg for Your Name, and You bless them with this charity. I am a sacrifice to the Blessed Vision of Your Darshan. The eternal imperishable Lord God has staged this play; the Gurmukh understands it. O Nanak, He extends Himself throughout the ages; there is no other than Him. ||73||1||

ੴ ਸਤਿਗੁਰ ਪ੍ਰਸਾਦਿ ॥
ਰਾਮਕਲੀ ਕੀ ਵਾਰ ਮਹਲਾ ੩ ॥
ਜੋਧੈ ਵੀਰੈ ਪੂਰਬਾਣੀ ਕੀ ਧੁਨੀ ॥

ਸਲੋਕੁ ਮਃ ੩ ॥ ਸਤਿਗੁਰੁ ਸਹਜੈ ਦਾ ਖੇਤੁ ਹੈ ਜਿਸ ਨੋ ਲਾਏ ਭਾਉ ॥ ਨਾਉ ਬੀਜੇ ਨਾਉ ਉਗਵੈ ਨਾਮੇ ਰਹੈ ਸਮਾਇ ॥ ਹਉਮੈ ਏਹੋ ਬੀਜੁ ਹੈ ਸਹਸਾ ਗਇਆ ਵਿਲਾਇ ॥ ਨਾ ਕਿਛੁ ਬੀਜੇ ਨ ਉਗਵੈ ਜੋ ਬਖਸੇ ਸੋ ਖਾਇ ॥ ਅੰਭੈ ਸੇਤੀ ਅੰਭੁ ਰਲਿਆ ਬਹੁੜਿ ਨ ਨਿਕਸਿਆ ਜਾਇ ॥ ਨਾਨਕ ਗੁਰਮੁਖਿ ਚਲਤੁ ਹੈ ਵੇਖਹੁ ਲੋਕਾ ਆਇ ॥ ਲੋਕੁ ਕਿ ਵੇਖੈ ਬਪੁੜਾ ਜਿਸ ਨੋ ਸੋਝੀ ਨਾਹਿ ॥ ਜਿਸੁ ਵੇਖਾਲੇ ਸੋ ਵੇਖੈ ਜਿਸੁ ਵਸਿਆ ਮਨ ਮਾਹਿ ॥੧॥ ਮਃ ੩ ॥ ਮਨਮੁਖੁ ਦੁਖ ਕਾ ਖੇਤੁ ਹੈ ਦੁਖੁ ਬੀਜੇ ਦੁਖੁ ਖਾਇ ॥ ਦੁਖ ਵਿਚਿ ਜੰਮੈ ਦੁਖਿ ਮਰੈ ਹਉਮੈ ਕਰਤ ਵਿਹਾਇ ॥ ਆਵਣੁ ਜਾਣੁ ਨ ਸੁਝਈ ਅੰਧਾ ਅੰਧੁ ਕਮਾਇ ॥ ਜੋ ਦੇਵੈ ਤਿਸੈ ਨ ਜਾਣਈ ਦਿਤੇ ਕਉ ਲਪਟਾਇ ॥ ਨਾਨਕ ਪੂਰਬਿ ਲਿਖਿਆ ਕਮਾਵਣਾ ਅਵਰੁ ਨ ਕਰਣਾ ਜਾਇ ॥੨॥ ਮਃ ੩ ॥ ਸਤਿਗੁਰਿ ਮਿਲਿਐ ਸਦਾ ਸੁਖੁ ਜਿਸ ਨੋ ਆਪੇ ਮੇਲੇ ਸੋਇ ॥ ਸੁਖੈ ਏਹੁ ਬਿਬੇਕੁ ਹੈ ਅੰਤਰੁ ਨਿਰਮਲੁ ਹੋਇ ॥ ਅਗਿਆਨ ਕਾ ਭ੍ਰਮੁ ਕਟੀਐ ਗਿਆਨੁ ਪਰਾਪਤਿ ਹੋਇ ॥ ਨਾਨਕ ਏਕੋ ਨਦਰੀ ਆਇਆ ਜਹ ਦੇਖਾ ਤਹ ਸੋਇ ॥੩॥ ਪਉੜੀ ॥ ਸਚੈ ਤਖਤੁ ਰਚਾਇਆ ਬੈਸਣ ਕਉ ਜਾਂਈ ॥ ਸਭੁ ਕਿਛੁ ਆਪੇ ਆਪਿ ਹੈ ਗੁਰ ਸਬਦਿ ਸੁਣਾਈ ॥ ਆਪੇ ਕੁਦਰਤਿ ਸਾਜੀਅਨੁ ਕਰਿ ਮਹਲ ਸਰਾਈ ॥ ਚੰਦੁ ਸੂਰਜੁ ਦੁਇ ਚਾਨਣੇ ਪੂਰੀ ਬਣਤ ਬਣਾਈ ॥ ਆਪੇ ਵੇਖੈ ਸੁਣੇ ਆਪਿ ਗੁਰ ਸਬਦਿ ਧਿਆਈ ॥੧॥ ਵਾਹੁ ਵਾਹੁ ਸਚੇ ਪਾਤਿਸਾਹ ਤੂ ਸਚੀ ਨਾਈ ॥੧॥ ਰਹਾਉ ॥ ਸਲੋਕੁ ॥ ਕਬੀਰ ਮਹਿਦੀ ਕਰਿ ਕੈ ਘਾਲਿਆ ਆਪੁ ਪੀਸਾਇ ਪੀਸਾਇ ॥ ਤੈ ਸਹ ਬਾਤ ਨ ਪੁਛੀਆ ਕਬਹੂ ਨ ਲਾਈ ਪਾਇ ॥੧॥ ਮਃ ੩ ॥ ਨਾਨਕ ਮਹਿਦੀ ਕਰਿ ਕੈ ਰਖਿਆ ਸੋ ਸਹੁ ਨਦਰਿ ਕਰੇਇ ॥ ਆਪੇ ਪੀਸੈ ਆਪੇ ਘਸੈ ਆਪੇ ਹੀ ਲਾਇ ਲਏਇ ॥ ਇਹੁ ਪਿਰਮ ਪਿਆਲਾ ਖਸਮ ਕਾ ਜੈ ਭਾਵੈ ਤੈ ਦੇਇ ॥੨॥ ਪਉੜੀ ॥ ਵੇਕੀ ਸ੍ਰਿਸਟਿ ਉਪਾਈਅਨੁ ਸਭ ਹੁਕਮਿ ਆਵੈ ਜਾਇ ਸਮਾਹੀ ॥ ਆਪੇ ਵੇਖਿ ਵਿਗਸਦਾ ਦੂਜਾ ਕੋ ਨਾਹੀ ॥ ਜਿਉ ਭਾਵੈ ਤਿਉ ਰਖੁ ਤੂ ਗੁਰ ਸਬਦਿ ਬੁਝਾਹੀ ॥ ਸਭਨਾ ਤੇਰਾ ਜੋਰੁ ਹੈ ਜਿਉ ਭਾਵੈ ਤਿਵੈ ਚਲਾਹੀ ॥ ਤੁਧੁ ਜੇਵਡ ਮੈ ਨਾਹਿ ਕੋ ਕਿਸੁ ਆਖਿ ਸੁਣਾਈ ॥੨॥

ONE UNIVERSAL CREATOR GOD. BY THE GRACE OF THE TRUE GURU:
VAAR OF RAAMKALEE, THIRD MEHL,
TO BE SUNG TO THE TUNE OF 'JODHA AND VEERA POORBAANEE':

SHALOK, THIRD MEHL: The True Guru is the field of intuitive wisdom. One who is inspired to love Him, plants the seed of the Name there. The Name sprouts up, and he remains absorbed in the Name. But this egotism is the seed of skepticism; it has been uprooted. It is not planted there, and it does not sprout; whatever God grants us, we eat. When water mixes with water, it cannot be separated again. O Nanak, the Gurmukh is wonderful; come, poeple, and see! But what can the poor people see? They do not understand. He alone sees, whom the Lord causes to see; the Lord comes to dwell in his mind. ||1|| THIRD MEHL: The self-willed manmukh is the field of sorrow and suffering. He plains sorrow, and eats sorrow. In sorrow he is born, and in sorrow he dies. Acting in egotism, his life passes away. He does not understand the coming and going of reincarnation; the blind man acts in blindness. He does not know the One who gives, but he is attached to what is given. O Nanak, he acts according to his pre-ordained destiny. He cannot do anything else. ||2|| THIRD MEHL: Meeting the True Guru, everlasting peace is obtained. He Himself leads us to meet Him. This is the true meaning of peace, that one becomes immaculate within oneself. The doubt of ignorance is eradicated, and spiritual wisdom is obtained. Nanak comes to gaze upon the One Lord alone; wherever he looks, there He is. ||3|| PAUREE: The True Lord created His throne, upon which He sits. He Himself is everything; this is what the Word of the Guru's Shabad says. Through His almighty creative power, He created and fashioned the mansions and hotels. He made the two lamps, the sun and the moon; He formed the perfect form. He Himself sees, and He Himself hears; meditate on the Word of the Guru's Shabad. ||1|| Waaho! Waaho! Hail, hail, O True King! True is Your Name. ||1|| Pause|| SHALOK: Kabeer, I have ground myself into henna paste. O my Husband Lord, You took no notice of me; You never applied me to Your feet. ||1|| THIRD MEHL: O Nanak, my Husband Lord keeps me like henna paste; He blesses me with His Glance of Grace. He Himself grinds me, and He Himself rubs me; He Himself applies me to His feet. This is the cup of love of my Lord and Master; He gives it as He chooses. ||2|| PAUREE: You created the world with its variety; by the Hukam of Your Command, it comes, goes, and merges again in You. You Yourself see, and blossom forth; there is no one else at all. As it pleases You, You keep me. Through the Word of the Guru's Shabad, I understand You. You are the strength of all. As it pleases You, You lead us on. There is no other as great as You; unto whom should I speak and talk? ||2||

ਸਲੋਕੁ ਮਃ ੩ ॥ ਭਰਮਿ ਭੁਲਾਈ ਸਭੁ ਜਗੁ ਫਿਰੀ ਫਾਵੀ ਹੋਈ ਭਾਲਿ ॥ ਸੋ ਸਹੁ ਸਾਂਤਿ ਨ ਦੇਵਈ ਕਿਆ ਚਲੈ ਤਿਸੁ ਨਾਲਿ ॥ ਗੁਰ ਪਰਸਾਦੀ ਹਰਿ ਧਿਆਈਐ ਅੰਤਰਿ ਰਖੀਐ ਉਰ ਧਾਰਿ ॥ ਨਾਨਕ ਘਰਿ ਬੈਠਿਆ ਸਹੁ ਪਾਇਆ ਜਾ ਕਿਰਪਾ ਕੀਤੀ ਕਰਤਾਰਿ ॥੧॥ ਮਃ ੩ ॥ ਧੰਧਾ ਧਾਵਤ ਦਿਨੁ ਗਇਆ ਰੈਣਿ ਗਵਾਈ ਸੋਇ ॥ ਕੂੜੁ ਬੋਲਿ ਬਿਖੁ ਖਾਇਆ ਮਨਮੁਖਿ ਚਲਿਆ ਰੋਇ ॥ ਸਿਰੈ ਉਪਰਿ ਜਮ ਡੰਡੁ ਹੈ ਦੂਜੈ ਭਾਇ ਪਤਿ ਖੋਇ ॥ ਹਰਿ ਨਾਮੁ ਕਦੇ ਨ ਚੇਤਿਓ ਫਿਰਿ ਆਵਣ ਜਾਣਾ ਹੋਇ ॥ ਗੁਰ ਪਰਸਾਦੀ ਹਰਿ ਮਨਿ ਵਸੈ ਜਮ ਡੰਡੁ ਨ ਲਾਗੈ ਕੋਇ ॥ ਨਾਨਕ ਸਹਜੇ ਮਿਲਿ ਰਹੈ ਕਰਮਿ ਪਰਾਪਤਿ ਹੋਇ ॥੨॥ ਪਉੜੀ ॥ ਇਕਿ ਆਪਣੀ ਸਿਫਤੀ ਲਾਇਅਨੁ ਦੇ ਸਤਿਗੁਰ ਮਤੀ ॥ ਇਕਨਾ ਨੋ ਨਾਉ ਬਖਸਿਓਨੁ ਅਸਥਿਰੁ ਹਰਿ ਸਤੀ ॥ ਪਉਣੁ ਪਾਣੀ ਬੈਸੰਤਰੋ ਹੁਕਮਿ ਕਰਹਿ ਭਗਤੀ ॥ ਏਨਾ ਨੋ ਭਉ ਅਗਲਾ ਪੂਰੀ ਬਣਤ ਬਣਤੀ ॥ ਸਭੁ ਇਕੋ ਹੁਕਮੁ ਵਰਤਦਾ ਮੰਨਿਐ ਸੁਖੁ ਪਾਈ ॥੩॥ ਸਲੋਕੁ ॥ ਕਬੀਰ ਕਸਉਟੀ ਰਾਮ ਕੀ ਝੂਠਾ ਟਿਕੈ ਨ ਕੋਇ ॥ ਰਾਮ ਕਸਉਟੀ ਸੋ ਸਹੈ ਜੋ ਮਰਜੀਵਾ ਹੋਇ ॥੧॥ ਮਃ ੩ ॥ ਕਿਉ ਕਰਿ ਇਹੁ ਮਨੁ ਮਾਰੀਐ ਕਿਉ ਕਰਿ ਮਿਰਤਕੁ ਹੋਇ ॥ ਕਹਿਆ ਸਬਦੁ ਨ ਮਾਨਈ ਹਉਮੈ ਛਡੈ ਨ ਕੋਇ ॥ ਗੁਰ ਪਰਸਾਦੀ ਹਉਮੈ ਛੁਟੈ ਜੀਵਨ ਮੁਕਤੁ ਸੋ ਹੋਇ ॥ ਨਾਨਕ ਜਿਸ ਨੋ ਬਖਸੇ ਤਿਸੁ ਮਿਲੈ ਤਿਸੁ ਬਿਘਨੁ ਨ ਲਾਗੈ ਕੋਇ ॥੨॥ ਮਃ ੩ ॥ ਜੀਵਤ ਮਰਣਾ ਸਭੁ ਕੋ ਕਹੈ ਜੀਵਨ ਮੁਕਤਿ ਕਿਉ ਹੋਇ ॥ ਭੈ ਕਾ ਸੰਜਮੁ ਜੇ ਕਰੇ ਦਾਰੂ ਭਾਉ ਲਾਏਇ ॥ ਅਨਦਿਨੁ ਗੁਣ ਗਾਵੈ ਸੁਖ ਸਹਜੇ ਬਿਖੁ ਭਵਜਲੁ ਨਾਮਿ ਤਰੇਇ ॥ ਨਾਨਕ ਗੁਰਮੁਖਿ ਪਾਈਐ ਜਾ ਕਉ ਨਦਰਿ ਕਰੇਇ ॥੩॥ ਪਉੜੀ ॥ ਦੂਜਾ ਭਾਉ ਰਚਾਇਓਨੁ ਤ੍ਰੈ ਗੁਣ ਵਰਤਾਰਾ ॥ ਬ੍ਰਹਮਾ ਬਿਸਨੁ ਮਹੇਸੁ ਉਪਾਇਅਨੁ ਹੁਕਮਿ ਕਮਾਵਨਿ ਕਾਰਾ ॥ ਪੰਡਿਤ ਪੜਦੇ ਜੋਤਕੀ ਨਾ ਬੂਝਹਿ ਬੀਚਾਰਾ ॥ ਸਭੁ ਕਿਛੁ ਤੇਰਾ ਖੇਲੁ ਹੈ ਸਚੁ ਸਿਰਜਣਹਾਰਾ ॥ ਜਿਸੁ ਭਾਵੈ ਤਿਸੁ ਬਖਸਿ ਲੈਹਿ ਸਚਿ ਸਬਦਿ ਸਮਾਈ ॥੪॥ ਸਲੋਕੁ ਮਃ ੩ ॥ ਮਨ ਕਾ ਝੂਠਾ ਝੂਠੁ ਕਮਾਵੈ ॥ ਮਾਇਆ ਨੋ ਫਿਰੈ ਤਪਾ ਸਦਾਵੈ ॥ ਭਰਮੇ ਭੂਲਾ ਸਭਿ ਤੀਰਥ ਗਹੈ ॥ ਓਹੁ ਤਪਾ ਕੈਸੇ ਪਰਮ ਗਤਿ ਲਹੈ ॥ ਗੁਰ ਪਰਸਾਦੀ ਕੋ ਸਚੁ ਕਮਾਵੈ ॥ ਨਾਨਕ ਸੋ ਤਪਾ ਮੋਖੰਤਰੁ ਪਾਵੈ ॥੧॥ ਮਃ ੩ ॥ ਸੋ ਤਪਾ ਜਿ ਇਹੁ ਤਪੁ ਘਾਲੇ ॥ ਸਤਿਗੁਰ ਨੋ ਮਿਲੈ ਸਬਦੁ ਸਮਾਲੇ ॥ ਸਤਿਗੁਰ ਕੀ ਸੇਵਾ ਇਹੁ ਤਪੁ ਪਰਵਾਣੁ ॥ ਨਾਨਕ ਸੋ ਤਪਾ ਦਰਗਹਿ ਪਾਵੈ ਮਾਣੁ ॥੨॥ ਪਉੜੀ ॥ ਰਾਤਿ ਦਿਨਸੁ ਉਪਾਇਅਨੁ ਸੰਸਾਰ ਕੀ ਵਰਤਣਿ ॥

SHALOK, THIRD MEHL: Deluded by doubt, I wandered over the whole world. Searching, I became frustrated. My Husband Lord has not blessed me with peace and tranquility; what will work with Him? By Guru's Grace, I meditate on the Lord; I enshrine Him deep within my heart. O Nanak, seated in his her own home, she finds her Husband Lord, when the Creator Lord grants His Grace. ||1|| THIRD MEHL: Chasing after worldly affairs, the day is wasted, and the night passes in sleep. Speaking lies, one eats poison; the self-willed manmukh departs, crying out in pain. The Mesenger of Death holds his club over the mortal's head; in the love of duality, he loses his honor. He never even thinks of the Name of the Lord; over and over again, he comes and goes in reincarnation. But if, by Guru's Grace, the Lord's Name comes to dwell in his mind, then the Messenger of Death will not strike him down with his club. Then, O Nanak, he merges intuitively into the Lord, receiving His Grace. ||2|| PAUREE: Some are linked to His Praises, when the Lord blesses them with the Guru's Teachings. Some are blessed with the Name of the eternal, unchanging True Lord. Water, air and fire, by His Will, worship Him. They are held in the Fear of God; He has formed the perfect form. The Hukam, the Command of the One Lord is all-pervasive; accepting it, peace is found. ||3|| SHALOK: Kabeer, such is the touchstone of the Lord; the false cannot even touch it. He alone passes this test of the Lord, who remains dead while yet alive. ||1|| THIRD MEHL: How can this mind be conquered? How can it be killed? If one does not accept the Word of the Shabad, egotism does not depart. By Guru's Grace, egotism is eradicated, and then, one is Jivan Mukta — liberated while yet alive. O Nanak, one whom the Lord forgives is united with Him, and then no obstacles block his way. ||2|| THIRD MEHL: Everyone can say that they are dead while yet alive; how can they be liberated while yet alive? If someone restrains himself through the Fear of God, and takes the medicine of the Love of God, night and day, he sings the Glorious Praises of the Lord. In celestial peace and poise, he crosses over the poisonous, terrifying world-ocean, through the Naam, the Name of the Lord. O Nanak, the Gurmukh finds the Lord; he is blessed with His Glance of Grace. ||3|| PAUREE: God created the love of duality, and the three modes which pervade the universe. He created Brahma, Vishnu and Shiva, who act according to His Will. The Pandits, the religious scholars, and the astrologers study their books, but they do not understand contemplation. Everything is Your play, O True Creator Lord. As it pleases You, You bless us with forgiveness, and merge us in the True Word of the Shabad. ||4|| SHALOK, THIRD MEHL: The man of false mind practices falsehood. He runs after Maya, and yet pretends to be a man of disciplined meditation. Deluded by doubt, he visits all the sacred shrines of pilgrimage. How can such a man of disciplined meditation attain the supreme status? By Guru's Grace, one lives the Truth. O Nanak, such a man of disciplined meditation attains liberation. ||1|| THIRD MEHL: He alone is a man of disciplined meditation, who practices this self-discipline. Meeting with the True Guru, he contemplates the Word of the Shabad. Serving the True Guru — this is the only acceptable disciplined meditation. O Nanak, such a man of disciplined meditation is honored in the Court of the Lord. ||2|| PAUREE: He created the night and the day, for the activities of the world.

ਗੁਰਮਤੀ ਘਟਿ ਚਾਨਣਾ ਆਨੇਰੁ ਬਿਨਾਸਣਿ ॥ ਹੁਕਮੇ ਹੀ ਸਭ ਸਾਜੀਅਨੁ ਰਵਿਆ ਸਭ ਵਣਿ ਤ੍ਰਿਣਿ ॥ ਸਭੁ ਕਿਛੁ ਆਪੇ ਆਪਿ ਹੈ ਗੁਰਮੁਖਿ ਸਦਾ ਹਰਿ ਭਣਿ ॥ ਸਬਦੇ ਹੀ ਸੋਝੀ ਪਈ ਸਚੈ ਆਪਿ ਬੁਝਾਈ ॥੫॥ ਸਲੋਕ ਮਃ ੩ ॥ ਅਭਿਆਗਤ ਏਹਿ ਨ ਆਖੀਅਨਿ ਜਿਨ ਕੇ ਚਿਤ ਮਹਿ ਭਰਮੁ ॥ ਤਿਸ ਦੈ ਦਿਤੈ ਨਾਨਕਾ ਤੇਹੋ ਜੇਹਾ ਧਰਮੁ ॥ ਅਭੈ ਨਿਰੰਜਨੁ ਪਰਮ ਪਦੁ ਤਾ ਕਾ ਭੂਖਾ ਹੋਇ ॥ ਤਿਸ ਕਾ ਭੋਜਨੁ ਨਾਨਕਾ ਵਿਰਲਾ ਪਾਏ ਕੋਇ ॥੧॥ ਮਃ ੩ ॥ ਅਭਿਆਗਤ ਏਹਿ ਨ ਆਖੀਅਨਿ ਜਿ ਪਰ ਘਰਿ ਭੋਜਨੁ ਕਰੇਨਿ ॥ ਉਦਰੈ ਕਾਰਣਿ ਆਪਣੇ ਬਹਲੇ ਭੇਖ ਕਰੇਨਿ ॥ ਅਭਿਆਗਤ ਸੇਈ ਨਾਨਕਾ ਜਿ ਆਤਮ ਗਉਣੁ ਕਰੇਨਿ ॥ ਭਾਲਿ ਲਹਨਿ ਸਹੁ ਆਪਣਾ ਨਿਜ ਘਰਿ ਰਹਣੁ ਕਰੇਨਿ ॥੨॥ ਪਉੜੀ ॥ ਅੰਬਰੁ ਧਰਤਿ ਵਿਛੋੜਿਅਨੁ ਵਿਚਿ ਸਚਾ ਅਸਰਾਉ ॥ ਘਰੁ ਦਰੁ ਸਭੋ ਸਚੁ ਹੈ ਜਿਸੁ ਵਿਚਿ ਸਚਾ ਨਾਉ ॥ ਸਭੁ ਸਚਾ ਹੁਕਮੁ ਵਰਤਦਾ ਗੁਰਮੁਖਿ ਸਚਿ ਸਮਾਉ ॥ ਸਚਾ ਆਪਿ ਤਖਤੁ ਸਚਾ ਬਹਿ ਸਚਾ ਕਰੇ ਨਿਆਉ ॥ ਸਭੁ ਸਚੋ ਸਚੁ ਵਰਤਦਾ ਗੁਰਮੁਖਿ ਅਲਖੁ ਲਖਾਈ ॥੬॥ ਸਲੋਕੁ ਮਃ ੩ ॥ ਰੈਣਾਇਰ ਮਾਹਿ ਅਨੰਤੁ ਹੈ ਕੂੜੀ ਆਵੈ ਜਾਇ ॥ ਭਾਣੈ ਚਲੈ ਆਪਣੈ ਬਹੁਤੀ ਲਹੈ ਸਜਾਇ ॥ ਰੈਣਾਇਰ ਮਹਿ ਸਭੁ ਕਿਛੁ ਹੈ ਕਰਮੀ ਪਲੈ ਪਾਇ ॥ ਨਾਨਕ ਨਉ ਨਿਧਿ ਪਾਈਐ ਜੇ ਚਲੈ ਤਿਸੈ ਰਜਾਇ ॥੧॥ ਮਃ ੩ ॥ ਸਹਜੇ ਸਤਿਗੁਰੁ ਨ ਸੇਵਿਓ ਵਿਚਿ ਹਉਮੈ ਜਨਮਿ ਬਿਨਾਸੁ ॥ ਰਸਨਾ ਹਰਿ ਰਸੁ ਨ ਚਖਿਓ ਕਮਲੁ ਨ ਹੋਇਓ ਪਰਗਾਸੁ ॥ ਬਿਖੁ ਖਾਧੀ ਮਨਮੁਖੁ ਮੁਆ ਮਾਇਆ ਮੋਹਿ ਵਿਣਾਸੁ ॥ ਇਕਸੁ ਹਰਿ ਕੇ ਨਾਮ ਵਿਣੁ ਧ੍ਰਿਗੁ ਜੀਵਣੁ ਧ੍ਰਿਗੁ ਵਾਸੁ ॥ ਜਾ ਆਪੇ ਨਦਰਿ ਕਰੇ ਪ੍ਰਭੁ ਸਚਾ ਤਾ ਹੋਵੈ ਦਾਸਨਿ ਦਾਸੁ ॥ ਤਾ ਅਨਦਿਨੁ ਸੇਵਾ ਕਰੇ ਸਤਿਗੁਰੂ ਕੀ ਕਬਹਿ ਨ ਛੋਡੈ ਪਾਸੁ ॥ ਜਿਉ ਜਲ ਮਹਿ ਕਮਲੁ ਅਲਿਪਤੋ ਵਰਤੈ ਤਿਉ ਵਿਚੇ ਗਿਰਹ ਉਦਾਸੁ ॥ ਜਨ ਨਾਨਕ ਕਰੇ ਕਰਾਇਆ ਸਭੁ ਕੋ ਜਿਉ ਭਾਵੈ ਤਿਵ ਹਰਿ ਗੁਣਤਾਸੁ ॥੨॥ ਪਉੜੀ ॥ ਛਤੀਹ ਜੁਗ ਗੁਬਾਰੁ ਸਾ ਆਪੇ ਗਣਤ ਕੀਨੀ ॥ ਆਪੇ ਸ੍ਰਿਸਟਿ ਸਭ ਸਾਜੀਅਨੁ ਆਪਿ ਮਤਿ ਦੀਨੀ ॥ ਸਿਮ੍ਰਿਤਿ ਸਾਸਤ ਸਾਜਿਅਨੁ ਪਾਪ ਪੁੰਨ ਗਣਤ ਗਣੀਨੀ ॥ ਜਿਸੁ ਬੁਝਾਏ ਸੋ ਬੁਝਸੀ ਸਚੈ ਸਬਦਿ ਪਤੀਨੀ ॥ ਸਭੁ ਆਪੇ ਆਪਿ ਵਰਤਦਾ ਆਪੇ ਬਖਸਿ ਮਿਲਾਈ ॥੭॥ ਸਲੋਕ ਮਃ ੩ ॥ ਇਹੁ ਤਨੁ ਸਭੋ ਰਤੁ ਹੈ ਰਤੁ ਬਿਨੁ ਤੰਨੁ ਨ ਹੋਇ ॥ ਜੋ ਸਹਿ ਰਤੇ ਆਪਣੈ ਤਿਨ ਤਨਿ ਲੋਭ ਰਤੁ ਨ ਹੋਇ ॥

Following the Guru's Teachings, one's heart is illumined, and the darkness is dispelled. By the Hukam of His Command, He creates everything; He pervades and permeates all the woods and meadows. He Himself is everything; the Gurmukh constantly chants the Lord's Name. Through the Shabad, understanding comes; the True Lord Himself inspires us to understand. ||5|| SHALOK, THIRD MEHL: He is not called a renunciate, whose consciousness is filled with doubt. Donations to him bring proportionate rewards. He hungers for the supreme status of the Fearless, Immaculate Lord; O Nanak, how rare are those who offer him this food. ||1|| THIRD MEHL: They are not called renunciates, who take food in the homes of others. For the sake of their bellies, they wear various religious robes. They alone are renunciates, O Nanak, who enter into their own souls. They seek and find their Husband Lord; they dwell within the home of their own inner self. ||2|| PAUREE: They sky and the earth are separate, but the True Lord supports them from within. True are all those homes and gates, within which the True Name is enshrined. The Hukam of the True Lord's Command is effective everywhere. The Gurmukh merges in the True Lord. He Himself is True, and True is His throne. Seated upon it, He administers true justice. The Truest of the True is all-pervading everywhere; the Gurmukh sees the unseen. ||6|| SHALOK, THIRD MEHL: In the world-ocean, the Infinite Lord abides. The false come and go in reincarnation. One who walks according to his own will, suffers terrible punishment. All things are in the world-ocean, but they are obtained only by the karma of good actions. O Nanak, he alone obtains the nine treasures, who walks in the Will of the Lord. ||1|| THIRD MEHL: One who intuitively serves the True Guru, loses his life in egotism. His tongue does not taste the sublime essence of the Lord, and his heart-lotus does not blossom forth. The self-willed manmukh eats poison and dies; he is ruined by love and attachment to Maya. Without the Name of the One Lord, his life is cursed, and his home is cursed as well. When God Himself bestows His Glance of Grace, then one becomes the slave of His slaves. And then, night and day, he serves the True Guru, and never leaves His side. As the lotus flower floats unaffected in the water, so does he remain detached in his own household. O servant Nanak, the Lord acts, and inspires everyone to act, according to the Pleasure of His Will. He is the treasure of virtue. ||2|| PAUREE: For thirty-six ages, there was utter darkness. Then, the Lord revealed Himself. He Himself created the entire universe. He Himself blessed it with understanding. He created the Simritees and the Shaastras; He calculates the accounts of virtue and vice. He alone understands, whom the Lord inspires to understand and to be pleased with the True Word of the Shabad. He Himself is all-pervading; He Himself forgives, and unites with Himself. ||7|| SHALOK, THIRD MEHL: This body is all blood; without blood, the body cannot exist. Those who are attuned to their Lord — their bodies are not filled with the blood of greed.

ਭੈ ਪਇਐ ਤਨੁ ਖੀਣੁ ਹੋਇ ਲੋਭ ਰਤੁ ਵਿਚਹੁ ਜਾਇ ॥ ਜਿਉ ਬੈਸੰਤਰਿ ਧਾਤੁ ਸੁਧੁ ਹੋਇ ਤਿਉ ਹਰਿ ਕਾ ਭਉ ਦੁਰਮਤਿ ਮੈਲੁ ਗਵਾਇ ॥ ਨਾਨਕ ਤੇ ਜਨ ਸੋਹਣੇ ਜੋ ਰਤੇ ਹਰਿ ਰੰਗੁ ਲਾਇ ॥੧॥ ਮਃ ੩ ॥ ਰਾਮਕਲੀ ਰਾਮੁ ਮਨਿ ਵਸਿਆ ਤਾ ਬਨਿਆ ਸੀਗਾਰੁ ॥ ਗੁਰ ਕੈ ਸਬਦਿ ਕਮਲੁ ਬਿਗਸਿਆ ਤਾ ਸਉਪਿਆ ਭਗਤਿ ਭੰਡਾਰੁ ॥ ਭਰਮੁ ਗਇਆ ਤਾ ਜਾਗਿਆ ਚੂਕਾ ਅਗਿਆਨ ਅੰਧਾਰੁ ॥ ਤਿਸ ਨੋ ਰੂਪੁ ਅਤਿ ਅਗਲਾ ਜਿਸੁ ਹਰਿ ਨਾਲਿ ਪਿਆਰੁ ॥ ਸਦਾ ਰਵੈ ਪਿਰੁ ਆਪਣਾ ਸੋਭਾਵੰਤੀ ਨਾਰਿ ॥ ਮਨਮੁਖਿ ਸੀਗਾਰੁ ਨ ਜਾਣਨੀ ਜਾਸਨਿ ਜਨਮੁ ਸਭੁ ਹਾਰਿ ॥ ਬਿਨੁ ਹਰਿ ਭਗਤੀ ਸੀਗਾਰੁ ਕਰਹਿ ਨਿਤ ਜੰਮਹਿ ਹੋਇ ਖੁਆਰੁ ॥ ਸੈਸਾਰੈ ਵਿਚਿ ਸੋਭ ਨ ਪਾਇਨੀ ਅਗੈ ਜਿ ਕਰੇ ਸੁ ਜਾਣੈ ਕਰਤਾਰੁ ॥ ਨਾਨਕ ਸਚਾ ਏਕੁ ਹੈ ਦੁਹੁ ਵਿਚਿ ਹੈ ਸੰਸਾਰੁ ॥ ਚੰਗੈ ਮੰਦੈ ਆਪਿ ਲਾਇਅਨੁ ਸੋ ਕਰਨਿ ਜਿ ਆਪਿ ਕਰਾਏ ਕਰਤਾਰੁ ॥੨॥ ਮਃ ੩ ॥ ਬਿਨੁ ਸਤਿਗੁਰ ਸੇਵੇ ਸਾਂਤਿ ਨ ਆਵਈ ਦੂਜੀ ਨਾਹੀ ਜਾਇ ॥ ਜੇ ਬਹੁਤੇਰਾ ਲੋਚੀਐ ਵਿਣੁ ਕਰਮਾ ਪਾਇਆ ਨ ਜਾਇ ॥ ਅੰਤਰਿ ਲੋਭੁ ਵਿਕਾਰੁ ਹੈ ਦੂਜੈ ਭਾਇ ਖੁਆਇ ॥ ਤਿਨ ਜੰਮਣੁ ਮਰਣੁ ਨ ਚੁਕਈ ਹਉਮੈ ਵਿਚਿ ਦੁਖੁ ਪਾਇ ॥ ਜਿਨੀ ਸਤਿਗੁਰ ਸਿਉ ਚਿਤੁ ਲਾਇਆ ਸੋ ਖਾਲੀ ਕੋਈ ਨਾਹਿ ॥ ਤਿਨ ਜਮ ਕੀ ਤਲਬ ਨ ਹੋਵਈ ਨਾ ਓਇ ਦੁਖ ਸਹਾਹਿ ॥ ਨਾਨਕ ਗੁਰਮੁਖਿ ਉਬਰੇ ਸਚੈ ਸਬਦਿ ਸਮਾਹਿ ॥੩॥ ਪਉੜੀ ॥ ਆਪਿ ਅਲਿਪਤੁ ਸਦਾ ਰਹੈ ਹੋਰਿ ਧੰਧੈ ਸਭਿ ਧਾਵਹਿ ॥ ਆਪਿ ਨਿਹਚਲੁ ਅਚਲੁ ਹੈ ਹੋਰਿ ਆਵਹਿ ਜਾਵਹਿ ॥ ਸਦਾ ਸਦਾ ਹਰਿ ਧਿਆਈਐ ਗੁਰਮੁਖਿ ਸੁਖੁ ਪਾਵਹਿ ॥ ਨਿਜ ਘਰਿ ਵਾਸਾ ਪਾਈਐ ਸਚਿ ਸਿਫਤਿ ਸਮਾਵਹਿ ॥ ਸਚਾ ਗਹਿਰ ਗੰਭੀਰੁ ਹੈ ਗੁਰ ਸਬਦਿ ਬੁਝਾਈ ॥੮॥ ਸਲੋਕ ਮਃ ੩ ॥ ਸਚਾ ਨਾਮੁ ਧਿਆਇ ਤੂ ਸਭੋ ਵਰਤੈ ਸਚੁ ॥ ਨਾਨਕ ਹੁਕਮੈ ਜੋ ਬੁਝੈ ਸੋ ਫਲੁ ਪਾਏ ਸਚੁ ॥ ਕਥਨੀ ਬਦਨੀ ਕਰਤਾ ਫਿਰੈ ਹੁਕਮੁ ਨ ਬੂਝੈ ਸਚੁ ॥ ਨਾਨਕ ਹਰਿ ਕਾ ਭਾਣਾ ਮੰਨੇ ਸੋ ਭਗਤੁ ਹੋਇ ਵਿਣੁ ਮੰਨੇ ਕਚੁ ਨਿਕਚੁ ॥੧॥ ਮਃ ੩ ॥ ਮਨਮੁਖ ਬੋਲਿ ਨ ਜਾਣਨੀ ਓਨਾ ਅੰਦਰਿ ਕਾਮੁ ਕ੍ਰੋਧੁ ਅਹੰਕਾਰੁ ॥ ਓਇ ਥਾਉ ਕੁਥਾਉ ਨ ਜਾਣਨੀ ਉਨ ਅੰਤਰਿ ਲੋਭੁ ਵਿਕਾਰੁ ॥ ਓਇ ਆਪਣੈ ਸੁਆਇ ਆਇ ਬਹਿ ਗਲਾ ਕਰਹਿ ਓਨਾ ਮਾਰੇ ਜਮੁ ਜੰਦਾਰੁ ॥ ਅਗੈ ਦਰਗਹ ਲੇਖੈ ਮੰਗਿਐ ਮਾਰਿ ਖੁਆਰੁ ਕੀਚਹਿ ਕੂੜਿਆਰ ॥ ਏਹ ਕੂੜੈ ਕੀ ਮਲੁ ਕਿਉ ਉਤਰੈ ਕੋਈ ਕਢਹੁ ਇਹੁ ਵੀਚਾਰੁ ॥ ਸਤਿਗੁਰੁ ਮਿਲੈ ਤਾ ਨਾਮੁ ਦਿੜਾਏ ਸਭਿ ਕਿਲਵਿਖ ਕਟਣਹਾਰੁ ॥

In the Fear of God, the body becomes thin, and the blood of greed passes out of the body. As fire purifies metal, so does the Fear of the Lord eradicate the filth of evil-mindedness. O Nanak, beautiful are those humble beings, who are imbued with the Lord's Love. ||1|| THIRD MEHL: In Raamkalee, I have enshrined the Lord in my mind; thus I have been embellished. Through the Word of the Guru's Shabad, my heart-lotus has blossomed forth; the Lord blessed me with the treasure of devotional worship. My doubt was dispelled, and I woke up; the darkness of ignorance was dispelled. She who is in love with her Lord, is the most infinitely beautiful. Such a beautiful, happy soul-bride enjoys her Husband Lord forever. The self-willed manmukhs do not know how to decorate themselves; wasting their whole lives, they depart. Those who decorate themselves without devotional worship to the Lord, are continually reincarnated to suffer. They do not obtain respect in this world; the Creator Lord alone knows what will happen to them in the world hereafter. O Nanak, the True Lord is the One and only; duality exists only in the world. He Himself enjoins them to good and bad; they do only that which the Creator Lord causes them to do. ||2|| THIRD MEHL: Without serving the True Guru, tranquility is not obtained. It cannot be found anywhere else. No matter how much one may long for it, without the karma of good actions, it cannot be found. Those whose inner beings are filled with greed and corruption, are ruined through the love of duality. The cycle of birth and death is not ended, and filled with egotism, they suffer in pain. Those who focus their consciousness on the True Guru, do not remain unfulfilled. They are not summoned by the Messenger of Death, and they do not suffer in pain. O Nanak, the Gurmukh is saved, merging in the True Word of the Shabad. ||3|| PAUREE: He Himself remains unattached forever; all others run after worldly affairs. He Himself is eternal, unchanging and unmoving; the others continue coming and going in reincarnation. Meditating on the Lord forever and ever, the Gurmukh finds peace. He dwells in the home of his own inner being, absorbed in the Praise of the True Lord. The True Lord is profound and unfathomable; through the Word of the Guru's Shabad, He is understood. ||8|| SHALOK, THIRD MEHL: Meditate on the True Name; the True Lord is all-pervading. O Nanak, one who realizes the Hukam of the Lord's Command, obtains the fruit of Truth. One who merely mouths the words, does not understand the Hukam of the True Lord's Command. O Nanak, one who accepts the Will of the Lord is His devotee. Without accepting it, he is the falsest of the false. ||1|| THIRD MEHL: The self-willed manmukhs do not know what they are saying. They are filled with sexual desire, anger and egotism. They do not understand right places and wrong places; they are filled with greed and corruption. They come, and sit and talk for their own purposes. The Messenger of Death strikes them down. Hereafter, they are called to account in the Court of the Lord; the false ones are struck down and humiliated. How can this filth of falsehood be washed off? Can anyone think about this, and find the way? If one meets with the True Guru, He implants the Naam, the Name of the Lord within; all residues of his sinful mistakes are destroyed.

ਨਾਮੁ ਜਪੇ ਨਾਮੋ ਆਰਾਧੇ ਤਿਸੁ ਜਨ ਕਉ ਕਰਹੁ ਸਭਿ ਨਮਸਕਾਰੁ ॥ ਮਲੁ ਕੂੜੀ ਨਾਮਿ ਉਤਾਰੀਅਨੁ ਜਪਿ ਨਾਮੁ ਹੋਆ ਸਚਿਆਰੁ ॥ ਜਨ ਨਾਨਕ ਜਿਸ ਦੇ ਏਹਿ ਚਲਤ ਹਹਿ ਸੋ ਜੀਵਉ ਦੇਵਣਹਾਰੁ ॥੨॥ ਪਉੜੀ ॥ ਤੁਧੁ ਜੇਵਡੁ ਦਾਤਾ ਨਾਹਿ ਕਿਸੁ ਆਖਿ ਸੁਣਾਈਐ ॥ ਗੁਰ ਪਰਸਾਦੀ ਪਾਇ ਜਿਥਹੁ ਹਉਮੈ ਜਾਈਐ ॥ ਰਸ ਕਸ ਸਾਦਾ ਬਾਹਰਾ ਸਚੀ ਵਡਿਆਈਐ ॥ ਜਿਸ ਨੋ ਬਖਸੇ ਤਿਸੁ ਦੇਇ ਆਪਿ ਲਏ ਮਿਲਾਈਐ ॥ ਘਟ ਅੰਤਰਿ ਅੰਮ੍ਰਿਤੁ ਰਖਿਓਨੁ ਗੁਰਮੁਖਿ ਕਿਸੈ ਪਿਆਈ ॥੯॥ ਸਲੋਕ ਮਃ ੩ ॥ ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ ॥ ਜਿ ਸਤਿਗੁਰ ਭਾਵੈ ਸੁ ਮੰਨਿ ਲੈਨਿ ਸੇਈ ਕਰਮ ਕਰੇਨਿ ॥ ਜਾਇ ਪੁਛਹੁ ਸਿਮ੍ਰਿਤਿ ਸਾਸਤ ਬਿਆਸ ਸੁਕ ਨਾਰਦ ਬਚਨ ਸਭ ਸ੍ਰਿਸਟਿ ਕਰੇਨਿ ॥ ਸਚੈ ਲਾਏ ਸਚਿ ਲਗੇ ਸਦਾ ਸਚੁ ਸਮਾਲੇਨਿ ॥ ਨਾਨਕ ਆਏ ਸੇ ਪਰਵਾਣੁ ਭਏ ਜਿ ਸਗਲੇ ਕੁਲ ਤਾਰੇਨਿ ॥੧॥ ਮਃ ੩ ॥ ਗੁਰੂ ਜਿਨਾ ਕਾ ਅੰਧੁਲਾ ਸਿਖ ਭੀ ਅੰਧੇ ਕਰਮ ਕਰੇਨਿ ॥ ਓਇ ਭਾਣੈ ਚਲਨਿ ਆਪਣੈ ਨਿਤ ਝੂਠੋ ਝੂਠੁ ਬੋਲੇਨਿ ॥ ਕੂੜੁ ਕੁਸਤੁ ਕਮਾਵਦੇ ਪਰ ਨਿੰਦਾ ਸਦਾ ਕਰੇਨਿ ॥ ਓਇ ਆਪਿ ਡੁਬੇ ਪਰ ਨਿੰਦਕਾ ਸਗਲੇ ਕੁਲ ਡੋਬੇਨਿ ॥ ਨਾਨਕ ਜਿਤੁ ਓਇ ਲਾਏ ਤਿਤੁ ਲਗੇ ਉਇ ਬਪੁੜੇ ਕਿਆ ਕਰੇਨਿ ॥੨॥ ਪਉੜੀ ॥ ਸਭ ਨਦਰੀ ਅੰਦਰਿ ਰਖਦਾ ਜੇਤੀ ਸਿਸਟਿ ਸਭ ਕੀਤੀ ॥ ਇਕਿ ਕੂੜਿ ਕੁਸਤਿ ਲਾਇਅਨੁ ਮਨਮੁਖ ਵਿਗੂਤੀ ॥ ਗੁਰਮੁਖਿ ਸਦਾ ਧਿਆਈਐ ਅੰਦਰਿ ਹਰਿ ਪ੍ਰੀਤੀ ॥ ਜਿਨ ਕਉ ਪੋਤੈ ਪੁੰਨੁ ਹੈ ਤਿਨ੍ ਵਾਤਿ ਸਿਪੀਤੀ ॥ ਨਾਨਕ ਨਾਮੁ ਧਿਆਈਐ ਸਚੁ ਸਿਫਤਿ ਸਨਾਈ ॥੧੦॥ ਸਲੋਕੁ ਮਃ ੧ ॥ ਸਤੀ ਪਾਪੁ ਕਰਿ ਸਤੁ ਕਮਾਹਿ ॥ ਗੁਰ ਦੀਖਿਆ ਘਰਿ ਦੇਵਣ ਜਾਹਿ ॥ ਇਸਤਰੀ ਪੁਰਖੈ ਖਟਿਐ ਭਾਉ ॥ ਭਾਵੈ ਆਵਉ ਭਾਵੈ ਜਾਉ ॥ ਸਾਸਤੁ ਬੇਦੁ ਨ ਮਾਨੈ ਕੋਇ ॥ ਆਪੋ ਆਪੈ ਪੂਜਾ ਹੋਇ ॥ ਕਾਜੀ ਹੋਇ ਕੈ ਬਹੈ ਨਿਆਇ ॥ ਫੇਰੇ ਤਸਬੀ ਕਰੇ ਖੁਦਾਇ ॥ ਵਢੀ ਲੈ ਕੈ ਹਕੁ ਗਵਾਏ ॥ ਜੇ ਕੋ ਪੁਛੈ ਤਾ ਪੜਿ ਸੁਣਾਏ ॥ ਤੁਰਕ ਮੰਤ੍ਰੁ ਕਨਿ ਰਿਦੈ ਸਮਾਹਿ ॥ ਲੋਕ ਮੁਹਾਵਹਿ ਚਾੜੀ ਖਾਹਿ ॥ ਚਉਕਾ ਦੇ ਕੈ ਸੁਚਾ ਹੋਇ ॥ ਐਸਾ ਹਿੰਦੂ ਵੇਖਹੁ ਕੋਇ ॥ ਜੋਗੀ ਗਿਰਹੀ ਜਟਾ ਬਿਭੂਤ ॥ ਆਗੈ ਪਾਛੈ ਰੋਵਹਿ ਪੂਤ ॥ ਜੋਗੁ ਨ ਪਾਇਆ ਜੁਗਤਿ ਗਵਾਈ ॥ ਕਿਤੁ ਕਾਰਣਿ ਸਿਰਿ ਛਾਈ ਪਾਈ ॥ ਨਾਨਕ ਕਲਿ ਕਾ ਏਹੁ ਪਰਵਾਣੁ ॥ ਆਪੇ ਆਖਣੁ ਆਪੇ ਜਾਣੁ ॥੧॥ ਮਃ ੧ ॥ ਹਿੰਦੂ ਕੈ ਘਰਿ ਹਿੰਦੂ ਆਵੈ ॥ ਸੂਤੁ ਜਨੇਊ ਪੜਿ ਗਲਿ ਪਾਵੈ ॥ ਸੂਤੁ ਪਾਇ ਕਰੇ ਬੁਰਿਆਈ ॥ ਨਾਤਾ ਧੋਤਾ ਥਾਇ ਨ ਪਾਈ ॥

Let all bow in humility to that humble being who chants the Naam, and worships the Naam in adoration. The Naam washes off the filth of falsehood; chanting the Naam, one becomes truthful. O servant Nanak, wondrous are the plays of the Lord, the Giver of life. ||2|| PAUREE: You are the Great Giver; no other is as great as You. Unto whom should I speak and talk? By Guru's Grace, I find You; You eradicate egotism from within. You are beyond sweet and salty flavors; True is Your glorious greatness. You bless those whom You forgive, and unite them with Yourself. You have placed the Ambrosial Nectar deep within the heart; the Gurmukh drinks it in. ||9|| SHALOK, THIRD MEHL: The stories of one's ancestors make the children good children. They accept what is pleasing to the Will of the True Guru, and act accordingly. Go and consult the Simritees, the Shaastras, the writings of Vyaas, Suk Dayv, Naarad, and all those who preach to the world. Those, whom the True Lord attaches, are attached to the Truth; they contemplate the True Name forever. O Nanak, their coming into the world is approved; they redeem all their ancestors. ||1|| THIRD MEHL: The disciples whose teacher is blind, act blindly as well. They walk according to their own wills, and continually speak falsehood and lies. They practice falsehood and deception, and endlessly slander others. Slandering others, they drown themselves, and drown all their generations as well. O Nanak, whatever the Lord links them to, to that they are linked; what can the poor creatures do? ||2|| PAUREE: He keeps all under His Gaze; He created the entire Universe. He has linked some to falsehood and deception; these self-willed manmukhs are plundered. The Gurmukhs meditate on the Lord forever; their inner beings are filled with love. Those who have the treasure of virtue, chant the Praises of the Lord. O Nanak, meditate on the Naam, and the Glorious Praises of the True Lord. ||10|| SHALOK, FIRST MEHL: Men of charity gather wealth by committing sins, and then give it away in donations to charity. Their spiritual teachers go to their homes to instruct them. The woman loves the man only for his wealth; they come and go as they please. No one obeys the Shaastras or the Vedas. Everyone worships himself. Becoming judges, they sit and administer justice. They chant on their malas, and call upon God. They accept bribes, and block justice. If someone asks them, they read quotations from their books. The Muslim scriptures are in their ears and in their hearts. They plunder the people, and engage in gossip and flattery. They anoint their kitchens to try to become pure. Behold, such is the Hindu. The Yogi, with matted hair and ashes on his body, has become a householder. The children weep in front of him and behind him. He does not attain Yoga — he has lost his way. Why does he apply ashes to his forehead? O Nanak, this is the sign of the Dark Age of Kali Yuga; everyone says that he himself knows. ||1|| FIRST MEHL: The Hindu comes to the house of a Hindu. He puts the sacred thread around his neck and reads the scriptures. He puts on the thread, but does evil deeds. His cleansings and washings will not be approved.

ਮੁਸਲਮਾਨੁ ਕਰੇ ਵਡਿਆਈ ॥ ਵਿਣੁ ਗੁਰ ਪੀਰੈ ਕੋ ਥਾਇ ਨ ਪਾਈ ॥ ਰਾਹੁ ਦਸਾਇ ਓਥੈ ਕੋ ਜਾਇ ॥ ਕਰਣੀ ਬਾਝਹੁ ਭਿਸਤਿ ਨ ਪਾਇ ॥ ਜੋਗੀ ਕੈ ਘਰਿ ਜੁਗਤਿ ਦਸਾਈ ॥ ਤਿਤੁ ਕਾਰਣਿ ਕਨਿ ਮੁੰਦ੍ਰਾ ਪਾਈ ॥ ਮੁੰਦ੍ਰਾ ਪਾਇ ਫਿਰੈ ਸੰਸਾਰਿ ॥ ਜਿਥੈ ਕਿਥੈ ਸਿਰਜਣਹਾਰੁ ॥ ਜੇਤੇ ਜੀਅ ਤੇਤੇ ਵਾਟਾਊ ॥ ਚੀਰੀ ਆਈ ਢਿਲ ਨ ਕਾਊ ॥ ਏਥੈ ਜਾਣੈ ਸੁ ਜਾਇ ਸਿਞਾਣੈ ॥ ਹੋਰੁ ਫਕੜੁ ਹਿੰਦੂ ਮੁਸਲਮਾਣੈ ॥ ਸਭਨਾ ਕਾ ਦਰਿ ਲੇਖਾ ਹੋਇ ॥ ਕਰਣੀ ਬਾਝਹੁ ਤਰੈ ਨ ਕੋਇ ॥ ਸਚੋ ਸਚੁ ਵਖਾਣੈ ਕੋਇ ॥ ਨਾਨਕ ਅਗੈ ਪੁਛ ਨ ਹੋਇ ॥੨॥ ਪਉੜੀ ॥ ਹਰਿ ਕਾ ਮੰਦਰੁ ਆਖੀਐ ਕਾਇਆ ਕੋਟੁ ਗੜੁ ॥ ਅੰਦਰਿ ਲਾਲ ਜਵੇਹਰੀ ਗੁਰਮੁਖਿ ਹਰਿ ਨਾਮੁ ਪੜੁ ॥ ਹਰਿ ਕਾ ਮੰਦਰੁ ਸਰੀਰੁ ਅਤਿ ਸੋਹਣਾ ਹਰਿ ਹਰਿ ਨਾਮੁ ਦਿੜੁ ॥ ਮਨਮੁਖ ਆਪਿ ਖੁਆਇਅਨੁ ਮਾਇਆ ਮੋਹ ਨਿਤ ਕੜੁ ॥ ਸਭਨਾ ਸਾਹਿਬੁ ਏਕੁ ਹੈ ਪੂਰੈ ਭਾਗਿ ਪਾਇਆ ਜਾਈ ॥੧੧॥ ਸਲੋਕ ਮਃ ੧ ॥ ਨਾ ਸਤਿ ਦੁਖੀਆ ਨਾ ਸਤਿ ਸੁਖੀਆ ਨਾ ਸਤਿ ਪਾਣੀ ਜੰਤ ਫਿਰਹਿ ॥ ਨਾ ਸਤਿ ਮੂੰਡ ਮੁਡਾਈ ਕੇਸੀ ਨਾ ਸਤਿ ਪੜਿਆ ਦੇਸ ਫਿਰਹਿ ॥ ਨਾ ਸਤਿ ਰੁਖੀ ਬਿਰਖੀ ਪਥਰ ਆਪੁ ਤਛਾਵਹਿ ਦੁਖ ਸਹਹਿ ॥ ਨਾ ਸਤਿ ਹਸਤੀ ਬਧੇ ਸੰਗਲ ਨਾ ਸਤਿ ਗਾਈ ਘਾਹੁ ਚਰਹਿ ॥ ਜਿਸੁ ਹਥਿ ਸਿਧਿ ਦੇਵੈ ਜੇ ਸੋਈ ਜਿਸ ਨੋ ਦੇਇ ਤਿਸੁ ਆਇ ਮਿਲੈ ॥ ਨਾਨਕ ਤਾ ਕਉ ਮਿਲੈ ਵਡਾਈ ਜਿਸੁ ਘਟ ਭੀਤਰਿ ਸਬਦੁ ਰਵੈ ॥ ਸਭਿ ਘਟ ਮੇਰੇ ਹਉ ਸਭਨਾ ਅੰਦਰਿ ਜਿਸਹਿ ਖੁਆਈ ਤਿਸੁ ਕਉਣੁ ਕਹੈ ॥ ਜਿਸਹਿ ਦਿਖਾਲਾ ਵਾਟੜੀ ਤਿਸਹਿ ਭੁਲਾਵੈ ਕਉਣੁ ॥ ਜਿਸਹਿ ਭੁਲਾਈ ਪੰਧ ਸਿਰਿ ਤਿਸਹਿ ਦਿਖਾਵੈ ਕਉਣੁ ॥੧॥ ਮਃ ੧ ॥ ਸੋ ਗਿਰਹੀ ਜੋ ਨਿਗ੍ਰਹੁ ਕਰੈ ॥ ਜਪੁ ਤਪੁ ਸੰਜਮੁ ਭੀਖਿਆ ਕਰੈ ॥ ਪੁੰਨ ਦਾਨ ਕਾ ਕਰੇ ਸਰੀਰੁ ॥ ਸੋ ਗਿਰਹੀ ਗੰਗਾ ਕਾ ਨੀਰੁ ॥ ਬੋਲੈ ਈਸਰੁ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੨॥ ਮਃ ੧ ॥ ਸੋ ਅਉਧੂਤੀ ਜੋ ਧੂਪੈ ਆਪੁ ॥ ਭਿਖਿਆ ਭੋਜਨੁ ਕਰੈ ਸੰਤਾਪੁ ॥ ਅਉਹਠ ਪਟਣ ਮਹਿ ਭੀਖਿਆ ਕਰੈ ॥ ਸੋ ਅਉਧੂਤੀ ਸਿਵ ਪੁਰਿ ਚੜੈ ॥ ਬੋਲੈ ਗੋਰਖੁ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੩॥ ਮਃ ੧ ॥ ਸੋ ਉਦਾਸੀ ਜਿ ਪਾਲੇ ਉਦਾਸੁ ॥ ਅਰਧ ਉਰਧ ਕਰੇ ਨਿਰੰਜਨ ਵਾਸੁ ॥ ਚੰਦ ਸੂਰਜ ਕੀ ਪਾਏ ਗੰਢਿ ॥ ਤਿਸੁ ਉਦਾਸੀ ਕਾ ਪੜੈ ਨ ਕੰਧੁ ॥ ਬੋਲੈ ਗੋਪੀ ਚੰਦੁ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੪॥ ਮਃ ੧ ॥ ਸੋ ਪਾਖੰਡੀ ਜਿ ਕਾਇਆ ਪਖਾਲੇ ॥ ਕਾਇਆ ਕੀ ਅਗਨਿ ਬ੍ਰਹਮੁ ਪਰਜਾਲੇ ॥ ਸੁਪਨੈ ਬਿੰਦੁ ਨ ਦੇਈ ਝਰਣਾ ॥

The Muslim glorifies his own faith. Without the Guru or a spiritual teacher, no one is accepted. They may be shown the way, but only a few go there. Without the karma of good actions, heaven is not attained. The Way of Yoga is demonstrated in the Yogi's monastery. They wear ear-rings to show the way. Wearing ear-rings, they wander around the world. The Creator Lord is everywhere. There are as many travellers as there are beings. When one's death warrant is issued, there is no delay. One who knows the Lord here, realizes Him there as well. Others, whether Hindu or Muslim, are just babbling. Everyone's account is read in the Court of the Lord; without the karma of good actions, no one crosses over. One who speaks the True Name of the True Lord, O Nanak, is not called to account hereafter. ||2|| PAUREE: The fortress of the body is called the Mansion of the Lord. The rubies and gems are found within it; the Gurmukh chants the Name of the Lord. The body, the Mansion of the Lord, is very beautiful, when the Name of the Lord, Har, Har, is implanted deep within. The self-willed manmukhs ruin themselves; they boil continuously in attachment to Maya. The One Lord is the Master of all. He is found only by perfect destiny. ||11|| SHALOK, FIRST MEHL: There is no Truth in suffering, there is no Truth in comfort. There is no Truth in wandering like animals through the water. There is no Truth in shaving one's head; there is no Truth is studying the scriptures or wandering in foreign lands. There is no Truth in trees, plants or stones, in mutilating oneself or suffering in pain. There is no Truth in binding elephants in chains; there is no Truth in grazing cows. He alone grants it, whose hands hold spritual perfection; he alone receives it, unto whom it is given. O Nanak, he alone is blessed with glorious greatness, whose heart is filled with the Word of the Shabad. God says, all hearts are mine, and I am in all hearts. Who can explain this to one who is confused? Who can confuse that being, unto whom I have shown the Way? And who can show the Path to that being whom I have confused since the beginning of time? ||1|| FIRST MEHL: He alone is a householder, who restrains his passions and begs for meditation, austerity and self-discipline. He gives donations to charity with his body; such a householder is as pure as the water of the Ganges. Says Eeshar, the Lord is the embodiment of Truth. The supreme essence of reality has no shape or form. ||2|| FIRST MEHL: He alone is a detached hermit, who burns away his self-conceit. He begs for suffering as his food. In the city of the heart, he begs for charity. Such a renunciate ascends to the City of God. Says Gorakh, God is the embodiment of Truth; the supreme essence of reality has no shape or form. ||3|| FIRST MEHL: He alone is an Udasi, a shaven-headed renunciate, who embraces renunciation. He sees the Immaculate Lord dwelling in both the upper and lower regions. He balances the sun and the moon energies. The body-wall of such an Udasi does not collapse. Says Gopi Chand, God is the embodiment of Truth; the supreme essence of reality has no shape or form. ||4|| FIRST MEHL: He alone is a Paakhandi, who cleanses his body of filth. The fire of his body illuminates God within. He does not waste his energy in wet dreams.

ਤਿਸੁ ਪਾਖੰਡੀ ਜਰਾ ਨ ਮਰਣਾ ॥ ਬੋਲੈ ਚਰਪਟੁ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੫॥ ਮਃ ੧ ॥ ਸੋ ਬੈਰਾਗੀ ਜਿ ਉਲਟੇ ਬ੍ਰਹਮੁ ॥ ਗਗਨ ਮੰਡਲ ਮਹਿ ਰੋਪੈ ਥੰਮੁ ॥ ਅਹਿਨਿਸਿ ਅੰਤਰਿ ਰਹੈ ਧਿਆਨਿ ॥ ਤੇ ਬੈਰਾਗੀ ਸਤ ਸਮਾਨਿ ॥ ਬੋਲੈ ਭਰਥਰਿ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੬॥ ਮਃ ੧ ॥ ਕਿਉ ਮਰੈ ਮੰਦਾ ਕਿਉ ਜੀਵੈ ਜੁਗਤਿ ॥ ਕੰਨ ਪੜਾਇ ਕਿਆ ਖਾਜੈ ਭੁਗਤਿ ॥ ਆਸਤਿ ਨਾਸਤਿ ਏਕੋ ਨਾਉ ॥ ਕਉਣੁ ਸੁ ਅਖਰੁ ਜਿਤੁ ਰਹੈ ਹਿਆਉ ॥ ਧੂਪ ਛਾਵ ਜੇ ਸਮ ਕਰਿ ਸਹੈ ॥ ਤਾ ਨਾਨਕੁ ਆਖੈ ਗੁਰੁ ਕੋ ਕਹੈ ॥ ਛਿਅ ਵਰਤਾਰੇ ਵਰਤਹਿ ਪੂਤ ॥ ਨਾ ਸੰਸਾਰੀ ਨਾ ਅਉਧੂਤ ॥ ਨਿਰੰਕਾਰਿ ਜੋ ਰਹੈ ਸਮਾਇ ॥ ਕਾਹੇ ਭੀਖਿਆ ਮੰਗਣਿ ਜਾਇ ॥੭॥ ਪਉੜੀ ॥ ਹਰਿ ਮੰਦਰੁ ਸੋਈ ਆਖੀਐ ਜਿਥਹੁ ਹਰਿ ਜਾਤਾ ॥ ਮਾਨਸ ਦੇਹ ਗੁਰ ਬਚਨੀ ਪਾਇਆ ਸਭੁ ਆਤਮ ਰਾਮੁ ਪਛਾਤਾ ॥ ਬਾਹਰਿ ਮੂਲਿ ਨ ਖੋਜੀਐ ਘਰ ਮਾਹਿ ਬਿਧਾਤਾ ॥ ਮਨਮੁਖ ਹਰਿ ਮੰਦਰ ਕੀ ਸਾਰ ਨ ਜਾਣਨੀ ਤਿਨੀ ਜਨਮੁ ਗਵਾਤਾ ॥ ਸਭ ਮਹਿ ਇਕੁ ਵਰਤਦਾ ਗੁਰ ਸਬਦੀ ਪਾਇਆ ਜਾਈ ॥੧੨॥ ਸਲੋਕ ਮਃ ੩ ॥ ਮੂਰਖੁ ਹੋਵੈ ਸੋ ਸੁਣੈ ਮੂਰਖ ਕਾ ਕਹਣਾ ॥ ਮੂਰਖ ਕੇ ਕਿਆ ਲਖਣ ਹੈ ਕਿਆ ਮੂਰਖ ਕਾ ਕਰਣਾ ॥ ਮੂਰਖੁ ਓਹੁ ਜਿ ਮੁਗਧੁ ਹੈ ਅਹੰਕਾਰੇ ਮਰਣਾ ॥ ਏਤੁ ਕਮਾਣੈ ਸਦਾ ਦੁਖੁ ਦੁਖ ਹੀ ਮਹਿ ਰਹਣਾ ॥ ਅਤਿ ਪਿਆਰਾ ਪਵੈ ਖੂਹਿ ਕਿਹੁ ਸੰਜਮੁ ਕਰਣਾ ॥ ਗੁਰਮੁਖਿ ਹੋਇ ਸੁ ਕਰੇ ਵੀਚਾਰੁ ਓਸੁ ਅਲਿਪਤੋ ਰਹਣਾ ॥ ਹਰਿ ਨਾਮੁ ਜਪੈ ਆਪਿ ਉਧਰੈ ਓਸੁ ਪਿਛੈ ਡੁਬਦੇ ਭੀ ਤਰਣਾ ॥ ਨਾਨਕ ਜੋ ਤਿਸੁ ਭਾਵੈ ਸੋ ਕਰੇ ਜੋ ਦੇਇ ਸੁ ਸਹਣਾ ॥੧॥ ਮਃ ੧ ॥ ਨਾਨਕੁ ਆਖੈ ਰੇ ਮਨਾ ਸੁਣੀਐ ਸਿਖ ਸਹੀ ॥ ਲੇਖਾ ਰਬੁ ਮੰਗੇਸੀਆ ਬੈਠਾ ਕਢਿ ਵਹੀ ॥ ਤਲਬਾ ਪਉਸਨਿ ਆਕੀਆ ਬਾਕੀ ਜਿਨਾ ਰਹੀ ॥ ਅਜਰਾਈਲੁ ਫਰੇਸਤਾ ਹੋਸੀ ਆਇ ਤਈ ॥ ਆਵਣੁ ਜਾਣੁ ਨ ਸੁਝਈ ਭੀੜੀ ਗਲੀ ਫਹੀ ॥ ਕੂੜ ਨਿਖੁਟੇ ਨਾਨਕਾ ਓੜਕਿ ਸਚਿ ਰਹੀ ॥੨॥ ਪਉੜੀ ॥ ਹਰਿ ਕਾ ਸਭੁ ਸਰੀਰੁ ਹੈ ਹਰਿ ਰਵਿ ਰਹਿਆ ਸਭੁ ਆਪੈ ॥ ਹਰਿ ਕੀ ਕੀਮਤਿ ਨਾ ਪਵੈ ਕਿਛੁ ਕਹਣੁ ਨ ਜਾਪੈ ॥ ਗੁਰ ਪਰਸਾਦੀ ਸਾਲਾਹੀਐ ਹਰਿ ਭਗਤੀ ਰਾਪੈ ॥ ਸਭੁ ਮਨੁ ਤਨੁ ਹਰਿਆ ਹੋਇਆ ਅਹੰਕਾਰੁ ਗਵਾਪੈ ॥ ਸਭੁ ਕਿਛੁ ਹਰਿ ਕਾ ਖੇਲੁ ਹੈ ਗੁਰਮੁਖਿ ਕਿਸੈ ਬੁਝਾਈ ॥੧੩॥ ਸਲੋਕੁ ਮਃ ੧ ॥ ਸਹੰਸਰ ਦਾਨ ਦੇ ਇੰਦ੍ਰੁ ਰੋਆਇਆ ॥ ਪਰਸ ਰਾਮੁ ਰੋਵੈ ਘਰਿ ਆਇਆ ॥ ਅਜੈ ਸੁ ਰੋਵੈ ਭੀਖਿਆ ਖਾਇ ॥ ਐਸੀ ਦਰਗਹ ਮਿਲੈ ਸਜਾਇ ॥

Such a Paakhandi does not grow old or die. Says Charpat, God is the embodiment of Truth; the supreme essence of reality has no shape or form. ||5|| FIRST MEHL: He alone is a Bairaagi, who turns himself toward God. In the Tenth Gate, the sky of the mind, he erects his pillar. Night and day, he remains in deep inner meditation. Such a Bairaagi is just like the True Lord. Says Bhart'har, God is the embodiment of Truth; the supreme essence of reality has no shape or form. ||6|| FIRST MEHL: How is evil eradicated? How can the true way of life be found? What is the use of piercing the ears, or begging for food? Throughout existence and non-existence, there is only the Name of the One Lord. What is that Word, which holds the heart in its place? When you look alike upon sunshine and shade, says Nanak, then the Guru will speak to you. The students follow the six systems. They are neither worldly people, nor detached renunciates. One who remains absorbed in the Formless Lord — why should he go out begging? ||7|| PAUREE: That alone is said to be the Lord's temple, where the Lord is known. In the human body, the Guru's Word is found, when one understands that the Lord, the Supreme Soul, is in all. Don't look for Him outside your self. The Creator, the Architect of Destiny, is within the home of your own heart. The self-willed manmukh does not appreciate the value of the Lord's temple; they waste away and lose their lives. The One Lord is pervading in all; through the Word of the Guru's Shabad, He can be found. ||12|| SHALOK, THIRD MEHL: Only a fool listens to the words of the fool. What are the signs of the fool? What does the fool do? A fool is stupid; he dies of egotism. His actions always bring him pain; he lives in pain. If someone's beloved friend falls into the pit, what can be used to pull him out? One who becomes Gurmukh contemplates the Lord, and remains detached. Chanting the Lord's Name, he saves himself, and he carries across those who are drowning as well. O Nanak, he acts in accordance with the Will of God; he endures whatever he is given. ||1|| FIRST MEHL: Says Nanak, listen, O mind, to the True Teachings. Opening His ledger, God will call you to account. Those rebels who have unpaid accounts shall be called out. Azraa-eel, the Angel of Death, shall be appointed to punish them. They will find no way to escape coming and going in reincarnation; they are trapped in the narrow path. Falsehood will come to an end, O Nanak, and Truth will prevail in the end. ||2|| PAUREE: The body and everything belongs to the Lord; the Lord Himself is all-pervading. The Lord's value cannot be estimated; nothing can be said about it. By Guru's Grace, one praises the Lord, imbued with feelings of devotion. The mind and body are totally rejuvenated, and egotism is eradicated. Everything is the play of the Lord. The Gurmukh understands this. ||13|| SHALOK, FIRST MEHL: Branded with a thousand marks of disgrace, Indra cried in shame. Paras Raam returned home crying. Ajai cried and weeped, when he was made to eat the manure he had given, pretending it was charity. Such is the punishment received in the Court of the Lord.

ਰੋਵੈ ਰਾਮੁ ਨਿਕਾਲਾ ਭਇਆ ॥ ਸੀਤਾ ਲਖਮਣੁ ਵਿਛੁੜਿ ਗਇਆ ॥ ਰੋਵੈ ਦਹਸਿਰੁ ਲੰਕ ਗਵਾਇ ॥ ਜਿਨਿ ਸੀਤਾ ਆਦੀ ਡਉਰੂ ਵਾਇ ॥ ਰੋਵਹਿ ਪਾਂਡਵ ਭਏ ਮਜੂਰ ॥ ਜਿਨ ਕੈ ਸੁਆਮੀ ਰਹਤ ਹਦੂਰਿ ॥ ਰੋਵੈ ਜਨਮੇਜਾ ਖੁਇ ਗਇਆ ॥ ਏਕੀ ਕਾਰਣਿ ਪਾਪੀ ਭਇਆ ॥ ਰੋਵਹਿ ਸੇਖ ਮਸਾਇਕ ਪੀਰ ॥ ਅੰਤਿ ਕਾਲਿ ਮਤੁ ਲਾਗੈ ਭੀੜ ॥ ਰੋਵਹਿ ਰਾਜੇ ਕੰਨ ਪੜਾਇ ॥ ਘਰਿ ਘਰਿ ਮਾਗਹਿ ਭੀਖਿਆ ਜਾਇ ॥ ਰੋਵਹਿ ਕਿਰਪਨ ਸੰਚਹਿ ਧਨੁ ਜਾਇ ॥ ਪੰਡਿਤ ਰੋਵਹਿ ਗਿਆਨੁ ਗਵਾਇ ॥ ਬਾਲੀ ਰੋਵੈ ਨਾਹਿ ਭਤਾਰੁ ॥ ਨਾਨਕ ਦੁਖੀਆ ਸਭੁ ਸੰਸਾਰੁ ॥ ਮੰਨੇ ਨਾਉ ਸੋਈ ਜਿਣਿ ਜਾਇ ॥ ਅਉਰੀ ਕਰਮ ਨ ਲੇਖੈ ਲਾਇ ॥੧॥ ਮਃ ੨ ॥ ਜਪੁ ਤਪੁ ਸਭੁ ਕਿਛੁ ਮੰਨਿਐ ਅਵਰਿ ਕਾਰਾ ਸਭਿ ਬਾਦਿ ॥ ਨਾਨਕ ਮੰਨਿਆ ਮੰਨੀਐ ਬੁਝੀਐ ਗੁਰ ਪਰਸਾਦਿ ॥੨॥ ਪਉੜੀ ॥ ਕਾਇਆ ਹੰਸ ਧੁਰਿ ਮੇਲੁ ਕਰਤੈ ਲਿਖਿ ਪਾਇਆ ॥ ਸਭ ਮਹਿ ਗੁਪਤੁ ਵਰਤਦਾ ਗੁਰਮੁਖਿ ਪ੍ਰਗਟਾਇਆ ॥ ਗੁਣ ਗਾਵੈ ਗੁਣ ਉਚਰੈ ਗੁਣ ਮਾਹਿ ਸਮਾਇਆ ॥ ਸਚੀ ਬਾਣੀ ਸਚੁ ਹੈ ਸਚੁ ਮੇਲਿ ਮਿਲਾਇਆ ॥ ਸਭੁ ਕਿਛੁ ਆਪੇ ਆਪਿ ਹੈ ਆਪੇ ਦੇਇ ਵਡਿਆਈ ॥੧੪॥ ਸਲੋਕ ਮਃ ੨ ॥ ਨਾਨਕ ਅੰਧਾ ਹੋਇ ਕੈ ਰਤਨਾ ਪਰਖਣ ਜਾਇ ॥ ਰਤਨਾ ਸਾਰ ਨ ਜਾਣਈ ਆਵੈ ਆਪੁ ਲਖਾਇ ॥੧॥ ਮਃ ੨ ॥ ਰਤਨਾ ਕੇਰੀ ਗੁਥਲੀ ਰਤਨੀ ਖੋਲੀ ਆਇ ॥ ਵਖਰ ਤੈ ਵਣਜਾਰਿਆ ਦੁਹਾ ਰਹੀ ਸਮਾਇ ॥ ਜਿਨ ਗੁਣੁ ਪਲੈ ਨਾਨਕਾ ਮਾਣਕ ਵਣਜਹਿ ਸੇਇ ॥ ਰਤਨਾ ਸਾਰ ਨ ਜਾਣਨੀ ਅੰਧੇ ਵਤਹਿ ਲੋਇ ॥੨॥ ਪਉੜੀ ॥ ਨਉ ਦਰਵਾਜੇ ਕਾਇਆ ਕੋਟੁ ਹੈ ਦਸਵੈ ਗੁਪਤੁ ਰਖੀਜੈ ॥ ਬਜਰ ਕਪਾਟ ਨ ਖੁਲਨੀ ਗੁਰ ਸਬਦਿ ਖੁਲੀਜੈ ॥ ਅਨਹਦ ਵਾਜੇ ਧੁਨਿ ਵਜਦੇ ਗੁਰ ਸਬਦਿ ਸੁਣੀਜੈ ॥ ਤਿਤੁ ਘਟ ਅੰਤਰਿ ਚਾਨਣਾ ਕਰਿ ਭਗਤਿ ਮਿਲੀਜੈ ॥ ਸਭ ਮਹਿ ਏਕੁ ਵਰਤਦਾ ਜਿਨਿ ਆਪੇ ਰਚਨ ਰਚਾਈ ॥੧੫॥ ਸਲੋਕ ਮਃ ੨ ॥ ਅੰਧੇ ਕੈ ਰਾਹਿ ਦਸਿਐ ਅੰਧਾ ਹੋਇ ਸੁ ਜਾਇ ॥ ਹੋਇ ਸੁਜਾਖਾ ਨਾਨਕਾ ਸੋ ਕਿਉ ਉਝੜਿ ਪਾਇ ॥ ਅੰਧੇ ਏਹਿ ਨ ਆਖੀਅਨਿ ਜਿਨ ਮੁਖਿ ਲੋਇਣ ਨਾਹਿ ॥ ਅੰਧੇ ਸੇਈ ਨਾਨਕਾ ਖਸਮਹੁ ਘੁਥੇ ਜਾਹਿ ॥੧॥ ਮਃ ੨ ॥ ਸਾਹਿਬਿ ਅੰਧਾ ਜੋ ਕੀਆ ਕਰੇ ਸੁਜਾਖਾ ਹੋਇ ॥ ਜੇਹਾ ਜਾਣੈ ਤੇਹੋ ਵਰਤੈ ਜੇ ਸਉ ਆਖੈ ਕੋਇ ॥ ਜਿਥੈ ਸੁ ਵਸਤੁ ਨ ਜਾਪਈ ਆਪੇ ਵਰਤਉ ਜਾਣਿ ॥ ਨਾਨਕ ਗਾਹਕੁ ਕਿਉ ਲਏ ਸਕੈ ਨ ਵਸਤੁ ਪਛਾਣਿ ॥੨॥ ਮਃ ੨ ॥ ਸੋ ਕਿਉ ਅੰਧਾ ਆਖੀਐ ਜਿ ਹੁਕਮਹੁ ਅੰਧਾ ਹੋਇ ॥ ਨਾਨਕ ਹੁਕਮੁ ਨ ਬੁਝਈ ਅੰਧਾ ਕਹੀਐ ਸੋਇ ॥੩॥

ਚਰਣੀ ਚਲਉ ਮਾਰਗਿ ਠਾਕੁਰ ਕੈ ਰਸਨਾ ਹਰਿ ਗੁਣ ਗਾਏ ॥੨॥ ਦੇਖਿਓ ਦ੍ਰਿਸਟਿ ਸਰਬ ਮੰਗਲ ਰੂਪ ਉਲਟੀ ਸੰਤ ਕਰਾਏ ॥ ਪਾਇਓ ਲਾਲੁ ਅਮੋਲੁ ਨਾਮੁ ਹਰਿ ਛੋਡਿ ਨ ਕਤਹੂ ਜਾਏ ॥੩॥ ਕਵਨ ਉਪਮਾ ਕਉਨ ਬਡਾਈ ਕਿਆ ਗੁਨ ਕਹਉ ਰੀਝਾਏ ॥ ਹੋਤ ਕ੍ਰਿਪਾਲ ਦੀਨ ਦਇਆ ਪ੍ਰਭ ਜਨ ਨਾਨਕ ਦਾਸ ਦਸਾਏ ॥੪॥੮॥ ਸਾਰਗ ਮਹਲਾ ੫ ॥ ਓਇ ਸੁਖ ਕਾ ਸਿਉ ਬਰਨਿ ਸੁਨਾਵਤ ॥ ਅਨਦ ਬਿਨੋਦ ਪੇਖਿ ਪ੍ਰਭ ਦਰਸਨ ਮਨਿ ਮੰਗਲ ਗੁਨ ਗਾਵਤ ॥੧॥ ਰਹਾਉ ॥ ਬਿਸਮ ਭਈ ਪੇਖਿ ਬਿਸਮਾਦੀ ਪੂਰਿ ਰਹੇ ਕਿਰਪਾਵਤ ॥ ਪੀਓ ਅੰਮ੍ਰਿਤ ਨਾਮੁ ਅਮੋਲਕ ਜਿਉ ਚਾਖਿ ਗੂੰਗਾ ਮੁਸਕਾਵਤ ॥੧॥ ਜੈਸੇ ਪਵਨੁ ਬੰਧ ਕਰਿ ਰਾਖਿਓ ਬੂਝ ਨ ਆਵਤ ਜਾਵਤ ॥ ਜਾ ਕਉ ਰਿਦੈ ਪ੍ਰਗਾਸੁ ਭਇਓ ਹਰਿ ਉਆ ਕੀ ਕਹੀ ਨ ਜਾਇ ਕਹਾਵਤ ॥੨॥ ਆਨ ਉਪਾਵ ਜੇਤੇ ਕਿਛੁ ਕਹੀਅਹਿ ਤੇਤੇ ਸੀਖੇ ਪਾਵਤ ॥ ਅਚਿੰਤ ਲਾਲੁ ਗ੍ਰਿਹ ਭੀਤਰਿ ਪ੍ਰਗਟਿਓ ਅਗਮ ਜੈਸੇ ਪਰਖਾਵਤ ॥੩॥ ਨਿਰਗੁਣ ਨਿਰੰਕਾਰ ਅਬਿਨਾਸੀ ਅਤੁਲੋ ਤੁਲਿਓ ਨ ਜਾਵਤ ॥ ਕਹੁ ਨਾਨਕ ਅਜਰੁ ਜਿਨਿ ਜਰਿਆ ਤਿਸ ਹੀ ਕਉ ਬਨਿ ਆਵਤ ॥੪॥੯॥ ਸਾਰਗ ਮਹਲਾ ੫ ॥ ਬਿਖਈ ਦਿਨੁ ਰੈਨਿ ਇਵ ਹੀ ਗੁਦਾਰੈ ॥ ਗੋਬਿੰਦੁ ਨ ਭਜੈ ਅਹੰਬੁਧਿ ਮਾਤਾ ਜਨਮੁ ਜੂਐ ਜਿਉ ਹਾਰੈ ॥੧॥ ਰਹਾਉ ॥ ਨਾਮੁ ਅਮੋਲਾ ਪ੍ਰੀਤਿ ਨ ਤਿਸ ਸਿਉ ਪਰ ਨਿੰਦਾ ਹਿਤਕਾਰੈ ॥ ਛਾਪਰੁ ਬਾਂਧਿ ਸਵਾਰੈ ਤ੍ਰਿਣ ਕੋ ਦੁਆਰੈ ਪਾਵਕੁ ਜਾਰੈ ॥੧॥ ਕਾਲਰ ਪੋਟ ਉਠਾਵੈ ਮੂੰਡਹਿ ਅੰਮ੍ਰਿਤੁ ਮਨ ਤੇ ਡਾਰੈ ॥ ਓਢੈ ਬਸਤ੍ਰ ਕਾਜਰ ਮਹਿ ਪਰਿਆ ਬਹੁਰਿ ਬਹੁਰਿ ਫਿਰਿ ਝਾਰੈ ॥੨॥ ਕਾਟੈ ਪੇਡੁ ਡਾਲ ਪਰਿ ਠਾਢੌ ਖਾਇ ਖਾਇ ਮੁਸਕਾਰੈ ॥ ਗਿਰਿਓ ਜਾਇ ਰਸਾਤਲਿ ਪਰਿਓ ਛਿਟੀ ਛਿਟੀ ਸਿਰ ਭਾਰੈ ॥੩॥ ਨਿਰਵੈਰੈ ਸੰਗਿ ਵੈਰੁ ਰਚਾਏ ਪਹੁਚਿ ਨ ਸਕੈ ਗਵਾਰੈ ॥ ਕਹੁ ਨਾਨਕ ਸੰਤਨ ਕਾ ਰਾਖਾ ਪਾਰਬ੍ਰਹਮੁ ਨਿਰੰਕਾਰੈ ॥੪॥੧੦॥ ਸਾਰਗ ਮਹਲਾ ੫ ॥ ਅਵਰਿ ਸਭਿ ਭੂਲੇ ਭ੍ਰਮਤ ਨ ਜਾਨਿਆ ॥ ਏਕੁ ਸੁਧਾਖਰੁ ਜਾ ਕੈ ਹਿਰਦੈ ਵਸਿਆ ਤਿਨਿ ਬੇਦਹਿ ਤਤੁ ਪਛਾਨਿਆ ॥੧॥ ਰਹਾਉ ॥ ਪਰਵਿਰਤਿ ਮਾਰਗੁ ਜੇਤਾ ਕਿਛੁ ਹੋਈਐ ਤੇਤਾ ਲੋਗ ਪਚਾਰਾ ॥ ਜਉ ਲਉ ਰਿਦੈ ਨਹੀ ਪਰਗਾਸਾ ਤਉ ਲਉ ਅੰਧ ਅੰਧਾਰਾ ॥੧॥ ਜੈਸੇ ਧਰਤੀ ਸਾਧੈ ਬਹੁ ਬਿਧਿ ਬਿਨੁ ਬੀਜੈ ਨਹੀ ਜਾਂਮੈ ॥ ਰਾਮ ਨਾਮ ਬਿਨੁ ਮੁਕਤਿ ਨ ਹੋਈ ਹੈ ਤੁਟੈ ਨਾਹੀ ਅਭਿਮਾਨੈ ॥੨॥ ਨੀਰੁ ਬਿਲੋਵੈ ਅਤਿ ਸ੍ਰਮੁ ਪਾਵੈ ਨੈਨੂ ਕੈਸੇ ਰੀਸੈ ॥ ਬਿਨੁ ਗੁਰ ਭੇਟੇ ਮੁਕਤਿ ਨ ਕਾਹੂ ਮਿਲਤ ਨਹੀ ਜਗਦੀਸੈ ॥੩॥

With my ears, I listen to His Sermon. With my feet, I walk on my Lord and Mater's Path. With my tongue, I sing the Glorious Praises of the Lord. ||2|| With my eyes, I see the Lord, the Embodiment of Absolute Bliss; the Saint has turned away from the world. I have found the Priceless Name of the Beloved Lord; it never leaves me or goes anywhere else. ||3|| What praise, what glory and what virtues should I utter, in order to please the Lord? That humble being, unto whom the Merciful Lord is kind — O servant Nanak, he is the slave of God's slaves. ||4||8|| SAARANG, FIFTH MEHL: Who can I tell, and with whom can I speak, about this state of peace and bliss? I am in ecstasy and delight, gazing upon the Blessed Vision of God's Darshan. My mind sings His Songs of Joy and His Glories. ||1|| Pause|| I am wonderstruck, gazing upon the Wondrous Lord. The Merciful Lord is All-pervading everywhere. I drink in the Invaluable Nectar of the Naam, the Name of the Lord. Like the mute, I can only smile — I cannot speak of its flavor. ||1|| As the breath is held in bondage, no one can understand its coming in and going out. So is that person, whose heart is enlightened by the Lord — his story cannot be told. ||2|| As many other efforts as you can think of — I have seen them and studied them all. My Beloved, Carefree Lord has revealed Himself within the home of my own heart; thus I have realized the Inaccessible Lord. ||3|| The Absolute, Formless, Eternally Unchanging, Immeasurable Lord cannot be masured. Says Nanak, whoever endures the unendurable — this state belongs to him alone. ||4||9|| SAARANG, FIFTH MEHL: The corrupt person passes his days and nights uselessly. He does not vibrate and meditate on the Lord of the Universe; he is intoxicated with egotistical intellect. He loses his life in the gamble. ||1|| Pause|| The Naam, the Name of the Lord, is priceless, but he is not in love with it. He loves only to slander others. Weaving the grass, he builds his house of straw. At the door, he builds a fire. ||1|| He carries a load of sulfur on his head, and drives the Ambrosial Nectar out of his mind. Wearing his good clothes, the mortal falls into the coal-pit; again and again, he tries to shake it off. ||2|| Standing on the branch, eating and eating and smiling, he cuts down the tree. He falls down head-first and is shattered into bits and pieces. ||3|| He bears vengeance against the Lord who is free of vengeance. The fool is not up to the task. Says Nanak, the Saving Grace of the Saints is the Formless, Supreme Lord God. ||4||10|| SAARANG, FIFTH MEHL: All the others are deluded by doubt; they do not understand. That person, within whose heart the One Pure Word abides, realizes the essence of the Vedas. ||1|| Pause|| He walks in the ways of the world, trying to please people. But as long as his heart is not enlightened, he is stuck in pitch black darkness. ||1|| The land may be prepared in every way, but nothing sprouts without being planted. Just so, without the Lord's Name, no one is liberated, nor is egotistical pride eradicated. ||2|| The mortal may churn water until he is sore, but how can butter be produced? Without meeting the Guru, no one is liberated, and the Lord of the Universe is not met. ||3||

ਖੋਜਤ ਖੋਜਤ ਇਹੈ ਬੀਚਾਰਿਓ ਸਰਬ ਸੁਖਾ ਹਰਿ ਨਾਮਾ ॥ ਕਹੁ ਨਾਨਕ ਤਿਸੁ ਭਇਓ ਪਰਾਪਤਿ ਜਾ ਕੈ ਲੇਖੁ ਮਥਾਮਾ ॥੪॥੧੧॥ ਸਾਰਗ ਮਹਲਾ ੫ ॥ ਅਨਦਿਨੁ ਰਾਮ ਕੇ ਗੁਣ ਕਹੀਐ ॥ ਸਗਲ ਪਦਾਰਥ ਸਰਬ ਸੂਖ ਸਿਧਿ ਮਨ ਬਾਂਛਤ ਫਲ ਲਹੀਐ ॥੧॥ ਰਹਾਉ ॥ ਆਵਹੁ ਸੰਤ ਪ੍ਰਾਨ ਸੁਖਦਾਤੇ ਸਿਮਰਹ ਪ੍ਰਭੁ ਅਬਿਨਾਸੀ ॥ ਅਨਾਥਹ ਨਾਥੁ ਦੀਨ ਦੁਖ ਭੰਜਨ ਪੂਰਿ ਰਹਿਓ ਘਟ ਵਾਸੀ ॥੧॥ ਗਾਵਤ ਸੁਨਤ ਸੁਨਾਵਤ ਸਰਧਾ ਹਰਿ ਰਸੁ ਪੀ ਵਡਭਾਗੇ ॥ ਕਲਿ ਕਲੇਸ ਮਿਟੇ ਸਭਿ ਤਨ ਤੇ ਰਾਮ ਨਾਮ ਲਿਵ ਜਾਗੇ ॥੨॥ ਕਾਮੁ ਕ੍ਰੋਧੁ ਝੂਠੁ ਤਜਿ ਨਿੰਦਾ ਹਰਿ ਸਿਮਰਨਿ ਬੰਧਨ ਤੂਟੇ ॥ ਮੋਹ ਮਗਨ ਅਹੰ ਅੰਧ ਮਮਤਾ ਗੁਰ ਕਿਰਪਾ ਤੇ ਛੂਟੇ ॥੩॥ ਤੂ ਸਮਰਥੁ ਪਾਰਬ੍ਰਹਮ ਸੁਆਮੀ ਕਰਿ ਕਿਰਪਾ ਜਨੁ ਤੇਰਾ ॥ ਪੂਰਿ ਰਹਿਓ ਸਰਬ ਮਹਿ ਠਾਕੁਰੁ ਨਾਨਕ ਸੋ ਪ੍ਰਭੁ ਨੇਰਾ ॥੪॥੧੨॥ ਸਾਰਗ ਮਹਲਾ ੫ ॥ ਬਲਿਹਾਰੀ ਗੁਰਦੇਵ ਚਰਨ ॥ ਜਾ ਕੈ ਸੰਗਿ ਪਾਰਬ੍ਰਹਮੁ ਧਿਆਈਐ ਉਪਦੇਸੁ ਹਮਾਰੀ ਗਤਿ ਕਰਨ ॥੧॥ ਰਹਾਉ ॥ ਦੂਖ ਰੋਗ ਭੈ ਸਗਲ ਬਿਨਾਸੇ ਜੋ ਆਵੈ ਹਰਿ ਸੰਤ ਸਰਨ ॥ ਆਪਿ ਜਪੈ ਅਵਰਹ ਨਾਮੁ ਜਪਾਵੈ ਵਡ ਸਮਰਥ ਤਾਰਨ ਤਰਨ ॥੧॥ ਜਾ ਕੋ ਮੰਤ੍ਰੁ ਉਤਾਰੈ ਸਹਸਾ ਊਨੇ ਕਉ ਸੁਭਰ ਭਰਨ ॥ ਹਰਿ ਦਾਸਨ ਕੀ ਆਗਿਆ ਮਾਨਤ ਤੇ ਨਾਹੀ ਫੁਨਿ ਗਰਭ ਪਰਨ ॥੨॥ ਭਗਤਨ ਕੀ ਟਹਲ ਕਮਾਵਤ ਗਾਵਤ ਦੁਖ ਕਾਟੇ ਤਾ ਕੇ ਜਨਮ ਮਰਨ ॥ ਜਾ ਕਉ ਭਇਓ ਕ੍ਰਿਪਾਲੁ ਬੀਠੁਲਾ ਤਿਨਿ ਹਰਿ ਹਰਿ ਅਜਰ ਜਰਨ ॥੩॥ ਹਰਿ ਰਸਹਿ ਅਘਾਨੇ ਸਹਜਿ ਸਮਾਨੇ ਮੁਖ ਤੇ ਨਾਹੀ ਜਾਤ ਬਰਨ ॥ ਗੁਰ ਪ੍ਰਸਾਦਿ ਨਾਨਕ ਸੰਤੋਖੇ ਨਾਮੁ ਪ੍ਰਭੂ ਜਪਿ ਜਪਿ ਉਧਰਨ ॥੪॥੧੩॥ ਸਾਰਗ ਮਹਲਾ ੫ ॥ ਗਾਇਓ ਰੀ ਮੈ ਗੁਣ ਨਿਧਿ ਮੰਗਲ ਗਾਇਓ ॥ ਭਲੇ ਸੰਜੋਗ ਭਲੇ ਦਿਨ ਅਉਸਰ ਜਉ ਗੋਪਾਲੁ ਰੀਝਾਇਓ ॥੧॥ ਰਹਾਉ ॥ ਸੰਤਹ ਚਰਨ ਮੋਰਲੋ ਮਾਥਾ ॥ ਹਮਰੇ ਮਸਤਕਿ ਸੰਤ ਧਰੇ ਹਾਥਾ ॥੧॥ ਸਾਧਹ ਮੰਤ੍ਰੁ ਮੋਰਲੋ ਮਨੂਆ ॥ ਤਾ ਤੇ ਗਤੁ ਹੋਏ ਤ੍ਰੈ ਗੁਨੀਆ ॥੨॥ ਭਗਤਹ ਦਰਸੁ ਦੇਖਿ ਨੈਨ ਰੰਗਾ ॥ ਲੋਭ ਮੋਹ ਤੂਟੇ ਭ੍ਰਮ ਸੰਗਾ ॥੩॥ ਕਹੁ ਨਾਨਕ ਸੁਖ ਸਹਜ ਅਨੰਦਾ ॥ ਖੋਲ੍ਹਿ ਭੀਤਿ ਮਿਲੇ ਪਰਮਾਨੰਦਾ ॥੪॥੧੪॥

ਸਾਰਗ ਮਹਲਾ ੫ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਕੈਸੇ ਕਹਉ ਮੋਹਿ ਜੀਅ ਬੇਦਨਾਈ ॥ ਦਰਸਨ ਪਿਆਸ ਪ੍ਰਿਅ ਪ੍ਰੀਤਿ ਮਨੋਹਰ ਮਨੁ ਨ ਰਹੈ ਬਹੁ ਬਿਧਿ ਉਮਕਾਈ ॥੧॥ ਰਹਾਉ ॥

Searching and searching, I have come to this realization: all peace and bliss are in the Name of the Lord. Says Nanak, he alone receives it, upon whose forehead such destiny is inscribed. ||4||11|| SAARANG, FIFTH MEHL: Night and day, utter the Glorious Praises of the Lord. You shall obtain all wealth, all pleasures and successes, and the fruits of your mind's desires. ||1|| Pause|| Come, O Saints, let us meditate in remembrance on God; He is the Eternal, Imperishable Giver of Peace and Praanaa, the Breath of Life. Master of the masterless, Destroyer of the pains of the meek and the poor; He is All-pervading and permeating, abiding in all hearts. ||1|| The very fortunate ones drink in the Sublime Essence of the Lord, singing, reciting and listening to the Lord's Praises. All their sufferings and struggles are wiped away from their bodies; they remain lovingly awake and aware in the Name of the Lord. ||2|| So abandon your sexual desire, greed, falsehood and slander; meditating in remembrance on the Lord, you shall be released from bondage. The intoxication of loving attachments, egotism and blind possessiveness are eradicated by Guru's Grace. ||3|| You are All-Powerful, O Supreme Lord God and Master; please be Merciful to Your humble servant. My Lord and Master is All-pervading and prevailing everywhere; O Nanak, God is Near. ||4||12|| SAARANG, FIFTH MEHL: I am a sacrifice to the Feet of the Divine Guru. I meditate with Him on the Supreme Lord God; His Teachings have emancipated me. ||1|| Pause|| All pains, diseases and fears are erased, for one who comes to the Sanctuary of the Lord's Saints. He Himself chants, and inspires others to chant the Naam, the Name of the Lord. He is Utterly All-Powerful; He carries us across to the other side. ||1|| His Mantra drives out cynicism, and totally fills the empty one. Those who obey the Order of the Lord's slaves, do not enter into the womb of reincarnation ever again. ||2|| Whoever works for the Lord's devotees and sings His Praises — his pains of birth and death are taken away. Those unto whom my Beloved becomes Merciful, endure the Unendurable Ecstasy of the Lord, Har, Har. ||3|| Those who are satisfied by the Sublime Essence of the Lord, merge intuitively into the Lord; no mouth can describe their state. By Guru's Grace, O Nanak, they are content; chanting and meditating on God's Name, they are saved. ||4||13|| SAARANG, FIFTH MEHL: I sing, O I sing the Songs of Joy of my Lord, the Treasure of Virtue. Fortunate is the time, fortunate is the day and the moment, when I become pleasing to the Lord of the World. ||1|| Pause|| I touch my forehead to the Feet of the Saints. The Saints have placed their hands on my forehead. ||1|| My mind is filled with the Mantra of the Holy Saints, and I have risen above the three qualities||2|| Gazing upon the Blessed Vision, the Darshan of God's devotees, my eyes are filled with love. Greed and attachment are gone, along with doubt. ||3|| Says Nanak, I have found intuitive peace, poise and bliss. Tearing down the wall, I have met the Lord, the Embodiment of Supreme Bliss. ||4||14||

SAARANG, FIFTH MEHL, SECOND HOUSE:

ONE UNIVERSAL CREATOR GOD. BY THE GRACE OF THE TRUE GURU:

How can I express the pain of my soul? I am so thirsty for the Blessed Vision, the Darshan of my Enticing and Lovely Beloved. My mind cannot survive — it yearns for Him in so many ways. ||1|| Pause||

ਚਿਤਵਨਿ ਚਿਤਵਉ ਪ੍ਰਿਅ ਪ੍ਰੀਤਿ ਬੈਰਾਗੀ ਕਦਿ ਪਾਵਉ ਹਰਿ ਦਰਸਾਈ ॥ ਜਤਨ ਕਰਉ ਇਹੁ ਮਨੁ ਨਹੀ ਧੀਰੈ ਕੋਊ ਹੈ ਰੇ ਸੰਤੁ ਮਿਲਾਈ ॥੧॥ ਜਪ ਤਪ ਸੰਜਮ ਪੁੰਨ ਸਭਿ ਹੋਮਉ ਤਿਸੁ ਅਰਪਉ ਸਭਿ ਸੁਖ ਜਾਂਈ ॥ ਏਕ ਨਿਮਖ ਪ੍ਰਿਅ ਦਰਸੁ ਦਿਖਾਵੈ ਤਿਸੁ ਸੰਤਨ ਕੈ ਬਲਿ ਜਾਂਈ ॥੨॥ ਕਰਉ ਨਿਹੋਰਾ ਬਹੁਤੁ ਬੇਨਤੀ ਸੇਵਉ ਦਿਨੁ ਰੈਨਾਈ ॥ ਮਾਨੁ ਅਭਿਮਾਨੁ ਹਉ ਸਗਲ ਤਿਆਗਉ ਜੋ ਪ੍ਰਿਅ ਬਾਤ ਸੁਨਾਈ ॥੩॥ ਦੇਖਿ ਚਰਿਤ੍ਰ ਭਈ ਹਉ ਬਿਸਮਨਿ ਗੁਰਿ ਸਤਿਗੁਰਿ ਪੁਰਖਿ ਮਿਲਾਈ ॥ ਪ੍ਰਭ ਰੰਗ ਦਇਆਲ ਮੋਹਿ ਗ੍ਰਿਹ ਮਹਿ ਪਾਇਆ ਜਨ ਨਾਨਕ ਤਪਤਿ ਬੁਝਾਈ ॥੪॥੧॥੧੫॥ ਸਾਰਗ ਮਹਲਾ ੫ ॥ ਰੇ ਮੂੜੇ ਤੂ ਕਿਉ ਸਿਮਰਤ ਅਬ ਨਾਹੀ ॥ ਨਰਕ ਘੋਰ ਮਹਿ ਉਰਧ ਤਪੁ ਕਰਤਾ ਨਿਮਖ ਨਿਮਖ ਗੁਣ ਗਾਂਹੀ ॥੧॥ ਰਹਾਉ ॥ ਅਨਿਕ ਜਨਮ ਭ੍ਰਮਤੌ ਹੀ ਆਇਓ ਮਾਨਸ ਜਨਮੁ ਦੁਲਭਾਹੀ ॥ ਗਰਭ ਜੋਨਿ ਛੋਡਿ ਜਉ ਨਿਕਸਿਓ ਤਉ ਲਾਗੋ ਅਨ ਠਾਂਹੀ ॥੧॥ ਕਰਹਿ ਬੁਰਾਈ ਠਗਾਈ ਦਿਨੁ ਰੈਨਿ ਨਿਹਫਲ ਕਰਮ ਕਮਾਹੀ ॥ ਕਣੁ ਨਾਹੀ ਤੁਹ ਗਾਹਣ ਲਾਗੇ ਧਾਇ ਧਾਇ ਦੁਖ ਪਾਂਹੀ ॥੨॥ ਮਿਥਿਆ ਸੰਗਿ ਕੂੜਿ ਲਪਟਾਇਓ ਉਰਝਿ ਪਰਿਓ ਕੁਸਮਾਂਹੀ ॥ ਧਰਮ ਰਾਇ ਜਬ ਪਕਰਸਿ ਬਵਰੇ ਤਉ ਕਾਲ ਮੁਖਾ ਉਠਿ ਜਾਹੀ ॥੩॥ ਸੋ ਮਿਲਿਆ ਜੋ ਪ੍ਰਭੂ ਮਿਲਾਇਆ ਜਿਸੁ ਮਸਤਕਿ ਲੇਖੁ ਲਿਖਾਂਹੀ ॥ ਕਹੁ ਨਾਨਕ ਤਿਨ੍ ਜਨ ਬਲਿਹਾਰੀ ਜੋ ਅਲਿਪ ਰਹੇ ਮਨ ਮਾਂਹੀ ॥੪॥੨॥੧੬॥ ਸਾਰਗ ਮਹਲਾ ੫ ॥ ਕਿਉ ਜੀਵਨੁ ਪ੍ਰੀਤਮ ਬਿਨੁ ਮਾਈ ॥ ਜਾ ਕੇ ਬਿਛੁਰਤ ਹੋਤ ਮਿਰਤਕਾ ਗ੍ਰਿਹ ਮਹਿ ਰਹਨੁ ਨ ਪਾਈ ॥੧॥ ਰਹਾਉ ॥ ਜੀਅ ਹੀਅ ਪ੍ਰਾਨ ਕੋ ਦਾਤਾ ਜਾ ਕੈ ਸੰਗਿ ਸੁਹਾਈ ॥ ਕਰਹੁ ਕ੍ਰਿਪਾ ਸੰਤਹੁ ਮੋਹਿ ਅਪੁਨੀ ਪ੍ਰਭ ਮੰਗਲ ਗੁਣ ਗਾਈ ॥੧॥ ਚਰਨ ਸੰਤਨ ਕੇ ਮਾਥੇ ਮੇਰੇ ਊਪਰਿ ਨੈਨਹੁ ਧੂਰਿ ਬਾਂਛਾਈ॥ ਜਿਹ ਪ੍ਰਸਾਦਿ ਮਿਲੀਐ ਪ੍ਰਭ ਨਾਨਕ ਬਲਿ ਬਲਿ ਤਾ ਕੈ ਹਉ ਜਾਈ ॥੨॥੩॥੧੭॥ ਸਾਰਗ ਮਹਲਾ ੫ ॥ ਉਆ ਅਉਸਰ ਕੈ ਹਉ ਬਲਿ ਜਾਈ ॥ ਆਠ ਪਹਰ ਅਪਨਾ ਪ੍ਰਭੁ ਸਿਮਰਨੁ ਵਡਭਾਗੀ ਹਰਿ ਪਾਂਈ ॥੧॥ ਰਹਾਉ ॥ ਭਲੋ ਕਬੀਰੁ ਦਾਸੁ ਦਾਸਨ ਕੋ ਊਤਮੁ ਸੈਨੁ ਜਨੁ ਨਾਈ ॥ ਊਚ ਤੇ ਊਚ ਨਾਮਦੇਉ ਸਮਦਰਸੀ ਰਵਿਦਾਸ ਠਾਕੁਰ ਬਣਿ ਆਈ ॥੧॥ ਜੀਉ ਪਿੰਡੁ ਤਨੁ ਧਨੁ ਸਾਧਨ ਕਾ ਇਹੁ ਮਨੁ ਸੰਤ ਰੇਨਾਈ ॥ ਸੰਤ ਪ੍ਰਤਾਪਿ ਭਰਮ ਸਭਿ ਨਾਸੇ ਨਾਨਕ ਮਿਲੇ ਗੁਸਾਈ ॥੨॥੪॥੧੮॥

I think thoughts of Him; I miss the Love of my Beloved. When will I obtain the Blessed Vision of the Lord's Darshan? I try, but this mind is not encouraged. Is there any Saint who can lead me to God? ||1|| Chanting, penance, self-control, good deeds and charity — I sacrifice all these in fire; I dedicate all peace and places to Him. One who helps me to behold the Blessed Vision of my Beloved, for even an instant — I am a sacrifice to that Saint. ||2|| I offer all my prayers and entreaties to him; I serve him, day and night. I have renounced all pride and egotism; he tells me the stories of my Beloved. ||3|| I am wonder-struck, gazing upon the wondrous play of God. The Guru, the True Guru, has led me to meet the Primal Lord. I have found God, my Merciful Loving Lord, within the home of my own heart. O Nanak, the fire within me has been quenched. ||4||1||15|| You fool, why are you not meditating on the Lord now? In the awful hell of the fire of the womb, you did penance, upside-down; each and every instant, you sang His Glorious Praises. ||1|| Pause|| You wandered through countless incarnations, until finally you attained this priceless human birth. Leaving the womb, you were born, and when you came out, you became attached to other places. ||1|| You practiced evil and fraud day and night, and did useless deeds. You thrash the straw, but it has no wheat; running around and hurrying, you obtain only pain. ||2|| The false person is attached to falsehood; he is entangled with transitory things. And when the Righteous Judge of Dharma seizes you, O madman, you shall arise and depart with your face blackened. ||3|| He alone meets with God, whom God Himself meets, by such pre-ordained destiny written on his forehead. Says Nanak, I am a sacrifice to that humble being, who remains unattached within his mind. ||4||2||16|| SAARANG, FIFTH MEHL: How can I live without my Beloved, O my mother? Separated from Him, the mortal becomes a corpse, and is not allowed to remain within the house. ||1|| Pause|| He is the Giver of the soul, the heart, the breath of life. Being with Him, we are embellished with joy. Please bless me with Your Gace, O Saint, that I may sing the songs of joyful praise to my God. ||1|| I touch my forehead to the feet of the Saints. My eyes long for their dust. By His Grace, we meet God; O Nanak, I am a sacrifice, a sacrifice to Him. ||2||3||17|| SAARANG, FIFTH MEHL: I am a sacrifice to that occasion. Twenty-four hours a day, I meditate in remembrance on my God; by great good fortune, I have found the Lord. ||1|| Pause|| Kabeer is good, the slave of the Lord's slaves; the humble barber Sain is sublime. Highest of the high is Naam Dayv, who looked upon all alike; Ravi Daas was in tune with the Lord. ||1|| My soul, body and wealth belong to the Saints; my mind longs for the dust of the Saints. And by the radiant Grace of the Saints, all my doubts have been erased. O Nanak, I have met the Lord. ||2||4||18||

ਸਾਰਗ ਮਹਲਾ ੫ ॥ ਮਨੋਰਥ ਪੂਰੇ ਸਤਿਗੁਰ ਆਪਿ ॥ ਸਗਲ ਪਦਾਰਥ ਸਿਮਰਨਿ ਜਾ ਕੈ ਆਠ ਪਹਰ ਮੇਰੇ ਮਨ ਜਾਪਿ ॥੧॥ ਰਹਾਉ ॥ ਅੰਮ੍ਰਿਤ ਨਾਮੁ ਸੁਆਮੀ ਤੇਰਾ ਜੋ ਪੀਵੈ ਤਿਸ ਹੀ ਤ੍ਰਿਪਤਾਸ ॥ ਜਨਮ ਜਨਮ ਕੇ ਕਿਲਬਿਖ ਨਾਸਹਿ ਆਗੈ ਦਰਗਹ ਹੋਇ ਖਲਾਸ ॥੧॥ ਸਰਨਿ ਤੁਮਾਰੀ ਆਇਓ ਕਰਤੇ ਪਾਰਬ੍ਰਹਮ ਪੂਰਨ ਅਬਿਨਾਸ ॥ ਕਰਿ ਕਿਰਪਾ ਤੇਰੇ ਚਰਨ ਧਿਆਵਉ ਨਾਨਕ ਮਨਿ ਤਨਿ ਦਰਸ ਪਿਆਸ ॥੨॥੫॥੧੯॥

SAARANG, FIFTH MEHL: The True Guru fulfills the mind's desires. All wealth and treasures are obtained by remembering Him in meditation; twenty-four hours a day, O my mind, meditate on Him. ||1|| Pause|| Your Name is Ambrosial Nectar, O my Lord and Master. Whoever drinks it in is satisfied. The sinful residues of countless incarnations are erased, and hereafter, he shall be saved and redeemed in the Court of the Lord. ||1|| I have come to Your Sanctuary, O Creator, O Perfect Supreme Eternal Lord God. Please be kind to me, that I may meditate on Your Lotus Feet. O Nanak, my mind and body thirst for the Blessed Vision of Your Darshan. ||2||5||19||

ਸਾਰਗ ਮਹਲਾ ੫ ਘਰੁ ੩

ੴ ਸਤਿਗੁਰ ਪ੍ਰਸਾਦਿ ॥

SAARANG, FIFTH MEHL, THIRD HOUSE:

ONE UNIVERSAL CREATOR GOD. BY THE GRACE OF THE TRUE GURU:

ਮਨ ਕਹਾ ਲੁਭਾਈਐ ਆਨ ਕਉ ॥ ਈਤ ਊਤ ਪ੍ਰਭੁ ਸਦਾ ਸਹਾਈ ਜੀਅ ਸੰਗਿ ਤੇਰੇ ਕਾਮ ਕਉ ॥੧॥ ਰਹਾਉ ॥ ਅੰਮ੍ਰਿਤ ਨਾਮੁ ਪ੍ਰਿਅ ਪ੍ਰੀਤਿ ਮਨੋਹਰ ਇਹੈ ਅਘਾਵਨ ਪਾਂਨ ਕਉ ॥ ਅਕਾਲ ਮੂਰਤਿ ਹੈ ਸਾਧ ਸੰਤਨ ਕੀ ਠਾਹਰ ਨੀਕੀ ਧਿਆਨ ਕਉ ॥੧॥ ਬਾਣੀ ਮੰਤ੍ਰੁ ਮਹਾ ਪੁਰਖਨ ਕੀ ਮਨਹਿ ਉਤਾਰਨ ਮਾਂਨ ਕਉ ॥ ਖੋਜਿ ਲਹਿਓ ਨਾਨਕ ਸੁਖ ਥਾਨਾਂ ਹਰਿ ਨਾਮਾ ਬਿਸ੍ਰਾਮ ਕਉ ॥੨॥੧॥੨੦॥ ਸਾਰਗ ਮਹਲਾ ੫ ॥ ਮਨ ਸਦਾ ਮੰਗਲ ਗੋਬਿੰਦ ਗਾਇ ॥ ਰੋਗ ਸੋਗ ਤੇਰੇ ਮਿਟਹਿ ਸਗਲ ਅਘ ਨਿਮਖ ਹੀਐ ਹਰਿ ਨਾਮੁ ਧਿਆਇ ॥੧॥ ਰਹਾਉ ॥ ਛੋਡਿ ਸਿਆਨਪ ਬਹੁ ਚਤੁਰਾਈ ਸਾਧੂ ਸਰਣੀ ਜਾਇ ਪਾਇ ॥ ਜਉ ਹੋਇ ਕ੍ਰਿਪਾਲੁ ਦੀਨ ਦੁਖ ਭੰਜਨ ਜਮ ਤੇ ਹੋਵੈ ਧਰਮ ਰਾਇ ॥੧॥ ਏਕਸ ਬਿਨੁ ਨਾਹੀ ਕੋ ਦੂਜਾ ਆਨ ਨ ਬੀਓ ਲਵੈ ਲਾਇ ॥ ਮਾਤ ਪਿਤਾ ਭਾਈ ਨਾਨਕ ਕੋ ਸੁਖਦਾਤਾ ਹਰਿ ਪ੍ਰਾਨ ਸਾਇ ॥੨॥੨॥੨੧॥ ਸਾਰਗ ਮਹਲਾ ੫ ॥ ਹਰਿ ਜਨ ਸਗਲ ਉਧਾਰੇ ਸੰਗ ਕੇ ॥ ਭਏ ਪੁਨੀਤ ਪਵਿਤ੍ਰ ਮਨ ਜਨਮ ਜਨਮ ਕੇ ਦੁਖ ਹਰੇ ॥੧॥ ਰਹਾਉ ॥ ਮਾਰਗਿ ਚਲੇ ਤਿਨੀ ਸੁਖੁ ਪਾਇਆ ਜਿਨ੍ ਸਿਉ ਗੋਸਟਿ ਸੇ ਤਰੇ ॥ ਬੂਡਤ ਘੋਰ ਅੰਧ ਕੂਪ ਮਹਿ ਤੇ ਸਾਧੂ ਸੰਗਿ ਪਾਰਿ ਪਰੇ ॥੧॥ ਜਿਨ੍ ਕੇ ਭਾਗ ਬਡੇ ਹੈ ਭਾਈ ਤਿਨ੍ ਸਾਧੂ ਸੰਗਿ ਮੁਖ ਜੁਰੇ ॥ ਤਿਨ੍ ਕੀ ਧੂਰਿ ਬਾਂਛੈ ਨਿਤ ਨਾਨਕੁ ਪ੍ਰਭੁ ਮੇਰਾ ਕਿਰਪਾ ਕਰੇ ॥੨॥੩॥੨੨॥ ਸਾਰਗ ਮਹਲਾ ੫ ॥ ਹਰਿ ਜਨ ਰਾਮ ਰਾਮ ਰਾਮ ਧਿਆਂਏ ॥ ਏਕ ਪਲਕ ਸੁਖ ਸਾਧ ਸਮਾਗਮ ਕੋਟਿ ਬੈਕੁੰਠਹ ਪਾਂਏ ॥੧॥ ਰਹਾਉ ॥ ਦੁਲਭ ਦੇਹ ਜਪਿ ਹੋਤ ਪੁਨੀਤਾ ਜਮ ਕੀ ਤ੍ਰਾਸ ਨਿਵਾਰੈ ॥ ਮਹਾ ਪਤਿਤ ਕੇ ਪਾਤਿਕ ਉਤਰਹਿ ਹਰਿ ਨਾਮਾ ਉਰਿ ਧਾਰੈ ॥੧॥ ਜੋ ਜੋ ਸੁਨੈ ਰਾਮ ਜਸੁ ਨਿਰਮਲ ਤਾ ਕਾ ਜਨਮ ਮਰਣ ਦੁਖੁ ਨਾਸਾ ॥ ਕਹੁ ਨਾਨਕ ਪਾਈਐ ਵਡਭਾਗੀ ਮਨ ਤਨ ਹੋਇ ਬਿਗਾਸਾ ॥੨॥੪॥੨੩॥

O my mind, why are you lured away by otherness? Here and hereafter, God is forever your Help and Support. He is your soul-mate; He will help you succeed. ||1|| Pause|| The Name of your Beloved Lover, the Fascinating Lord, is Ambrosial Nectar. Drinking it in, you shall find satisfaction. The Being of Immortal Manifestation is found in the Saadh Sangat, the Company of the Holy. Meditate on Him in that most sublime place. ||1|| The Bani, the Word of the Supreme Lord God, is the greatest Mantra of all. It eradicates pride from the mind. Searching, Nanak found the home of peace and bliss in the Name of the Lord. ||2||1||20|| SAARANG, FIFTH MEHL: O my mind, sing forever the Songs of Joy of the Lord of the Universe. All your disease, sorrow and sin will be erased, if you meditate on the Lord's Name, even for an instant. ||1|| Pause|| Abandon all your clever tricks; go and enter the Sanctuary of the Holy. When the Lord, the Destroyer of the pains of the poor becomes merciful, the Messenger of Death is changed into the Righteous Judge of Dharma. ||1|| Without the One Lord, there is no other at all. No one else can equal Him. The Lord is Nanak's Mother, Father and Sibling, the Giver of Peace, his Breath of Life. ||2||2||21|| SAARANG, FIFTH MEHL: The Lord's humble servant saves those who accompany him. Their minds are sanctified and rendered pure, and they are rid of the pains of countless incarnations. ||1|| Pause|| Those who walk on the path find peace; they are saved, along with those who speak with them. Even those who are drowning in the horrible, deep dark pit are carried across in the Saadh Sangat, the Company of the Holy. ||1|| Those who have such high destiny turn their faces toward the Saadh Sangat. Nanak longs for the dust of their feet; O God, please shower Your Mercy on me! ||2||3||22|| SAARANG, FIFTH MEHL: The humble servant of the Lord meditates on the Lord, Raam, Raam, Raam. One who enjoys peace in the Company of the Holy, even for an instant, obtains millions of heavenly paradises. ||1|| Pause|| This human body, so difficult to obtain, is sanctified by meditating on the Lord. It takes away the fear of death. Even the sins of terrible sinners are washed away, by cherishing the Lord's Name within the heart. ||1|| Whoever listens to the Immaculate Praises of the Lord — his pains of birth and death are dispelled. Says Nanak, the Lord is found by great good fortune, and then the mind and body blossom forth. ||2||4||23||

ਸਾਰਗ ਮਹਲਾ ੫ ਦੁਪਦੇ ਘਰੁ ੪
ੴ ਸਤਿਗੁਰ ਪ੍ਰਸਾਦਿ ॥

ਮੋਹਨ ਘਰਿ ਆਵਹੁ ਕਰਉ ਜੋਦਰੀਆ ॥ ਮਾਨੁ ਕਰਉ ਅਭਿਮਾਨੈ ਬੋਲਉ ਭੂਲ ਚੂਕ ਤੇਰੀ ਪ੍ਰਿਅ ਚਿਰੀਆ ॥੧॥ ਰਹਾਉ ॥ ਨਿਕਟਿ ਸੁਨਉ ਅਰੁ ਪੇਖਉ ਨਾਹੀ ਭਰਮਿ ਭਰਮਿ ਦੁਖ ਭਰੀਆ ॥ ਹੋਇ ਕ੍ਰਿਪਾਲ ਗੁਰ ਲਾਹਿ ਪਾਰਦੋ ਮਿਲਉ ਲਾਲ ਮਨੁ ਹਰੀਆ ॥੧॥ ਏਕ ਨਿਮਖ ਜੇ ਬਿਸਰੈ ਸੁਆਮੀ ਜਾਨਉ ਕੋਟਿ ਦਿਨਸ ਲਖ ਬਰੀਆ ॥ ਸਾਧਸੰਗਤਿ ਕੀ ਭੀਰ ਜਉ ਪਾਈ ਤਉ ਨਾਨਕ ਹਰਿ ਸੰਗਿ ਮਿਰੀਆ ॥੨॥੧॥੨੪॥ ਸਾਰਗ ਮਹਲਾ ੫ ॥ ਅਬ ਕਿਆ ਸੋਚਉ ਸੋਚ ਬਿਸਾਰੀ ॥ ਕਰਣਾ ਸਾ ਸੋਈ ਕਰਿ ਰਹਿਆ ਦੇਹਿ ਨਾਉ ਬਲਿਹਾਰੀ ॥੧॥ ਰਹਾਉ ॥ ਚਹੁ ਦਿਸ ਫੂਲਿ ਰਹੀ ਬਿਖਿਆ ਬਿਖੁ ਗੁਰ ਮੰਤ੍ਰੁ ਮੂਖਿ ਗਰੁੜਾਰੀ ॥ ਹਾਥ ਦੇਇ ਰਾਖਿਓ ਕਰਿ ਅਪੁਨਾ ਜਿਉ ਜਲ ਕਮਲਾ ਅਲਿਪਾਰੀ ॥੧॥ ਹਉ ਨਾਹੀ ਕਿਛੁ ਮੈ ਕਿਆ ਹੋਸਾ ਸਭ ਤੁਮ ਹੀ ਕਲ ਧਾਰੀ ॥ ਨਾਨਕ ਭਾਗਿ ਪਰਿਓ ਹਰਿ ਪਾਛੈ ਰਾਖੁ ਸੰਤ ਸਦਕਾਰੀ ॥੨॥੨॥੨੫॥ ਸਾਰਗ ਮਹਲਾ ੫ ॥ ਅਬ ਮੋਹਿ ਸਰਬ ਉਪਾਵ ਬਿਰਕਾਤੇ ॥ ਕਰਣ ਕਾਰਣ ਸਮਰਥ ਸੁਆਮੀ ਹਰਿ ਏਕਸੁ ਤੇ ਮੇਰੀ ਗਾਤੇ ॥੧॥ ਰਹਾਉ ॥ ਦੇਖੇ ਨਾਨਾ ਰੂਪ ਬਹੁ ਰੰਗਾ ਅਨ ਨਾਹੀ ਤੁਮ ਭਾਂਤੇ ॥ ਦੇਂਹਿ ਅਧਾਰੁ ਸਰਬ ਕਉ ਠਾਕੁਰ ਜੀਅ ਪ੍ਰਾਨ ਸੁਖਦਾਤੇ ॥੧॥ ਭ੍ਰਮਤੌ ਭ੍ਰਮਤੌ ਹਾਰਿ ਜਉ ਪਰਿਓ ਤਉ ਗੁਰ ਮਿਲਿ ਚਰਨ ਪਰਾਤੇ ॥ ਕਹੁ ਨਾਨਕ ਮੈ ਸਰਬ ਸੁਖੁ ਪਾਇਆ ਇਹ ਸੂਖਿ ਬਿਹਾਨੀ ਰਾਤੇ ॥੨॥੩॥੨੬॥ ਸਾਰਗ ਮਹਲਾ ੫ ॥ ਅਬ ਮੋਹਿ ਲਬਧਿਓ ਹੈ ਹਰਿ ਟੇਕਾ ॥ ਗੁਰ ਦਇਆਲ ਭਏ ਸੁਖਦਾਈ ਅੰਧੁਲੈ ਮਾਣਿਕੁ ਦੇਖਾ ॥੧॥ ਰਹਾਉ ॥ ਕਾਟੇ ਅਗਿਆਨ ਤਿਮਰ ਨਿਰਮਲੀਆ ਬੁਧਿ ਬਿਗਾਸ ਬਿਬੇਕਾ ॥ ਜਿਉ ਜਲ ਤਰੰਗ ਫੇਨੁ ਜਲ ਹੋਈ ਹੈ ਸੇਵਕ ਠਾਕੁਰ ਭਏ ਏਕਾ ॥੧॥ ਜਹ ਤੇ ਉਠਿਓ ਤਹ ਹੀ ਆਇਓ ਸਭ ਹੀ ਏਕੈ ਏਕਾ ॥ ਨਾਨਕ ਦ੍ਰਿਸਟਿ ਆਇਓ ਸ੍ਰਬ ਠਾਈ ਪ੍ਰਾਣਪਤੀ ਹਰਿ ਸਮਕਾ ॥੨॥੪॥੨੭॥ ਸਾਰਗ ਮਹਲਾ ੫ ॥ ਮੇਰਾ ਮਨੁ ਏਕੈ ਹੀ ਪ੍ਰਿਅ ਮਾਂਗੈ ॥ ਪੇਖਿ ਆਇਓ ਸਰਬ ਥਾਨ ਦੇਸ ਪ੍ਰਿਅ ਰੋਮ ਨ ਸਮਸਰਿ ਲਾਗੈ ॥੧॥ ਰਹਾਉ ॥ ਮੈ ਨੀਰੇ ਅਨਿਕ ਭੋਜਨ ਬਹੁ ਬਿੰਜਨ ਤਿਨ ਸਿਉ ਦ੍ਰਿਸਟਿ ਨ ਕਰੈ ਰੁਚਾਂਗੈ ॥ ਹਰਿ ਰਸੁ ਚਾਹੈ ਪ੍ਰਿਅ ਪ੍ਰਿਅ ਮੁਖਿ ਟੇਰੈ ਜਿਉ ਅਲਿ ਕਮਲਾ ਲੋਭਾਂਗੈ ॥੧॥

SAARANG, FIFTH MEHL, DU-PADAS, FOURTH HOUSE:

## ONE UNIVERSAL CREATOR GOD. BY THE GRACE OF THE TRUE GURU:

O my Fascinating Lord, I pray to You: come into my house. I act in pride, and speak in pride. I am mistaken and wrong, but I am still Your hand-maiden, O my Beloved. ||1|| Pause|| I hear that You are near, but I cannot see You. I wander in suffering, deluded by doubt. The Guru has become merciful to me; He has removed the veils. Meeting with my Beloved, my mind blossoms forth in abundance. ||1|| If I were to forget my Lord and Master, even for an instant, it would be like millions of days, tens of thousands of years. When I joined the Saadh Sangat, the Company of the Holy, O Nanak, I met my Lord. ||2||1||24|| SAARANG, FIFTH MEHL: Now what should I think? I have given up thinking. You do whatever You wish to do. Please bless me with Your Name — I am a sacrifice to You. ||1|| Pause|| The poison of corruption is flowering forth in the four directions; I have taken the GurMantra as my antidote. Giving me His Hand, He has saved me as His Own; like the lotus in the water, I remain unattached. ||1|| I am nothing. What am I? You hold all in Your Power. Nanak has run to Your Sanctuary, Lord; please save him, for the sake of Your Saints. ||2||2||25|| SAARANG, FIFTH MEHL: Now I have abandoned all efforts and devices. My Lord and Master is the All-powerful Creator, the Cause of causes, my only Saving Grace. ||1|| Pause|| I have seen numerous forms of incomparable beauty, but nothing is like You. You give Your Support to all, O my Lord and Master; You are the Giver of peace, of the soul and the breath of life. ||1|| Wandering, wandering, I grew so tired; meeting the Guru, I fell at His Feet. Says Nanak, I have found total peace; this life-night of mine passes in peace. ||2||3||26|| SAARANG, FIFTH MEHL: Now I have found the Support of my Lord. The Guru, the Giver of peace, has become merciful to me. I was blind — I see the jewel of the Lord. ||1|| Pause|| I have cut away the darkness of ignorance and become immaculate; my discriminationg intellect has blossomed forth. As the waves of water and the foam become water again, the Lord and His servant become One. ||1|| He is taken in again, into what from which he came; all is one in the One Lord. O Nanak, I have come to see the Master of the breath of life, all-pervading everywhere. ||2||4||27|| SAARANG, FIFTH MEHL: My mind longs for the One Beloved Lord. I have looked everywhere in every country, but nothing equals even a hair of my Beloved. ||1|| Pause|| All sorts of delicacies and dainties are placed before me, but I do not even want to look at them. I long for the sublime essence of the Lord, calling, "Pri-o! Pri-o! — Beloved! Beloved!", like the Bumble bee longing for the lotus flower. ||1||

ਗੁਣ ਨਿਧਾਨ ਮਨਮੋਹਨ ਲਾਲਨ ਸੁਖਦਾਈ ਸਰਬਾਂਗੈ ॥ ਗੁਰਿ ਨਾਨਕ ਪ੍ਰਭ ਪਾਹਿ ਪਠਾਇਓ ਮਿਲਹੁ ਸਖਾ ਗਲਿ ਲਾਗੈ ॥੨॥੫॥੨੮॥ ਸਾਰਗ ਮਹਲਾ ੫ ॥ ਅਬ ਮੋਰੋ ਠਾਕੁਰ ਸਿਉ ਮਨੁ ਮਾਨਾਂ ॥ ਸਾਧ ਕ੍ਰਿਪਾਲ ਦਇਆਲ ਭਏ ਹੈ ਇਹੁ ਛੇਦਿਓ ਦੁਸਟੁ ਬਿਗਾਨਾ ॥੧॥ ਰਹਾਉ ॥ ਤੁਮ ਹੀ ਸੁੰਦਰ ਤੁਮਹਿ ਸਿਆਨੇ ਤੁਮ ਹੀ ਸੁਘਰ ਸੁਜਾਨਾ ॥ ਸਗਲ ਜੋਗ ਅਰੁ ਗਿਆਨ ਧਿਆਨ ਇਕ ਨਿਮਖ ਨ ਕੀਮਤਿ ਜਾਨਾਂ ॥੧॥ ਤੁਮ ਹੀ ਨਾਇਕ ਤੁਮ੍ਹ੍ਹਿ ਛਤ੍ਰਪਤਿ ਤੁਮ ਪੂਰਿ ਰਹੇ ਭਗਵਾਨਾ ॥ ਪਾਵਉ ਦਾਨੁ ਸੰਤ ਸੇਵਾ ਹਰਿ ਨਾਨਕ ਸਦ ਕੁਰਬਾਨਾਂ ॥੨॥੬॥੨੯॥ ਸਾਰਗ ਮਹਲਾ ੫ ॥ ਮੇਰੈ ਮਨਿ ਚੀਤਿ ਆਏ ਪ੍ਰਿਅ ਰੰਗਾ ॥ ਬਿਸਰਿਓ ਧੰਧੁ ਬੰਧੁ ਮਾਇਆ ਕੋ ਰਜਨਿ ਸਬਾਈ ਜੰਗਾ ॥੧॥ ਰਹਾਉ ॥ ਹਰਿ ਸੇਵਉ ਹਰਿ ਰਿਦੈ ਬਸਾਵਉ ਹਰਿ ਪਾਇਆ ਸਤਸੰਗਾ ॥ ਐਸੋ ਮਿਲਿਓ ਮਨੋਹਰੁ ਪ੍ਰੀਤਮੁ ਸੁਖ ਪਾਏ ਮੁਖ ਮੰਗਾ ॥੧॥ ਪ੍ਰਿਉ ਅਪਨਾ ਗੁਰਿ ਬਸਿ ਕਰਿ ਦੀਨਾ ਭੋਗਉ ਭੋਗ ਨਿਸੰਗਾ ॥ ਨਿਰਭਉ ਭਏ ਨਾਨਕ ਭਉ ਮਿਟਿਆ ਹਰਿ ਪਾਇਓ ਪਾਠੰਗਾ ॥੨॥੭॥੩੦॥ ਸਾਰਗ ਮਹਲਾ ੫ ॥ ਹਰਿ ਜੀਉ ਕੇ ਦਰਸਨ ਕਉ ਕੁਰਬਾਨੀ ॥ ਬਚਨ ਨਾਦ ਮੇਰੇ ਸ੍ਰਵਨਹੁ ਪੂਰੇ ਦੇਹਾ ਪ੍ਰਿਅ ਅੰਕਿ ਸਮਾਨੀ ॥੧॥ ਰਹਾਉ ॥ ਛੂਟਰਿ ਤੇ ਗੁਰਿ ਕੀਈ ਸੋੁਹਾਗਨਿ ਹਰਿ ਪਾਇਓ ਸੁਘੜ ਸੁਜਾਨੀ ॥ ਜਿਹ ਘਰ ਮਹਿ ਬੈਸਨੁ ਨਹੀ ਪਾਵਤ ਸੋ ਥਾਨੁ ਮਿਲਿਓ ਬਾਸਾਨੀ ॥੧॥ ਉਨ੍ਹ੍ ਕੈ ਬਸਿ ਆਇਓ ਭਗਤਿ ਬਛਲੁ ਜਿਨਿ ਰਾਖੀ ਆਨ ਸੰਤਾਨੀ ॥ ਕਹੁ ਨਾਨਕ ਹਰਿ ਸੰਗਿ ਮਨੁ ਮਾਨਿਆ ਸਭ ਚੂਕੀ ਕਾਣਿ ਲੋੁਕਾਨੀ ॥੨॥੮॥੩੧॥ ਸਾਰਗ ਮਹਲਾ ੫ ॥ ਅਬ ਮੇਰੋ ਪੰਚਾ ਤੇ ਸੰਗੁ ਤੂਟਾ ॥ ਦਰਸਨੁ ਦੇਖਿ ਭਏ ਮਨਿ ਆਨਦ ਗੁਰ ਕਿਰਪਾ ਤੇ ਛੂਟਾ ॥੧॥ ਰਹਾਉ ॥ ਬਿਖਮ ਥਾਨ ਬਹੁਤ ਬਹੁ ਧਰੀਆ ਅਨਿਕ ਰਾਖ ਸੂਰੂਟਾ ॥ ਬਿਖਮ ਗਾਰੁ ਕਰੁ ਪਹੁਚੈ ਨਾਹੀ ਸੰਤ ਸਾਨਥ ਭਏ ਲੂਟਾ ॥੧॥ ਬਹੁਤੁ ਖਜਾਨੇ ਮੇਰੈ ਪਾਲੈ ਪਰਿਆ ਅਮੋਲ ਲਾਲ ਆਖੂਟਾ ॥ ਜਨ ਨਾਨਕ ਪ੍ਰਭਿ ਕਿਰਪਾ ਧਾਰੀ ਤਉ ਮਨ ਮਹਿ ਹਰਿ ਰਸੁ ਘੂਟਾ ॥੨॥੯॥੩੨॥ ਸਾਰਗ ਮਹਲਾ ੫ ॥ ਅਬ ਮੇਰੋ ਠਾਕੁਰ ਸਿਉ ਮਨੁ ਲੀਨਾ ॥ ਪ੍ਰਾਨ ਦਾਨੁ ਗੁਰਿ ਪੂਰੈ ਦੀਆ ਉਰਝਾਇਓ ਜਿਉ ਜਲ ਮੀਨਾ ॥੧॥ ਰਹਾਉ ॥ ਕਾਮ ਕ੍ਰੋਧ ਲੋਭ ਮਦ ਮਤਸਰ ਇਹ ਅਰਪਿ ਸਗਲ ਦਾਨੁ ਕੀਨਾ ॥ ਮੰਤ੍ਰੁ ਦ੍ਰਿੜਾਇ ਹਰਿ ਅਉਖਧੁ ਗੁਰਿ ਦੀਓ ਤਉ ਮਿਲਿਓ ਸਗਲ ਪ੍ਰਬੀਨਾ ॥੧॥

The Treasure of Virtue, the Enticer of the mind, my Beloved is the Giver of peace to all. Guru Nanak has led me to You, O God. Join with me, O my Best Friend, and hold me close in Your Embrace. ||2||5||28|| SAARANG, FIFTH MEHL: Now my mind is pleased and appeased by my Lord and Master. The Holy Saint has become kind and compassionate to me, and has destroyed this demon of duality. ||1|| Pause|| You are so beautiful, and You are so wise; You are elegant and all-knowing. All the Yogis, spiritual teachers and meditators do not know even a bit of Your value. ||1|| You are the Master, You are the Lord under the royal canopy; You are the perfectly pervading Lord God. Please bless me with the gift of service to the Saints; O Nanak, I am a sacrifice to the Lord. ||2||6||29|| SAARANG, FIFTH MEHL: The Love of my Beloved comes into my conscious mind. I have forgotten the entangling affairs of Maya, and I spend my life-night fighting with evil. ||1|| Pause|| I serve the Lord; the Lord abides within my heart. I have found my Lord in the Sat Sangat, the True Congregation. So I have met with my enticingly beautiful Beloved; I have obtained the peace which I asked for. ||1|| The Guru has brought my Beloved under my control, and I enjoy Him with unrestrained pleasure. I have become fearless; O Nanak, my fears have been eradicated. Chanting the Word, I have found the Lord. ||2||7||30|| SAARANG, FIFTH MEHL: I am a sacrifice to the Blessed Vision, the Darshan of my Dear Lord. The Naad, the Sound-current of His Word fills my ears; my body has settled gently into the Lap of my Beloved. ||1|| Pause|| I was a discarded bride, and the Guru has made me a happy soul-bride. I have found the Elegant and All-knowing Lord. That home, in which I was not even allowed to sit — I have found that place in which I can dwell. ||1|| God, the Love of His devotees, has come under the control of those who protect the honor of His Saints. Says Nanak, my mid is pleased and appeased with the Lord, and my subservience to other people has come to an end. ||2||8||31|| SAARANG, FIFTH MEHL: Now my association with the five thieves has come to an end. Gazing upon the Blessed Vision of the Lord's Darshan, my mind is in ecstasy; by Guru's Grace, I am released. ||1|| Pause|| The impregnable place is guarded by countless ramparts and warriors. This impregnable fortress cannot be touched, but with the assistance of the Saints, I have entered and robbed it. ||1|| I have found such a great treasure, a priceless, inexhaustible supply of jewels. O servant Nanak, when God showered His Mercy on me, my mind drank in the sublime essence of the Lord. ||2||9||32|| SAARANG, FIFTH MEHL: Now my mind is absorbed in my Lord and Master. The Perfect Guru has blessed me with the gift of the breath of life. I am involved with the Lord, like the fish with the water. ||1|| Pause|| I have cast out sexual desire, anger, greed, egotism and envy; I have offered all this as a gift. The Guru has implanted the medicine of the Lord's Mantra within me, and I have met with the All-knowing Lord God. ||1||

ਗ੍ਰਿਹੁ ਤੇਰਾ ਤੂ ਠਾਕੁਰੁ ਮੇਰਾ ਗੁਰਿ ਹਉ ਖੋਈ ਪ੍ਰਭੁ ਦੀਨਾ ॥ ਕਹੁ ਨਾਨਕ ਮੈ ਸਹਜ ਘਰੁ ਪਾਇਆ ਹਰਿ ਭਗਤਿ ਭੰਡਾਰ ਖਜੀਨਾ ॥੨॥੧੦॥੩੩॥ ਸਾਰਗ ਮਹਲਾ ੫ ॥ ਮੋਹਨ ਸਭਿ ਜੀਅ ਤੇਰੇ ਤੂ ਤਾਰਹਿ ॥ ਛੁਟਹਿ ਸੰਘਾਰ ਨਿਮਖ ਕਿਰਪਾ ਤੇ ਕੋਟਿ ਬ੍ਰਹਮੰਡ ਉਧਾਰਹਿ ॥੧॥ ਰਹਾਉ ॥ ਕਰਹਿ ਅਰਦਾਸਿ ਬਹੁਤੁ ਬੇਨੰਤੀ ਨਿਮਖ ਨਿਮਖ ਸਾਮ੍ਹ੍ਹਾਰਹਿ ॥ ਹੋਹੁ ਕ੍ਰਿਪਾਲ ਦੀਨ ਦੁਖ ਭੰਜਨ ਹਾਥ ਦੇਇ ਨਿਸਤਾਰਹਿ ॥੧॥ ਕਿਆ ਏ ਭੂਪਤਿ ਬਪੁਰੇ ਕਹੀਅਹਿ ਕਹੁ ਏ ਕਿਸ ਨੋ ਮਾਰਹਿ ॥ ਰਾਖੁ ਰਾਖੁ ਰਾਖੁ ਸੁਖਦਾਤੇ ਸਭੁ ਨਾਨਕ ਜਗਤੁ ਤੁਮ੍ਹ੍ਹਾਰਹਿ ॥੨॥੧੧॥੩੪॥ ਸਾਰਗ ਮਹਲਾ ੫ ॥ ਅਬ ਮੋਹਿ ਧਨੁ ਪਾਇਓ ਹਰਿ ਨਾਮਾ ॥ ਭਏ ਅਚਿੰਤ ਤ੍ਰਿਸਨ ਸਭ ਬੁਝੀ ਹੈ ਇਹੁ ਲਿਖਿਓ ਲੇਖੁ ਮਥਾਮਾ ॥੧॥ ਰਹਾਉ ॥ ਖੋਜਤ ਖੋਜਤ ਭਇਓ ਬੈਰਾਗੀ ਫਿਰਿ ਆਇਓ ਦੇਹ ਗਿਰਾਮਾ ॥ ਗੁਰਿ ਕ੍ਰਿਪਾਲਿ ਸਉਦਾ ਇਹੁ ਜੋਰਿਓ ਹਥਿ ਚਰਿਓ ਲਾਲੁ ਅਗਾਮਾ ॥੧॥ ਆਨ ਬਾਪਾਰ ਬਨਜ ਜੋ ਕਰੀਅਹਿ ਤੇਤੇ ਦੂਖ ਸਹਾਮਾ ॥ ਗੋਬਿਦ ਭਜਨ ਕੇ ਨਿਰਭੈ ਵਾਪਾਰੀ ਹਰਿ ਰਾਸਿ ਨਾਨਕ ਰਾਮ ਨਾਮਾ ॥੨॥੧੨॥੩੫॥ ਸਾਰਗ ਮਹਲਾ ੫ ॥ ਮੇਰੈ ਮਨਿ ਮਿਸਟ ਲਗੇ ਪ੍ਰਿਅ ਬੋਲਾ ॥ ਗੁਰਿ ਬਾਹ ਪਕਰਿ ਪ੍ਰਭ ਸੇਵਾ ਲਾਏ ਸਦ ਦਇਆਲੁ ਹਰਿ ਢੋਲਾ ॥੧॥ ਰਹਾਉ ॥ ਪ੍ਰਭ ਤੂ ਠਾਕੁਰੁ ਸਰਬ ਪ੍ਰਤਿਪਾਲਕੁ ਮੋਹਿ ਕਲਤ੍ਰ ਸਹਿਤ ਸਭਿ ਗੋਲਾ ॥ ਮਾਣੁ ਤਾਣੁ ਸਭੁ ਤੂਹੈ ਤੂਹੈ ਇਕੁ ਨਾਮੁ ਤੇਰਾ ਮੈ ਓਲ੍ਹ੍ਹਾ ॥੧॥ ਜੇ ਤਖਤਿ ਬੈਸਾਲਹਿ ਤਉ ਦਾਸ ਤੁਮ੍ਹ੍ਹਾਰੇ ਘਾਸੁ ਬਢਾਵਹਿ ਕੇਤਕ ਬੋਲਾ ॥ ਜਨ ਨਾਨਕ ਕੇ ਪ੍ਰਭ ਪੁਰਖ ਬਿਧਾਤੇ ਮੇਰੇ ਠਾਕੁਰ ਅਗਹ ਅਤੋਲਾ ॥੨॥੧੩॥੩੬॥ ਸਾਰਗ ਮਹਲਾ ੫ ॥ ਰਸਨਾ ਰਾਮ ਕਹਤ ਗੁਣ ਸੋਹੰ ॥ ਏਕ ਨਿਮਖ ਓਪਾਇ ਸਮਾਵੈ ਦੇਖਿ ਚਰਿਤ ਮਨ ਮੋਹੰ ॥੧॥ ਰਹਾਉ ॥ ਜਿਸੁ ਸੁਣਿਐ ਮਨਿ ਹੋਇ ਰਹਸੁ ਅਤਿ ਰਿਦੈ ਮਾਨ ਦੁਖ ਜੋਹੰ ॥ ਸੁਖੁ ਪਾਇਓ ਦੁਖੁ ਦੂਰਿ ਪਰਾਇਓ ਬਣਿ ਆਈ ਪ੍ਰਭ ਤੋਹੰ ॥੧॥ ਕਿਲਵਿਖ ਗਏ ਮਨ ਨਿਰਮਲ ਹੋਈ ਹੈ ਗੁਰਿ ਕਾਢੇ ਮਾਇਆ ਦ੍ਰੋਹੰ ॥ ਕਹੁ ਨਾਨਕ ਮੈ ਸੋ ਪ੍ਰਭੁ ਪਾਇਆ ਕਰਣ ਕਾਰਣ ਸਮਰਥੋਹੰ ॥੨॥੧੪॥੩੭॥ ਸਾਰਗ ਮਹਲਾ ੫ ॥ ਨੈਨਹੁ ਦੇਖਿਓ ਚਲਤੁ ਤਮਾਸਾ ॥ ਸਭ ਹੂ ਦੂਰਿ ਸਭ ਹੂ ਤੇ ਨੇਰੈ ਅਗਮ ਅਗਮ ਘਟ ਵਾਸਾ ॥੧॥ ਰਹਾਉ ॥ ਅਭੂਲੁ ਨ ਭੂਲੈ ਲਿਖਿਓ ਨ ਚਲਾਵੈ ਮਤਾ ਨ ਕਰੈ ਪਚਾਸਾ ॥ ਖਿਨ ਮਹਿ ਸਾਜਿ ਸਵਾਰਿ ਬਿਨਾਹੈ ਭਗਤਿ ਵਛਲ ਗੁਣਤਾਸਾ ॥੧॥ ਅੰਧ ਕੂਪ ਮਹਿ ਦੀਪਕੁ ਬਲਿਓ ਗੁਰਿ ਰਿਦੈ ਕੀਓ ਪਰਗਾਸਾ ॥

My household belongs to You, O my Lord and Master; the Guru has blessed me with God, and rid me of egotism. Says Nanak, I have found the Lord with intuitive ease, within the home of my own heart. Devotional worship of the Lord is a treasure over-flowing. ||2||10||33|| SAARANG, FIFTH MEHL: O my Enticing Lord, all beings are Yours — You save them. Even a tiny bit of Your Mercy ends all cruelty and tyranny. You save and redeem millions of universes. ||1|| Pause|| I offer countless prayers; I remember You each and every instant. Please be merciful to me, O Destroyer of the pains of the poor; please give me Your hand and save me. ||1|| And what about these poor kings? Tell me, who can they kill? Save me, save me, save me, O Giver of peace; O Nanak, all the world is Yours. ||2||11||34|| SAARANG, FIFTH MEHL: Now I have obtained the wealth of the Lord's Name. I have become carefree, and all my thirsty desires are satisfied. Such is the destiny written on my forehead. ||1|| Pause|| Searching and searching, I became depressed; I wandered all around, and finally came back to my body-village. The Merciful Guru made this deal, and I have obtained the priceless jewel. ||1|| The other deals and trades which I did, brought only sorrow and suffering. Fearless are those traders who deal in meditation on the Lord of the Universe. O Nanak, the Lord's Name is their capital. ||2||12||35|| SAARANG, FIFTH MEHL: The Speech of my Beloved seems so sweet to my mind. The Guru has taken hold of my arm, and linked me to God's service. My Beloved Lord is forever merciful to me. ||1|| Pause|| O God, You are my Lord and Master; You are the Cherisher of all. My wife and I are totally Your slaves. You are all my honor and power — You are. Your Name is my only Support. ||1|| If You seat me on the throne, then I am Your slave. If You make me a grass-cutter, then what can I say? Servant Nanak's God is the Primal Lord, the Architect of Destiny, Unfathomable and Immeasurable. ||2||13||36|| SAARANG, FIFTH MEHL: The tongue becomes beautiful, uttering the Glorious Praises of the Lord. In an instant, He creates and destroys. Gazing upon His Wondrous Plays, my mind is fascinated. ||1|| Pause|| Listening to His Praises, my mind is in utter ecstasy, and my heart is rid of pride and pain. I have found peace, and my pains have been taken away, since I became one with God. ||1|| Sinful resides have been wiped away, and my mind is immaculate. The Guru has lifted me up and pulled me out of the deception of Maya. Says Nanak, I have found God, the All-powerful Creator, the Cause of causes. ||2||14||37|| SAARANG, FIFTH MEHL: With my eyes, I have seen the marvellous wonders of the Lord. He is far from all, and yet near to all. He is Inaccessible and Unfathomable, and yet He dwells in the heart. ||1|| Pause|| The Infallible Lord never makes a mistake. He does not have to write His Orders, and He does not have to consult with anyone. In an instant, He creates, embellishes and destroys. He is the Lover of His devotees, the Treasure of Excellence. ||1|| Lighting the lamp in the deep dark pit, the Guru illumines and enlightens the heart.

ਕਹੁ ਨਾਨਕ ਦਰਸੁ ਪੇਖਿ ਸੁਖੁ ਪਾਇਆ ਸਭ ਪੂਰਨ ਹੋਈ ਆਸਾ ॥੨॥੧੫॥੩੮॥ ਸਾਰਗ ਮਹਲਾ ੫ ॥ ਚਰਨਹ ਗੋਬਿੰਦ ਮਾਰਗੁ ਸੁਹਾਵਾ ॥ ਆਨ ਮਾਰਗ ਜੇਤਾ ਕਿਛੁ ਧਾਈਐ ਤੇਤੋ ਹੀ ਦੁਖੁ ਹਾਵਾ ॥੧॥ ਰਹਾਉ ॥ ਨੇਤ੍ਰ ਪੁਨੀਤ ਭਏ ਦਰਸੁ ਪੇਖੇ ਹਸਤ ਪੁਨੀਤ ਟਹਲਾਵਾ ॥ ਰਿਦਾ ਪੁਨੀਤ ਰਿਦੈ ਹਰਿ ਬਸਿਓ ਮਸਤ ਪੁਨੀਤ ਸੰਤ ਧੂਰਾਵਾ ॥੧॥ ਸਰਬ ਨਿਧਾਨ ਨਾਮਿ ਹਰਿ ਹਰਿ ਕੈ ਜਿਸੁ ਕਰਮਿ ਲਿਖਿਆ ਤਿਨਿ ਪਾਵਾ ॥ ਜਨ ਨਾਨਕ ਕਉ ਗੁਰੁ ਪੂਰਾ ਭੇਟਿਓ ਸੁਖਿ ਸਹਜੇ ਅਨਦ ਬਿਹਾਵਾ ॥੨॥੧੬॥੩੯॥ ਸਾਰਗ ਮਹਲਾ ੫ ॥ ਧਿਆਇਓ ਅੰਤਿ ਬਾਰ ਨਾਮੁ ਸਖਾ ॥ ਜਹ ਮਾਤ ਪਿਤਾ ਸੁਤ ਭਾਈ ਨ ਪਹੁਚੈ ਤਹਾ ਤਹਾ ਤੂ ਰਖਾ ॥੧॥ ਰਹਾਉ ॥ ਅੰਧ ਕੂਪ ਗ੍ਰਿਹ ਮਹਿ ਤਿਨਿ ਸਿਮਰਿਓ ਜਿਸੁ ਮਸਤਕਿ ਲੇਖੁ ਲਿਖਾ ॥ ਖੂਲੇ੍ ਬੰਧਨ ਮੁਕਤਿ ਗੁਰਿ ਕੀਨੀ ਸਭ ਤੂਹੈ ਤੁਹੀ ਦਿਖਾ ॥੧॥ ਅੰਮ੍ਰਿਤ ਨਾਮੁ ਪੀਆ ਮਨੁ ਤ੍ਰਿਪਤਿਆ ਆਘਾਏ ਰਸਨ ਚਖਾ ॥ ਕਹੁ ਨਾਨਕ ਸੁਖ ਸਹਜੁ ਮੈ ਪਾਇਆ ਗੁਰਿ ਲਾਹੀ ਸਗਲ ਤਿਖਾ ॥੨॥੧੭॥੪੦॥ ਸਾਰਗ ਮਹਲਾ ੫ ॥ ਗੁਰ ਮਿਲਿ ਐਸੇ ਪ੍ਰਭੂ ਧਿਆਇਆ ॥ ਭਇਓ ਕ੍ਰਿਪਾਲੁ ਦਇਆਲੁ ਦੁਖ ਭੰਜਨੁ ਲਗੈ ਨ ਤਾਤੀ ਬਾਇਆ ॥੧॥ ਰਹਾਉ ॥ ਜੇਤੇ ਸਾਸ ਸਾਸ ਹਮ ਲੇਤੇ ਤੇਤੇ ਹੀ ਗੁਣ ਗਾਇਆ ॥ ਨਿਮਖ ਨ ਬਿਛੁਰੈ ਘਰੀ ਨ ਬਿਸਰੈ ਸਦ ਸੰਗੇ ਜਤ ਜਾਇਆ ॥੧॥ ਹਉ ਬਲਿ ਬਲਿ ਬਲਿ ਬਲਿ ਚਰਨ ਕਮਲ ਕਉ ਬਲਿ ਬਲਿ ਗੁਰ ਦਰਸਾਇਆ ॥ ਕਹੁ ਨਾਨਕ ਕਾਹੂ ਪਰਵਾਹਾ ਜਉ ਸੁਖ ਸਾਗਰੁ ਮੈ ਪਾਇਆ ॥੨॥੧੮॥੪੧॥ ਸਾਰਗ ਮਹਲਾ ੫ ॥ ਮੇਰੈ ਮਨਿ ਸਬਦੁ ਲਗੋ ਗੁਰ ਮੀਠਾ ॥ ਖੁਲਿ੍ਓ ਕਰਮੁ ਭਇਓ ਪਰਗਾਸਾ ਘਟਿ ਘਟਿ ਹਰਿ ਹਰਿ ਡੀਠਾ ॥੧॥ ਰਹਾਉ ॥ ਪਾਰਬ੍ਰਹਮ ਆਜੋਨੀ ਸੰਭਉ ਸਰਬ ਥਾਨ ਘਟ ਬੀਠਾ ॥ ਭਇਓ ਪਰਾਪਤਿ ਅੰਮ੍ਰਿਤ ਨਾਮਾ ਬਲਿ ਬਲਿ ਪ੍ਰਭ ਚਰਣੀਠਾ ॥੧॥ ਸਤਸੰਗਤਿ ਕੀ ਰੇਣੁ ਮੁਖਿ ਲਾਗੀ ਕੀਏ ਸਗਲ ਤੀਰਥ ਮਜਨੀਠਾ ॥ ਕਹੁ ਨਾਨਕ ਰੰਗਿ ਚਲੂਲ ਭਏ ਹੈ ਹਰਿ ਰੰਗੁ ਨ ਲਹੈ ਮਜੀਠਾ ॥੨॥੧੯॥੪੨॥ ਸਾਰਗ ਮਹਲਾ ੫ ॥ ਹਰਿ ਹਰਿ ਨਾਮੁ ਦੀਓ ਗੁਰਿ ਸਾਥੇ ॥ ਨਿਮਖ ਬਚਨੁ ਪ੍ਰਭ ਹੀਅਰੈ ਬਸਿਓ ਸਗਲ ਭੂਖ ਮੇਰੀ ਲਾਥੇ ॥੧॥ ਰਹਾਉ ॥ ਕ੍ਰਿਪਾ ਨਿਧਾਨ ਗੁਣ ਨਾਇਕ ਠਾਕੁਰ ਸੁਖ ਸਮੂਹ ਸਭ ਨਾਥੇ ॥ ਏਕ ਆਸ ਮੋਹਿ ਤੇਰੀ ਸੁਆਮੀ ਅਉਰ ਦੁਤੀਆ ਆਸ ਬਿਰਾਥੇ ॥੧॥

Says Nanak, gazing upon the Blessed Vision of His Darshan, I have found peace, and all my hopes have been fulfilled. ||2||15||38|| SAARANG, FIFTH MEHL: The most beautiful path for the feet is to follow the Lord of the Universe. The more you walk on any other path, the more you suffer in pain. ||1|| Pause|| The eyes are sanctified, gazing upon the Blessed Vision of the Lord's Darshan. Serving Him, the hands are sanctified. The heart is sanctified, when the Lord abides within the heart; that forehead which touches the dust of the feet of the Saints is sanctified. ||1|| All treasures are in the Name of the Lord, Har, Har; he alone obtains it, who has it written in his karma. Servant Nanak has met with the Perfect Guru; he passes his life-night in peace, poise and pleasure. ||2||16||39|| SAARANG, FIFTH MEHL: Meditate on the Naam, the Name of the Lord; at the very last instant, it shall be your Help and Support. In that place where your mother, father, children and siblings shall be of no use to you at all, there, the Name alone shall save you. ||1|| Pause|| He alone meditates on the Lord in the deep dark pit of his own household, upon whose forehead such destiny is written. His bonds are loosened, and the Guru liberates him. He sees You, O Lord, everywhere. ||1|| Drinking in the Ambrosial Nectar of the Naam, his mind is satisfied. Tasting it, his tongue is satiated. Says Nanak, I have obtained celestial peace and poise; the Guru has quenched all my thirst. ||2||17||40|| SAARANG, FIFTH MEHL: Meeting the Guru, I meditate on God in such a way, that He has become kind and compassionate to me. He is the Destroyer of pain; He does not allow the hot wind to even touch me. ||1|| Pause|| With each and every breath I take, I sing the Glorious Praises of the Lord. He is not separated from me, even for an instant, and I never forget Him. He is always with me, wherever I go. ||1|| I am a sacrifice, a sacrifice, a sacrifice, a sacrifice to His Lotus Feet. I am a sacrifice, a sacrifice to the Blessed Vision of the Guru's Darshan. Says Nanak, I do not care about anything else; I have found the Lord, the Ocean of peace. ||2||18||41|| SAARANG, FIFTH MEHL: The Word of the Guru's Shabad seems so sweet to my mind. My karma has been activated, and the Divine Radiance of the Lord, Har, Har, is manifest in each and every heart. ||1|| Pause|| The Supreme Lord God, beyond birth, Self-existent, is seated within every heart everywhere. I have come to obtain the Ambrosial Nectar of the Naam, the Name of the Lord. I am a sacrifice, a sacrifice to the Lotus Feet of God. ||1|| I anoint my forehead with the dust of the Society of the Saints; it is as if I have bathed at all the sacred shrines of pilgrimage. Says Nanak, I am dyed in the deep crimson color of His Love; the Love of my Lord shall never fade away. ||2||19||42|| SAARANG, FIFTH MEHL: The Guru has given me the Name of the Lord, Har, Har, as my Companion. If the Word of God dwells within my heart for even an instant, all my hunger is relieved. ||1|| Pause|| O Treasure of Mercy, Master of Excellence, my Lord and Master, Ocean of peace, Lord of all. My hopes rest in You alone, O my Lord and Master; hope in anything else is useless. ||1||

ਨੈਣ ਤ੍ਰਿਪਤਾਸੇ ਦੇਖਿ ਦਰਸਾਵਾ ਗੁਰਿ ਕਰ ਧਾਰੇ ਮੇਰੈ ਮਾਥੇ ॥ ਕਹੁ ਨਾਨਕ ਮੈ ਅਤੁਲ ਸੁਖੁ ਪਾਇਆ ਜਨਮ ਮਰਣ ਭੈ ਲਾਥੇ ॥੨॥੨੦॥੪੩॥ ਸਾਰਗ ਮਹਲਾ ੫ ॥ ਰੇ ਮੂੜ੍ਹੇ ਆਨ ਕਾਹੇ ਕਤ ਜਾਈ ॥ ਸੰਗਿ ਮਨੋਹਰੁ ਅੰਮ੍ਰਿਤੁ ਹੈ ਰੇ ਭੂਲਿ ਭੂਲਿ ਬਿਖੁ ਖਾਈ ॥੧॥ ਰਹਾਉ ॥ ਪ੍ਰਭ ਸੁੰਦਰ ਚਤੁਰ ਅਨੂਪ ਬਿਧਾਤੇ ਤਿਸ ਸਿਉ ਰੁਚ ਨਹੀ ਰਾਈ ॥ ਮੋਹਨਿ ਸਿਉ ਬਾਵਰ ਮਨੁ ਮੋਹਿਓ ਝੂਠਿ ਠਗਉਰੀ ਪਾਈ ॥੧॥ ਭਇਓ ਦਇਆਲੁ ਕ੍ਰਿਪਾਲੁ ਦੁਖ ਹਰਤਾ ਸੰਤਨ ਸਿਉ ਬਨਿ ਆਈ ॥ ਸਗਲ ਨਿਧਾਨ ਘਰੈ ਮਹਿ ਪਾਏ ਕਹੁ ਨਾਨਕ ਜੋਤਿ ਸਮਾਈ ॥੨॥੨੧॥੪੪॥ ਸਾਰਗ ਮਹਲਾ ੫ ॥ ਓਅੰ ਪ੍ਰਿਅ ਪ੍ਰੀਤਿ ਚੀਤਿ ਪਹਿਲਰੀਆ ॥ ਜੋ ਤਉ ਬਚਨੁ ਦੀਓ ਮੇਰੇ ਸਤਿਗੁਰ ਤਉ ਮੈ ਸਾਜ ਸੀਗਰੀਆ ॥੧॥ ਰਹਾਉ ॥ ਹਮ ਭੂਲਹ ਤੁਮ ਸਦਾ ਅਭੂਲਾ ਹਮ ਪਤਿਤ ਤੁਮ ਪਤਿਤ ਉਧਰੀਆ ॥ ਹਮ ਨੀਚ ਬਿਰਖ ਤੁਮ ਮੈਲਾਗਰ ਲਾਜ ਸੰਗਿ ਸੰਗਿ ਬਸਰੀਆ ॥੧॥ ਤੁਮ ਗੰਭੀਰ ਧੀਰ ਉਪਕਾਰੀ ਹਮ ਕਿਆ ਬਪੁਰੇ ਜੰਤਰੀਆ ॥ ਗੁਰ ਕ੍ਰਿਪਾਲ ਨਾਨਕ ਹਰਿ ਮੇਲਿਓ ਤਉ ਮੇਰੀ ਸੂਖਿ ਸੇਜਰੀਆ ॥੨॥੨੨॥੪੫॥ ਸਾਰਗ ਮਹਲਾ ੫ ॥ ਮਨ ਓਇ ਦਿਨਸ ਧੰਨਿ ਪਰਵਾਨਾਂ ॥ ਸਫਲ ਤੇ ਘਰੀ ਸੰਜੋਗ ਸੁਹਾਵੇ ਸਤਿਗੁਰ ਸੰਗਿ ਗਿਆਨਾਂ ॥੧॥ ਰਹਾਉ ॥ ਧੰਨਿ ਸੁਭਾਗ ਧੰਨਿ ਸੋਹਾਗਾ ਧੰਨਿ ਦੇਤ ਜਿਨਿ ਮਾਨਾਂ ॥ ਇਹੁ ਤਨੁ ਤੁਮ੍ਹ੍ਰਾ ਸਭੁ ਗ੍ਰਿਹੁ ਧਨੁ ਤੁਮ੍ਹ੍ਰਾ ਹੀਂਉ ਕੀਓ ਕੁਰਬਾਨਾਂ ॥੧॥ ਕੋਟਿ ਲਾਖ ਰਾਜ ਸੁਖ ਪਾਏ ਇਕ ਨਿਮਖ ਪੇਖਿ ਦ੍ਰਿਸਟਾਨਾਂ ॥ ਜਉ ਕਹਹੁ ਮੁਖਹੁ ਸੇਵਕ ਇਹ ਬੈਸੀਐ ਸੁਖ ਨਾਨਕ ਅੰਤੁ ਨ ਜਾਨਾਂ ॥੨॥੨੩॥੪੬॥ ਸਾਰਗ ਮਹਲਾ ੫ ॥ ਅਬ ਮੋਰੋ ਸਹਸਾ ਦੂਖੁ ਗਇਆ ॥ ਅਉਰ ਉਪਾਵ ਸਗਲ ਤਿਆਗਿ ਛੋਡੇ ਸਤਿਗੁਰ ਸਰਣਿ ਪਇਆ ॥੧॥ ਰਹਾਉ ॥ ਸਰਬ ਸਿਧਿ ਕਾਰਜ ਸਭਿ ਸਵਰੇ ਅਹੰ ਰੋਗ ਸਗਲ ਹੀ ਖਇਆ ॥ ਕੋਟਿ ਪਰਾਧ ਖਿਨ ਮਹਿ ਖਉ ਭਈ ਹੈ ਗੁਰ ਮਿਲਿ ਹਰਿ ਹਰਿ ਕਹਿਆ ॥੧॥ ਪੰਚ ਦਾਸ ਗੁਰਿ ਵਸਗਤਿ ਕੀਨੇ ਮਨ ਨਿਹਚਲ ਨਿਰਭਇਆ ॥ ਆਇ ਨ ਜਾਵੈ ਨ ਕਤ ਹੀ ਡੋਲੈ ਥਿਰੁ ਨਾਨਕ ਰਾਜਇਆ ॥੨॥੨੪॥੪੭॥ ਸਾਰਗ ਮਹਲਾ ੫ ॥ ਪ੍ਰਭੁ ਮੇਰੋ ਇਤ ਉਤ ਸਦਾ ਸਹਾਈ ॥ ਮਨਮੋਹਨੁ ਮੇਰੇ ਜੀਅ ਕੋ ਪਿਆਰੋ ਕਵਨ ਕਹਾ ਗੁਨ ਗਾਈ ॥੧॥ ਰਹਾਉ ॥ ਖੇਲਿ ਖਿਲਾਇ ਲਾਡ ਲਾਡਾਵੈ ਸਦਾ ਸਦਾ ਅਨਦਾਈ ॥ ਪ੍ਰਤਿਪਾਲੈ ਬਾਰਿਕ ਕੀ ਨਿਆਈ ਜੈਸੇ ਮਾਤ ਪਿਤਾਈ ॥੧॥ ਤਿਸੁ ਬਿਨੁ ਨਿਮਖ ਨਹੀ ਰਹਿ ਸਕੀਐ ਬਿਸਰਿ ਨ ਕਬਹੂ ਜਾਈ ॥

My eyes were satisfied and fulfilled, gazing upon the Blessed Vision of His Darshan, when the Guru placed His Hand on my forehead. Says Nanak, I have found immeasurable peace; my fear of birth and death is gone. ||2||20||43|| SAARANG, FIFTH MEHL: You fool: why are you going somewhere else? The Enticing Ambrosial Amrit is with you, but you are deluded, totally deluded, and you eat poison. ||1|| Pause|| God is Beautiful, Wise and Incomparable; He is the Creator, the Architect of Destiny, but you have no love for Him. The mad-man's mind is enticed by Maya, the enticer; he has taken the intoxicating drug of falsehood. ||1|| The Destroyer of pain has become kind and compassionate to me, and I am in tune with the Saints. I have obtained all treasures within the home of my own heart; says Nanak, my light has merged into the Light. ||2||21||44|| SAARANG, FIFTH MEHL: My consciousness has loved my Beloved God, since the very beginning of time. When You blessed me with the Teachings, O my True Guru, I was embellished with beauty. ||1|| Pause|| I am mistaken; You are never mistaken. I am a sinner; You are the Saving Grace of sinners. I am a lowly thorn-tree, and You are the sandalwood tree. Please preserve my honor by staying with me; please stay with me. ||1|| You are deep and profound, calm and benevolent. What am I? Just a poor helpless being. The Merciful Guru Nanak has united me with the Lord. I lay on His Bed of Peace. ||2||22||45|| SAARANG, FIFTH MEHL: O my mind, blessed and approved is that day, and fruitful is that hour, and lucky is that moment, when the True Guru blesses me with spirtual wisdom. ||1|| Pause|| Blessed is my good destiny, and blessed is my Husband Lord. Blessed are those upon whom honor is bestowed. This body is Yours, all my home and wealth are Yours; I offer my heart as a sacrifice to You. ||1|| I obtain tens of thousands and millions of regal pleasures, if I gaze upon Your Blessed Vision, even for an instant. When You, O God, say, "My servant, stay here with me", Nanak knows unlimited peace. ||2||23||46|| SAARANG, FIFTH MEHL: Now I am rid of my skepticism and sorrow. I have abandoned and forsaken all other efforts, and come to the Sanctuary of the True Guru. ||1|| Pause|| I have attained total perfection, and all my works are perfectly completed; the illness of egotism has been totally eradicated. Millions of sins are destroyed in an instant; meeting with the Guru, I chant the Name of the Lord, Har, Har. ||1|| Subduing the five thieves, he Guru has made them my slaves; my mind has become stable and steady and fearless. It does not come or go in reincarnation; it does not waver or wander anywhere. O Nanak, my empire is eternal. ||2||24||47|| SAARANG, FIFTH MEHL: Here and hereafter, God is forever my Help and Support. He is the Enticer of my mind, the Beloved of my soul. What Glorious Praises of His can I sing and chant? ||1|| Pause|| He plays with me, He fondles and caresses me. Forever and ever, He blesses me with bliss. He cherishes me, like the father and the mother love their child. ||1|| I cannot survive without Him, even for an instant; I shall never forget Him.

ਕਹੁ ਨਾਨਕ ਮਿਲਿ ਸੰਤਸੰਗਤਿ ਤੇ ਮਗਨ ਭਏ ਲਿਵ ਲਾਈ ॥੨॥੨੫॥੪੮॥ ਸਾਰਗ ਮਹਲਾ ੫ ॥ ਅਪਨਾ ਮੀਤੁ ਸੁਆਮੀ ਗਾਈਐ ॥ ਆਸ ਨ ਅਵਰ ਕਾਹੂ ਕੀ ਕੀਜੈ ਸੁਖਦਾਤਾ ਪ੍ਰਭੁ ਧਿਆਈਐ ॥੧॥ ਰਹਾਉ ॥ ਸੂਖ ਮੰਗਲ ਕਲਿਆਣ ਜਿਸਹਿ ਘਰਿ ਤਿਸ ਹੀ ਸਰਣੀ ਪਾਈਐ ॥ ਤਿਸਹਿ ਤਿਆਗਿ ਮਾਨੁਖੁ ਜੇ ਸੇਵਹੁ ਤਉ ਲਾਜ ਲੋਨੁ ਹੋਇ ਜਾਈਐ ॥੧॥ ਏਕ ਓਟ ਪਕਰੀ ਠਾਕੁਰ ਕੀ ਗੁਰ ਮਿਲਿ ਮਤਿ ਬੁਧਿ ਪਾਈਐ ॥ ਗੁਣ ਨਿਧਾਨ ਨਾਨਕ ਪ੍ਰਭੁ ਮਿਲਿਆ ਸਗਲ ਚੁਕੀ ਮੁਹਤਾਈਐ ॥੨॥੨੬॥੪੯॥ ਸਾਰਗ ਮਹਲਾ ੫ ॥ ਓਟ ਸਤਾਣੀ ਪ੍ਰਭ ਜੀਉ ਮੇਰੈ ॥ ਦ੍ਰਿਸਟਿ ਨ ਲਿਆਵਉ ਅਵਰ ਕਾਹੂ ਕਉ ਮਾਣਿ ਮਹਤਿ ਪ੍ਰਭ ਤੇਰੈ ॥੧॥ ਰਹਾਉ ॥ ਅੰਗੀਕਾਰੁ ਕੀਓ ਪ੍ਰਭਿ ਅਪੁਨੈ ਕਾਢਿ ਲੀਆ ਬਿਖੁ ਘੇਰੈ ॥ ਅੰਮ੍ਰਿਤ ਨਾਮੁ ਅਉਖਧੁ ਮੁਖਿ ਦੀਨੋ ਜਾਇ ਪਇਆ ਗੁਰ ਪੈਰੈ ॥੧॥ ਕਵਨ ਉਪਮਾ ਕਹਉ ਏਕ ਮੁਖ ਨਿਰਗੁਣ ਕੇ ਦਾਤੇਰੈ ॥ ਕਾਟਿ ਸਿਲਕ ਜਉ ਅਪੁਨਾ ਕੀਨੋ ਨਾਨਕ ਸੂਖ ਘਨੇਰੈ ॥੨॥੨੭॥੫੦॥ ਸਾਰਗ ਮਹਲਾ ੫ ॥ ਪ੍ਰਭ ਸਿਮਰਤ ਦੂਖ ਬਿਨਾਸੀ ॥ ਭਇਓ ਕ੍ਰਿਪਾਲੁ ਜੀਅ ਸੁਖਦਾਤਾ ਹੋਈ ਸਗਲ ਖਲਾਸੀ ॥੧॥ ਰਹਾਉ ॥ ਅਵਰੁ ਨ ਕੋਊ ਸੂਝੈ ਪ੍ਰਭ ਬਿਨੁ ਕਹੁ ਕੋ ਕਿਸੁ ਪਹਿ ਜਾਸੀ ॥ ਜਿਉ ਜਾਣਹੁ ਤਿਉ ਰਾਖਹੁ ਠਾਕੁਰ ਸਭੁ ਕਿਛੁ ਤੁਮ ਹੀ ਪਾਸੀ ॥੧॥ ਹਾਥ ਦੇਇ ਰਾਖੇ ਪ੍ਰਭਿ ਅਪੁਨੇ ਸਦ ਜੀਵਨ ਅਬਿਨਾਸੀ ॥ ਕਹੁ ਨਾਨਕ ਮਨਿ ਅਨਦੁ ਭਇਆ ਹੈ ਕਾਟੀ ਜਮ ਕੀ ਫਾਸੀ ॥੨॥੨੮॥੫੧॥ ਸਾਰਗ ਮਹਲਾ ੫ ॥ ਮੇਰੋ ਮਨੁ ਜਤ ਕਤ ਤੁਝਹਿ ਸਮ੍ਾਰੈ ॥ ਹਮ ਬਾਰਿਕ ਦੀਨ ਪਿਤਾ ਪ੍ਰਭ ਮੇਰੇ ਜਿਉ ਜਾਨਹਿ ਤਿਉ ਪਾਰੈ ॥੧॥ ਰਹਾਉ ॥ ਜਬ ਭੁਖੌ ਤਬ ਭੋਜਨੁ ਮਾਂਗੈ ਅਘਾਏ ਸੂਖ ਸਘਾਰੈ ॥ ਤਬ ਅਰੋਗ ਜਬ ਤੁਮ ਸੰਗਿ ਬਸਤੌ ਛੁਟਕਤ ਹੋਇ ਰਵਾਰੈ ॥੧॥ ਕਵਨ ਬਸੇਰੋ ਦਾਸ ਦਾਸਨ ਕੋ ਥਾਪਿਉ ਥਾਪਨਹਾਰੈ ॥ ਨਾਮੁ ਨ ਬਿਸਰੈ ਤਬ ਜੀਵਨੁ ਪਾਈਐ ਬਿਨਤੀ ਨਾਨਕ ਇਹ ਸਾਰੈ ॥੨॥੨੯॥੫੨॥ ਸਾਰਗ ਮਹਲਾ ੫ ॥ ਮਨ ਤੇ ਭੈ ਭਉ ਦੂਰਿ ਪਰਾਇਓ ॥ ਲਾਲ ਦਇਆਲ ਗੁਲਾਲ ਲਾਡਿਲੇ ਸਹਜਿ ਸਹਜਿ ਗੁਨ ਗਾਇਓ ॥੧॥ ਰਹਾਉ ॥ ਗੁਰ ਬਚਨਾਤਿ ਕਮਾਤ ਕ੍ਰਿਪਾ ਤੇ ਬਹੁਰਿ ਨ ਕਤਹੂ ਧਾਇਓ ॥ ਰਹਤ ਉਪਾਧਿ ਸਮਾਧਿ ਸੁਖ ਆਸਨ ਭਗਤਿ ਵਛਲੁ ਗ੍ਰਿਹਿ ਪਾਇਓ ॥੧॥ ਨਾਦ ਬਿਨੋਦ ਕੋਡ ਆਨੰਦਾ ਸਹਜੇ ਸਹਜਿ ਸਮਾਇਓ ॥ ਕਰਨਾ ਆਪਿ ਕਰਾਵਨ ਆਪੇ

Says Nanak, joining the Society of the Saints, I am enraptured, lovingly attuned to my Lord. ||2||25||48|| SAARANG, FIFTH MEHL: Sing of your Lord and Master, your Best Friend. Do not place your hopes in anyone else; meditate on God, the Giver of peace. ||1|| Pause|| Peace, joy and salvation are in His Home. Seek the Protection of His Sanctuary. But if you forsake Him, and serve mortal beings, your honor will dissolve like salt in water. ||1|| I have grasped the Anchor and Support of my Lord and Master; meeting with the Guru, I have found wisdom and understanding. Nanak has met God, the Treasure of Excellence; all dependence on others is gone. ||2||26||49|| SAARANG, FIFTH MEHL: I have the Almighty Support of my Dear Lord God. I do not look up to anyone else. My honor and glory are Yours, O God. ||1|| Pause|| God has taken my side; He has lifted me up and pulled me out of the whirlpool of corruption. He has poured the medicine of the Naam, the Ambrosial Name of the Lord, into my mouth; I have fallen at the Guru's Feet. ||1|| How can I praise You with only one mouth? You are generous, even to the unworthy. You cut away the noose, and now You own me; Nanak is blessed with myriad joys. ||2||27||50|| SAARANG, FIFTH MEHL: Remembering God in meditation, pains are dispelled. When the Giver of peace to the soul becomes merciful, the mortal is totally redeemed. ||1|| Pause|| I know of none other than God; tell me, who else should I approach? As You know me, so do You keep me, O my Lord and Master.I have surrendered everything to You. ||1|| God gave me His Hand and saved me; He has blessed me with eternal life. Says Nanak, my mind is in ecstasy; the noose of death has been cut away from my neck. ||2||28||51|| SAARANG, FIFTH MEHL: My mind contemplates You, O Lord, all the time. I am Your meek and helpless child; You are God my Father. As You know me, You save me. ||1|| Pause|| When I am hungry, I ask for food; when I am full, I am totally at peace. When I dwell with You, I am free of disease; if I become separated from You, I turn to dust. ||1|| What power does the slave of Your slave have, O Establisher and Disestablisher? If I do not forget the Naam, the Name of the Lord, then I die. Nanak offers this prayer. ||2||29||52|| SAARANG, FIFTH MEHL: I have shaken off fear and dread from my mind. With intuitive ease, peace and poise, I sing the Glorious Praises of my Kind, Sweet, Darling Beloved. ||1|| Pause|| Practicing the Guru's Word, by His Grace, I do not wander anywhere anymore. The illusion has been dispelled; I am in Samaadhi, Sukh-aasan, the position of peace. I have found the Lord, the Lover of His devotees, within the home of my own heart. ||1|| The Sound-current of the Naad, playful joys and pleasures — I am intuitively, easily absorbed into the Celestial Lord. He Himself is the Creator, the Cause of causes.

ਕਹੁ ਨਾਨਕ ਆਪਿ ਆਪਾਇਓ ॥੨॥੩੦॥੫੩॥ ਸਾਰਗ ਮਹਲਾ ੫ ॥ ਅੰਮ੍ਰਿਤ ਨਾਮੁ ਮਨਹਿ ਆਧਾਰੋ ॥ ਜਿਨ ਦੀਆ ਤਿਸ ਕੈ ਕੁਰਬਾਨੈ ਗੁਰ ਪੂਰੇ ਨਮਸਕਾਰੋ ॥੧॥ ਰਹਾਉ ॥ ਬੂਝੀ ਤ੍ਰਿਸਨਾ ਸਹਜਿ ਸੁਹੇਲਾ ਕਾਮੁ ਕ੍ਰੋਧੁ ਬਿਖੁ ਜਾਰੋ ॥ ਆਇ ਨ ਜਾਇ ਬਸੈ ਇਹ ਠਾਹਰ ਜਹ ਆਸਨੁ ਨਿਰੰਕਾਰੋ ॥੧॥ ਏਕੈ ਪਰਗਟੁ ਏਕੈ ਗੁਪਤਾ ਏਕੈ ਧੁੰਧੂਕਾਰੋ ॥ ਆਦਿ ਮਧਿ ਅੰਤਿ ਪ੍ਰਭੁ ਸੋਈ ਕਹੁ ਨਾਨਕ ਸਾਚੁ ਬੀਚਾਰੋ ॥੨॥੩੧॥੫੪॥ ਸਾਰਗ ਮਹਲਾ ੫ ॥ ਬਿਨੁ ਪ੍ਰਭ ਰਹਨੁ ਨ ਜਾਇ ਘਰੀ ॥ ਸਰਬ ਸੂਖ ਤਾਹੂ ਕੈ ਪੂਰਨ ਜਾ ਕੈ ਸੁਖੁ ਹੈ ਹਰੀ ॥੧॥ ਰਹਾਉ ॥ ਮੰਗਲ ਰੂਪ ਪ੍ਰਾਨ ਜੀਵਨ ਧਨ ਸਿਮਰਤ ਅਨਦ ਘਨਾ ॥ ਵਡ ਸਮਰਥੁ ਸਦਾ ਸਦ ਸੰਗੇ ਗੁਨ ਰਸਨਾ ਕਵਨ ਭਨਾ ॥੧॥ ਥਾਨ ਪਵਿਤ੍ਰਾ ਮਾਨ ਪਵਿਤ੍ਰਾ ਪਵਿਤ੍ਰ ਸੁਨਨ ਕਹਨਹਾਰੇ ॥ ਕਹੁ ਨਾਨਕ ਤੇ ਭਵਨ ਪਵਿਤ੍ਰਾ ਜਾ ਮਹਿ ਸੰਤ ਤੁਮ੍ਾਰੇ ॥੨॥੩੨॥੫੫॥ ਸਾਰਗ ਮਹਲਾ ੫ ॥ ਰਸਨਾ ਜਪਤੀ ਤੂਹੀ ਤੂਹੀ ॥ ਮਾਤ ਗਰਭ ਤੁਮ ਹੀ ਪ੍ਰਤਿਪਾਲਕ ਮ੍ਰਿਤ ਮੰਡਲ ਇਕ ਤੁਹੀ ॥੧॥ ਰਹਾਉ ॥ ਤੁਮਹਿ ਪਿਤਾ ਤੁਮ ਹੀ ਫੁਨਿ ਮਾਤਾ ਤੁਮਹਿ ਮੀਤ ਹਿਤ ਭ੍ਰਾਤਾ ॥ ਤੁਮ ਪਰਵਾਰ ਤੁਮਹਿ ਆਧਾਰਾ ਤੁਮਹਿ ਜੀਅ ਪ੍ਰਾਨਦਾਤਾ ॥੧॥ ਤੁਮਹਿ ਖਜੀਨਾ ਤੁਮਹਿ ਜਰੀਨਾ ਤੁਮ ਹੀ ਮਾਣਿਕ ਲਾਲਾ ॥ ਤੁਮਹਿ ਪਾਰਜਾਤ ਗੁਰ ਤੇ ਪਾਏ ਤਉ ਨਾਨਕ ਭਏ ਨਿਹਾਲਾ ॥੨॥੩੩॥੫੬॥ ਸਾਰਗ ਮਹਲਾ ੫ ॥ ਜਾਹੂ ਕਾਹੂ ਅਪੁਨੋ ਹੀ ਚਿਤਿ ਆਵੈ ॥ ਜੋ ਕਾਹੂ ਕੋ ਚੇਰੋ ਹੋਵਤ ਠਾਕੁਰ ਹੀ ਪਹਿ ਜਾਵੈ ॥੧॥ ਰਹਾਉ ॥ ਅਪਨੇ ਪਹਿ ਦੂਖ ਅਪਨੇ ਪਹਿ ਸੂਖਾ ਅਪੁਨੇ ਹੀ ਪਹਿ ਬਿਰਥਾ ॥ ਅਪੁਨੇ ਪਹਿ ਮਾਨੁ ਅਪੁਨੇ ਪਹਿ ਤਾਨਾ ਅਪਨੇ ਹੀ ਪਹਿ ਅਰਥਾ ॥੧॥ ਕਿਨ ਹੀ ਰਾਜ ਜੋਬਨੁ ਧਨ ਮਿਲਖਾ ਕਿਨ ਹੀ ਬਾਪ ਮਹਤਾਰੀ ॥ ਸਰਬ ਥੋਕ ਨਾਨਕ ਗੁਰ ਪਾਏ ਪੂਰਨ ਆਸ ਹਮਾਰੀ ॥੨॥੩੪॥੫੭॥ ਸਾਰਗ ਮਹਲਾ ੫ ॥ ਝੂਠੋ ਮਾਇਆ ਕੋ ਮਦ ਮਾਨੁ ॥ ਧ੍ਰੋਹ ਮੋਹ ਦੂਰਿ ਕਰਿ ਬਪੁਰੇ ਸੰਗਿ ਗੋਪਾਲਹਿ ਜਾਨੁ ॥੧॥ ਰਹਾਉ ॥ ਮਿਥਿਆ ਰਾਜ ਜੋਬਨ ਅਰੁ ਉਮਰੇ ਮੀਰ ਮਲਕ ਅਰੁ ਖਾਨ ॥ ਮਿਥਿਆ ਕਾਪਰ ਸੁਗੰਧ ਚਤੁਰਾਈ ਮਿਥਿਆ ਭੋਜਨ ਪਾਨ ॥੧॥ ਦੀਨ ਬੰਧਰੋ ਦਾਸ ਦਾਸਰੋ ਸੰਤਹ ਕੀ ਸਾਰਾਨ ॥ ਮਾਂਗਨਿ ਮਾਂਗਉ ਹੋਇ ਅਚਿੰਤਾ ਮਿਲੁ ਨਾਨਕ ਕੇ ਹਰਿ ਪ੍ਰਾਨ ॥੨॥੩੫॥੫੮॥ ਸਾਰਗ ਮਹਲਾ ੫ ॥ ਅਪੁਨੀ ਇਤਨੀ ਕਛੂ ਨ ਸਾਰੀ ॥ ਅਨਿਕ ਕਾਜ ਅਨਿਕ ਧਾਵਰਤਾ ਉਰਝਿਓ ਆਨ ਜੰਜਾਰੀ ॥੧॥ ਰਹਾਉ ॥

ਸਭ ਦੇਖੀਐ ਅਨਭੈ ਕਾ ਦਾਤਾ ॥ ਘਟਿ ਘਟਿ ਪੂਰਨ ਹੈ ਅਲਿਪਾਤਾ ॥ ਘਟਿ ਘਟਿ ਪੂਰਨੁ ਕਰਿ ਬਿਸਥੀਰਨੁ ਜਲ ਤਰੰਗ ਜਿਉ ਰਚਨੁ ਕੀਆ ॥ ਹਭਿ ਰਸ ਮਾਣੇ ਭੋਗ ਘਟਾਣੇ ਆਨ ਨ ਬੀਆ ਕੋ ਥੀਆ ॥ ਹਰਿ ਰੰਗੀ ਇਕ ਰੰਗੀ ਠਾਕੁਰੁ ਸੰਤਸੰਗਿ ਪ੍ਰਭੁ ਜਾਤਾ ॥ ਨਾਨਕ ਦਰਸਿ ਲੀਨਾ ਜਿਉ ਜਲ ਮੀਨਾ ਸਭ ਦੇਖੀਐ ਅਨਭੈ ਕਾ ਦਾਤਾ ॥੧॥ ਕਉਨ ਉਪਮਾ ਦੇਉ ਕਵਨ ਬਡਾਈ ॥ ਪੂਰਨ ਪੂਰਿ ਰਹਿਓ ਸ੍ਰਬ ਠਾਈ ॥ ਪੂਰਨ ਮਨਮੋਹਨ ਘਟ ਘਟ ਸੋਹਨ

See the Giver of fearlessness in all. The Detached Lord is totally permeating each and every heart. Like waves in the water, He created the creation. He enjoys all tastes, and takes pleasure in all hearts. There is no other like Him at all. The color of the Lord’s Love is the one color of our Lord and Master; in the Saadh Sangat, the Company of the Holy, God is realized. O Nanak, I am drenched with the Blessed Vision of the Lord, like the fish in the water. I see the Giver of fearlessness in all. ||1|| What praises should I give, and what approval should I offer to Him? The Perfect Lord is totally pervading and permeating all places. The Perfect Enticing Lord adorns each and every heart.

ਜਬ ਖਿੰਚੈ ਤਬ ਛਾਈ ॥ ਕਿਉ ਨ ਅਰਾਧਹੁ ਮਿਲਿ ਕਰਿ ਸਾਧਹੁ ਘਰੀ ਮੁਹਤਕ ਬੇਲਾ ਆਈ ॥ ਅਰਥੁ ਦਰਬੁ ਸਭੁ ਜੋ ਕਿਛੁ ਦੀਸੈ ਸੰਗਿ ਨ ਕਛਹੂ ਜਾਈ ॥ ਕਹੁ ਨਾਨਕ ਹਰਿ ਹਰਿ ਆਰਾਧਹੁ ਕਵਨ ਉਪਮਾ ਦੇਉ ਕਵਨ ਬਡਾਈ ॥੨॥ ਪੂਛਉ ਸੰਤ ਮੇਰੋ ਠਾਕੁਰੁ ਕੈਸਾ ॥ ਹੀਉ ਅਰਾਪਉਂ ਦੇਹੁ ਸਦੇਸਾ ॥ ਦੇਹੁ ਸਦੇਸਾ ਪ੍ਰਭ ਜੀਉ ਕੈਸਾ ਕਹ ਮੋਹਨ ਪਰਵੇਸਾ ॥ ਅੰਗ ਅੰਗ ਸੁਖਦਾਈ ਪੂਰਨ ਬ੍ਰਹਮਾਈ ਥਾਨ ਥਾਨੰਤਰ ਦੇਸਾ ॥ ਬੰਧਨ ਤੇ ਮੁਕਤਾ ਘਟਿ ਘਟਿ ਜੁਗਤਾ ਕਹਿ ਨ ਸਕਉ ਹਰਿ ਜੈਸਾ ॥ ਦੇਖਿ ਚਰਿਤ ਨਾਨਕ ਮਨੁ ਮੋਹਿਓ ਪੂਛੈ ਦੀਨੁ ਮੇਰੋ ਠਾਕੁਰੁ ਕੈਸਾ ॥੩॥ ਕਰਿ ਕਿਰਪਾ ਅਪੁਨੇ ਪਹਿ ਆਇਆ ॥ ਧੰਨਿ ਸੁ ਰਿਦਾ ਜਿਹ ਚਰਨ ਬਸਾਇਆ ॥ ਚਰਨ ਬਸਾਇਆ ਸੰਤ ਸੰਗਾਇਆ ਅਗਿਆਨ ਅੰਧੇਰੁ ਗਵਾਇਆ ॥ ਭਇਆ ਪ੍ਰਗਾਸੁ ਰਿਦੈ ਉਲਾਸੁ ਪ੍ਰਭੁ ਲੋੜੀਦਾ ਪਾਇਆ ॥ ਦੁਖੁ ਨਾਠਾ ਸੁਖੁ ਘਰ ਮਹਿ ਵੂਠਾ ਮਹਾ ਅਨੰਦ ਸਹਜਾਇਆ ॥ ਕਹੁ ਨਾਨਕ ਮੈ ਪੂਰਾ ਪਾਇਆ ਕਰਿ ਕਿਰਪਾ ਅਪੁਨੇ ਪਹਿ ਆਇਆ ॥੪॥੧॥

When He withdraws, the mortal turns to dust. Why do you not worship and adore Him? Join together with the Holy Saints; any instant, your time shall come. All your property and wealth, and all that you see — none of it will go along with you. Says Nanak, worship and adore the Lord, Har, Har. What praise, and what approval, can I offer to Him? ||2|| I ask the Saints, what is my Lord and Master like? I offer my heart, to one who brings me news of Him. Give me news of my Dear God; where does the Enticer live? He is the Giver of peace to life and limb; God is totally permeating all places, interspaces and countries. He is liberated from bondage, joined to each and every heart. I cannot say what the Lord is like. Gazing upon His wondrous play, O Nanak, my mind is fascinated. I humbly ask, what is my Lord and Master like? ||3|| In His Kindness, He has come to His humble servant. Blessed is that heart, in which the Lord's Feet are enshrined. His Feet are enshrined within, in the Society of the Saints; the darkness of ignorance is dispelled. The heart is enlightened and illumined and enraptured; God has been found. Pain is gone, and peace has come to my house. The ultimate intuitive peace prevails. Says Nanak, I have found the Perfect Lord; in His Kindness, He has come to His humble servant. ||4||1||

ਸਾਰੰਗ ਕੀ ਵਾਰ ਮਹਲਾ ੪ ਰਾਇ ਮਹਮੇ ਹਸਨੇ ਕੀ ਧੁਨਿ

ੴ ਸਤਿਗੁਰ ਪ੍ਰਸਾਦਿ ॥

## ONE UNIVERSAL CREATOR GOD. BY THE GRACE OF THE TRUE GURU:

### VAAR OF SAARANG, FOURTH MEHL, TO BE SUNG TO THE TUNE OF MEHMA-HANSA:

ਸਲੋਕ ਮਹਲਾ ੨ ॥ ਗੁਰੁ ਕੁੰਜੀ ਪਾਹੂ ਨਿਵਲੁ ਮਨੁ ਕੋਠਾ ਤਨੁ ਛਤਿ ॥ ਨਾਨਕ ਗੁਰ ਬਿਨੁ ਮਨ ਕਾ ਤਾਕੁ ਨ ਉਘੜੈ ਅਵਰ ਨ ਕੁੰਜੀ ਹਥਿ ॥੧॥ ਮਹਲਾ ੧ ॥ ਨ ਭੀਜੈ ਰਾਗੀ ਨਾਦੀ ਬੇਦਿ ॥ ਨ ਭੀਜੈ ਸੁਰਤੀ ਗਿਆਨੀ ਜੋਗਿ ॥ ਨ ਭੀਜੈ ਸੋਗੀ ਕੀਤੈ ਰੋਜਿ ॥ ਨ ਭੀਜੈ ਰੂਪੀ ਮਾਲੀ ਰੰਗਿ ॥ ਨ ਭੀਜੈ ਤੀਰਥਿ ਭਵਿਐ ਨੰਗਿ ॥ ਨ ਭੀਜੈ ਦਾਤੀ ਕੀਤੈ ਪੁੰਨਿ ॥ ਨ ਭੀਜੈ ਬਾਹਰਿ ਬੈਠਿਆ ਸੁੰਨਿ ॥ ਨ ਭੀਜੈ ਭੇੜਿ ਮਰਹਿ ਭਿੜਿ ਸੂਰ ॥ ਨ ਭੀਜੈ ਕੇਤੇ ਹੋਵਹਿ ਧੂੜ ॥ ਲੇਖਾ ਲਿਖੀਐ ਮਨ ਕੈ ਭਾਇ ॥ ਨਾਨਕ ਭੀਜੈ ਸਾਚੈ ਨਾਇ ॥੨॥ ਮਹਲਾ ੧ ॥ ਨਵ ਛਿਅ ਖਟ ਕਾ ਕਰੇ ਬੀਚਾਰੁ ॥ ਨਿਸਿ ਦਿਨ ਉਚਰੈ ਭਾਰ ਅਠਾਰ ॥ ਤਿਨਿ ਭੀ ਅੰਤੁ ਨ ਪਾਇਆ ਤੋਹਿ ॥ ਨਾਮ ਬਿਹੂਣ ਮੁਕਤਿ ਕਿਉ ਹੋਇ ॥ ਨਾਭਿ ਵਸਤ ਬ੍ਰਹਮੈ ਅੰਤੁ ਨ ਜਾਣਿਆ ॥ ਗੁਰਮੁਖਿ ਨਾਨਕ ਨਾਮੁ ਪਛਾਣਿਆ ॥੩॥ ਪਉੜੀ ॥ ਆਪੇ ਆਪਿ ਨਿਰੰਜਨਾ ਜਿਨਿ ਆਪੁ ਉਪਾਇਆ ॥ ਆਪੇ ਖੇਲੁ ਰਚਾਇਓਨੁ ਸਭੁ ਜਗਤੁ ਸਬਾਇਆ ॥ ਤ੍ਰੈ ਗੁਣ ਆਪਿ ਸਿਰਜਿਅਨੁ ਮਾਇਆ ਮੋਹੁ ਵਧਾਇਆ ॥ ਗੁਰ ਪਰਸਾਦੀ ਉਬਰੇ ਜਿਨ ਭਾਣਾ ਭਾਇਆ ॥ ਨਾਨਕ ਸਚੁ ਵਰਤਦਾ ਸਭ ਸਚਿ ਸਮਾਇਆ ॥੧॥

SHALOK, SECOND MEHL: The key of the Guru opens the lock of attachment, in the house of the mind, under the roof of the body. O Nanak, without the Guru, the door of the mind cannot be opened. No one else holds the key in hand. ||1|| FIRST MEHL: He is not won over by music, songs or the Vedas. He is not won over by intuitive wisdom, meditation or Yoga. He is not won over by feeling sad and depressed forever. He is not won over by beauty, wealth and pleasures. He is not won over by wandering naked at sacred shrines. He is not won over by giving donations in charity. He is not won over by living alone in the wilderness. He is not won over by fighting and dying as a warrior in battle. He is not won over by becoming the dust of the masses. The account is written of the loves of the mind. O Nanak, the Lord is won over only by His Name. ||2|| FIRST MEHL: You may study the nine grammars, the six Shaastras and the six divions of the Vedas. You may recite the Mahaabhaarata. Even these cannot find the limits of the Lord. Without the Naam, the Name of the Lord, how can anyone be liberated? Brahma, in the lotus of the navel, does not know the limits of God. The Gurmukh, O Nanak, realizes the Naam. ||3|| PAUREE: The Immaculate Lord Himself, by Himself, created Himself. He Himself created the whole drama of all the world's play. He Himself formed the three gunas, the three qualities; He increased the attachment to Maya. By Guru's Grace, they are saved — those who love the Will of God. O Nanak, the True Lord is pervading everywhere; all are contained within the True Lord. ||1||

ਸਲੋਕ ਮਹਲਾ ੨ ॥ ਆਪਿ ਉਪਾਏ ਨਾਨਕਾ ਆਪੇ ਰਖੈ ਵੇਕ ॥ ਮੰਦਾ ਕਿਸ ਨੋ ਆਖੀਐ ਜਾਂ ਸਭਨਾ ਸਾਹਿਬੁ ਏਕੁ ॥ ਸਭਨਾ ਸਾਹਿਬੁ ਏਕੁ ਹੈ ਵੇਖੈ ਧੰਧੈ ਲਾਇ ॥ ਕਿਸੈ ਥੋੜਾ ਕਿਸੈ ਅਗਲਾ ਖਾਲੀ ਕੋਈ ਨਾਹਿ ॥ ਆਵਹਿ ਨੰਗੇ ਜਾਹਿ ਨੰਗੇ ਵਿਚੇ ਕਰਹਿ ਵਿਥਾਰ ॥ ਨਾਨਕ ਹੁਕਮੁ ਨ ਜਾਣੀਐ ਅਗੈ ਕਾਈ ਕਾਰ ॥੧॥ ਮਹਲਾ ੧ ॥ ਜਿਨਸਿ ਥਾਪਿ ਜੀਆਂ ਕਉ ਭੇਜੈ ਜਿਨਸਿ ਥਾਪਿ ਲੈ ਜਾਵੈ ॥ ਆਪੇ ਥਾਪਿ ਉਥਾਪੈ ਆਪੇ ਏਤੇ ਵੇਸ ਕਰਾਵੈ ॥ ਜੇਤੇ ਜੀਅ ਫਿਰਹਿ ਅਉਧੂਤੀ ਆਪੇ ਭਿਖਿਆ ਪਾਵੈ ॥ ਲੇਖੈ ਬੋਲਣੁ ਲੇਖੈ ਚਲਣੁ ਕਾਇਤੁ ਕੀਚਹਿ ਦਾਵੇ ॥ ਮੂਲੁ ਮਤਿ ਪਰਵਾਣਾ ਏਹੋ ਨਾਨਕੁ ਆਖਿ ਸੁਣਾਏ ॥ ਕਰਣੀ ਉਪਰਿ ਹੋਇ ਤਪਾਵਸੁ ਜੇ ਕੋ ਕਹੈ ਕਹਾਏ ॥੨॥ ਪਉੜੀ ॥ ਗੁਰਮੁਖਿ ਚਲਤੁ ਰਚਾਇਓਨੁ ਗੁਣ ਪਰਗਟੀ ਆਇਆ ॥ ਗੁਰਬਾਣੀ ਸਦ ਉਚਰੈ ਹਰਿ ਮੰਨਿ ਵਸਾਇਆ ॥ ਸਕਤਿ ਗਈ ਭ੍ਰਮੁ ਕਟਿਆ ਸਿਵ ਜੋਤਿ ਜਗਾਇਆ ॥ ਜਿਨ ਕੈ ਪੋਤੈ ਪੁੰਨੁ ਹੈ ਗੁਰੁ ਪੁਰਖੁ ਮਿਲਾਇਆ ॥ ਨਾਨਕ ਸਹਜੇ ਮਿਲਿ ਰਹੇ ਹਰਿ ਨਾਮਿ ਸਮਾਇਆ ॥੨॥ ਸਲੋਕ ਮਹਲਾ ੨ ॥ ਸਾਹ ਚਲੇ ਵਣਜਾਰਿਆ ਲਿਖਿਆ ਦੇਵੈ ਨਾਲਿ ॥ ਲਿਖੇ ਉਪਰਿ ਹੁਕਮੁ ਹੋਇ ਲਈਐ ਵਸਤੁ ਸਮ੍ਾਲਿ ॥ ਵਸਤੁ ਲਈ ਵਣਜਾਰਈ ਵਖਰੁ ਬਧਾ ਪਾਇ ॥ ਕੇਈ ਲਾਹਾ ਲੈ ਚਲੇ ਇਕਿ ਚਲੇ ਮੂਲੁ ਗਵਾਇ ॥ ਥੋੜਾ ਕਿਨੈ ਨ ਮੰਗਿਓ ਕਿਸੁ ਕਹੀਐ ਸਾਬਾਸਿ ॥ ਨਦਰਿ ਤਿਨਾ ਕਉ ਨਾਨਕਾ ਜਿ ਸਾਬਤੁ ਲਾਏ ਰਾਸਿ ॥੧॥ ਮਹਲਾ ੧ ॥ ਜੁੜਿ ਜੁੜਿ ਵਿਛੁੜੇ ਵਿਛੁੜਿ ਜੁੜੇ ॥ ਜੀਵਿ ਜੀਵਿ ਮੁਏ ਮੁਏ ਜੀਵੇ ॥ ਕੇਤਿਆ ਕੇ ਬਾਪ ਕੇਤਿਆ ਕੇ ਬੇਟੇ ਕੇਤੇ ਗੁਰ ਚੇਲੇ ਹੂਏ ॥ ਆਗੈ ਪਾਛੈ ਗਣਤ ਨ ਆਵੈ ਕਿਆ ਜਾਤੀ ਕਿਆ ਹੁਣਿ ਹੂਏ ॥ ਸਭੁ ਕਰਣਾ ਕਿਰਤੁ ਕਰਿ ਲਿਖੀਐ ਕਰਿ ਕਰਿ ਕਰਤਾ ਕਰੇ ਕਰੇ ॥ ਮਨਮੁਖਿ ਮਰੀਐ ਗੁਰਮੁਖਿ ਤਰੀਐ ਨਾਨਕ ਨਦਰੀ ਨਦਰਿ ਕਰੇ ॥੨॥ ਪਉੜੀ ॥ ਮਨਮੁਖਿ ਦੂਜਾ ਭਰਮੁ ਹੈ ਦੂਜੈ ਲੋਭਾਇਆ ॥ ਕੂੜੁ ਕਪਟੁ ਕਮਾਵਦੇ ਕੂੜੋ ਆਲਾਇਆ ॥ ਪੁਤ੍ਰ ਕਲਤ੍ਰ ਮੋਹੁ ਹੇਤੁ ਹੈ ਸਭੁ ਦੁਖੁ ਸਬਾਇਆ ॥ ਜਮ ਦਰਿ ਬਧੇ ਮਾਰੀਅਹਿ ਭਰਮਹਿ ਭਰਮਾਇਆ ॥ ਮਨਮੁਖਿ ਜਨਮੁ ਗਵਾਇਆ ਨਾਨਕ ਹਰਿ ਭਾਇਆ ॥੩॥ ਸਲੋਕ ਮਹਲਾ ੨ ॥ ਜਿਨ ਵਡਿਆਈ ਤੇਰੇ ਨਾਮ ਕੀ ਤੇ ਰਤੇ ਮਨ ਮਾਹਿ ॥ ਨਾਨਕ ਅੰਮ੍ਰਿਤੁ ਏਕੁ ਹੈ ਦੂਜਾ ਅੰਮ੍ਰਿਤੁ ਨਾਹਿ ॥ ਨਾਨਕ ਅੰਮ੍ਰਿਤੁ ਮਨੈ ਮਾਹਿ ਪਾਈਐ ਗੁਰ ਪਰਸਾਦਿ ॥ ਤਿਨ੍ੀ ਪੀਤਾ ਰੰਗ ਸਿਉ ਜਿਨ੍ ਕਉ ਲਿਖਿਆ ਆਦਿ ॥੧॥

SHALOK, SECOND MEHL: He Himself creates, O Nanak; He establishes the various creatures. How can anyone be called bad? We have only One Lord and Master. There is One Lord and Master of all; He watches over all, and assigns all to their tasks. Some have less, and some have more; no one is allowed to leave empty. Naked we come, and naked we go; in between, we put on a show. O Nanak, one who does not understand the Hukam of God's Command — what will he have to do in the world hereafter? ||1|| FIRST MEHL: He sends out the various created beings, and he calls back the various created beings again. He himself establishes, and He Himself disestablishes. He fashions them in various forms. And all the human beings who wander around as beggars, He Himself gives in charity to them. As it is recorded, the mortals speak, and as it is recorded, they walk. So why put on all this show? This is the basis of intelligence; this is certified and approved. Nanak speaks and proclaims it. By past actions, each being is judged; what else can anyone say? ||2|| PAUREE: The Guru's Word makes the drama play itself out. Through virtue, this becomes evident. Whoever utters the Word of the Guru's Bani — the Lord is enshrined in his mind. Maya's power is gone, and doubt is eradicated; awaken to the Light of the Lord. Those who hold onto goodness as their treasure meet the Guru, the Primal Being. O Nanak, they are intuitively absorbed and blended into the Name of the Lord. ||2|| SHALOK, SECOND MEHL: The merchants come from the Banker; He sends the account of their destiny with them. On the basis of their accounts, He issues the Hukam of His Command, and they are left to take care of their merchandise. The merchants have purchased their merchandise and packed up their cargo. Some depart after having earned a good profit, while others leave, having lost their investment altogether. No one asks to have less; who should be celebrated? The Lord casts His Glance of Grace, O Nanak, upon those who have preserved their capital investment. ||1|| SHALOK, FIRST MEHL: United, the united separate, and separated, they unite again. Living, the living die, and dying, they live again. They become the fathers of many, and the sons of many; they become the gurus of many, and the disciples. No account can be made of the future or the past; who knows what shall be, or what was? All the actions and events of the past are recorded; the Doer did, He does, and He will do. The self-willed manmukh dies, while the Gurmukh is saved; O Nanak, the Gracious Lord bestows His Glance of Grace. ||2|| PAUREE: The self-willed manmukh wanders in duality, lured and enticed by duality. He practices falsehood and deception, telling lies. Love and attachment to children and spouse is total misery and pain. He is gagged and bound at the door of the Messenger of Death; he dies, and wanders lost in reincarnation. The self-willed manmukh wastes his life; Nanak loves the Lord. ||3|| SHALOK, SECOND MEHL: Those who are blessed with the glorious greatness of Your Name — their minds are imbued with Your Love. O Nanak, there is only One Ambrosial Nectar; there is no other nectar at all. O Nanak, the Ambrosial Nectar is obtained within the mind, by Guru's Grace. They alone drink it in with love, who have such pre-ordained destiny. ||1||

ਮਹਲਾ ੨ ॥ ਕੀਤਾ ਕਿਆ ਸਾਲਾਹੀਐ ਕਰੇ ਸੋਇ ਸਾਲਾਹਿ ॥ ਨਾਨਕ ਏਕੀ ਬਾਹਰਾ ਦੂਜਾ ਦਾਤਾ ਨਾਹਿ ॥ ਕਰਤਾ ਸੋ ਸਾਲਾਹੀਐ ਜਿਨਿ ਕੀਤਾ ਆਕਾਰੁ ॥ ਦਾਤਾ ਸੋ ਸਾਲਾਹੀਐ ਜਿ ਸਭਸੈ ਦੇ ਆਧਾਰੁ ॥ ਨਾਨਕ ਆਪਿ ਸਦੀਵ ਹੈ ਪੂਰਾ ਜਿਸੁ ਭੰਡਾਰੁ ॥ ਵਡਾ ਕਰਿ ਸਾਲਾਹੀਐ ਅੰਤੁ ਨ ਪਾਰਾਵਾਰੁ ॥੨॥ ਪਉੜੀ ॥ ਹਰਿ ਕਾ ਨਾਮੁ ਨਿਧਾਨੁ ਹੈ ਸੇਵਿਐ ਸੁਖੁ ਪਾਈ ॥ ਨਾਮੁ ਨਿਰੰਜਨੁ ਉਚਰਾਂ ਪਤਿ ਸਿਉ ਘਰਿ ਜਾਂਈ ॥ ਗੁਰਮੁਖਿ ਬਾਣੀ ਨਾਮੁ ਹੈ ਨਾਮੁ ਰਿਦੈ ਵਸਾਈ ॥ ਮਤਿ ਪੰਖੇਰੂ ਵਸਿ ਹੋਇ ਸਤਿਗੁਰੂ ਧਿਆਈ॥ ਨਾਨਕ ਆਪਿ ਦਇਆਲੁ ਹੋਇ ਨਾਮੇ ਲਿਵ ਲਾਈ ॥੪॥ ਸਲੋਕ ਮਹਲਾ ੨ ॥ ਤਿਸੁ ਸਿਉ ਕੈਸਾ ਬੋਲਣਾ ਜਿ ਆਪੇ ਜਾਣੈ ਜਾਣੁ ॥ ਚੀਰੀ ਜਾ ਕੀ ਨਾ ਫਿਰੈ ਸਾਹਿਬੁ ਸੋ ਪਰਵਾਣੁ ॥ ਚੀਰੀ ਜਿਸ ਕੀ ਚਲਣਾ ਮੀਰ ਮਲਕ ਸਲਾਰ ॥ ਜੋ ਤਿਸੁ ਭਾਵੈ ਨਾਨਕਾ ਸਾਈ ਭਲੀ ਕਾਰ ॥ ਜਿਨ੍ਹਾ ਚੀਰੀ ਚਲਣਾ ਹਥਿ ਤਿਨ੍ਹਾ ਕਿਛੁ ਨਾਹਿ ॥ ਸਾਹਿਬ ਕਾ ਫੁਰਮਾਣੁ ਹੋਇ ਉਠੀ ਕਰਲੈ ਪਾਹਿ ॥ ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥ ਮਹਲਾ ੨ ॥ ਸਿਫਤਿ ਜਿਨਾ ਕਉ ਬਖਸੀਐ ਸੇਈ ਪੋਤੇਦਾਰ ॥ ਕੁੰਜੀ ਜਿਨ ਕਉ ਦਿਤੀਆ ਤਿਨ੍ਹਾ ਮਿਲੇ ਭੰਡਾਰ ॥ ਜਹ ਭੰਡਾਰੀ ਹੂ ਗੁਣ ਨਿਕਲਹਿ ਤੇ ਕੀਅਹਿ ਪਰਵਾਣੁ ॥ ਨਦਰਿ ਤਿਨ੍ਹਾ ਕਉ ਨਾਨਕਾ ਨਾਮੁ ਜਿਨ੍ਹਾ ਨੀਸਾਣੁ ॥੨॥ ਪਉੜੀ ॥ ਨਾਮੁ ਨਿਰੰਜਨੁ ਨਿਰਮਲਾ ਸੁਣਿਐ ਸੁਖੁ ਹੋਈ ॥ ਸੁਣਿ ਸੁਣਿ ਮੰਨਿ ਵਸਾਈਐ ਬੂਝੈ ਜਨੁ ਕੋਈ ॥ ਬਹਦਿਆ ਉਠਦਿਆ ਨ ਵਿਸਰੈ ਸਾਚਾ ਸਚੁ ਸੋਈ ॥ ਭਗਤਾ ਕਉ ਨਾਮ ਅਧਾਰੁ ਹੈ ਨਾਮੇ ਸੁਖੁ ਹੋਈ ॥ ਨਾਨਕ ਮਨਿ ਤਨਿ ਰਵਿ ਰਹਿਆ ਗੁਰਮੁਖਿ ਹਰਿ ਸੋਈ ॥੫॥ ਸਲੋਕ ਮਹਲਾ ੧ ॥ ਨਾਨਕ ਤੁਲੀਅਹਿ ਤੋਲ ਜੇ ਜੀਉ ਪਿਛੈ ਪਾਈਐ ॥ ਇਕਸੁ ਨ ਪੁਜਹਿ ਬੋਲ ਜੇ ਪੂਰੇ ਪੂਰਾ ਕਰਿ ਮਿਲੈ ॥ ਵਡਾ ਆਖਣੁ ਭਾਰਾ ਤੋਲੁ ॥ ਹੋਰ ਹਉਲੀ ਮਤੀ ਹਉਲੇ ਬੋਲ ॥ ਧਰਤੀ ਪਾਣੀ ਪਰਬਤ ਭਾਰੁ ॥ ਕਿਉ ਕੰਡੈ ਤੋਲੈ ਸੁਨਿਆਰੁ ॥ ਤੋਲਾ ਮਾਸਾ ਰਤਕ ਪਾਇ ॥ ਨਾਨਕ ਪੁਛਿਆ ਦੇਇ ਪੁਜਾਇ ॥ ਮੂਰਖ ਅੰਧਿਆ ਅੰਧੀ ਧਾਤੁ ॥ ਕਹਿ ਕਹਿ ਕਹਣੁ ਕਹਾਇਨਿ ਆਪੁ ॥੧॥ ਮਹਲਾ ੧ ॥ ਆਖਣਿ ਅਉਖਾ ਸੁਨਣਿ ਅਉਖਾ ਆਖਿ ਨ ਜਾਪੀ ਆਖਿ ॥ ਇਕਿ ਆਖਿ ਆਖਹਿ ਸਬਦੁ ਭਾਖਹਿ ਅਰਧ ਉਰਧ ਦਿਨੁ ਰਾਤਿ ॥ ਜੇ ਕਿਹੁ ਹੋਇ ਤ ਕਿਹੁ ਦਿਸੈ ਜਾਪੈ ਰੂਪੁ ਨ ਜਾਤਿ ॥ ਸਭਿ ਕਾਰਣ ਕਰਤਾ ਕਰੇ ਘਟ ਅਉਘਟ ਘਟ ਥਾਪਿ ॥

SECOND MEHL: Why praise the created being? Praise the One who created all. O Nanak, there is no other Giver, except the One Lord. Praise the Creator Lord, who created the creation. Praise the Great Giver, who gives sustenence to all. O Nanak, the treasure of the Eternal Lord is over-flowing. Praise and honor the One, who has no end or limitation. ||2|| PAUREE: The Name of the Lord is a treasure. Serving it, peace is obtained. I chant the Name of the Immaculate Lord, so that I may go home with honor. The Word of the Gurmukh is the Naam; I enshrine the Naam within my heart. The bird of the intellect comes under one's control, by meditating on the True Guru. O Nanak, if the Lord becomes merciful, the mortal lovingly tunes in to the Naam. ||4|| SHALOK, SECOND MEHL: How can we speak of Him? Only He knows Himself. His decree cannot be challenged; He is our Supreme Lord and Master. By His Decree, even kings, nobles and commanders must step down. Whatever is pleasing to His Will, O Nanak, is a good deed. By His Decree, we walk; nothing rests in our hands. When the Order comes from our Lord and Master, all must rise up and take to the road. As His Decree is issued, so is His Command obeyed. Those who are sent, come, O Nanak; when they are called back, they depart and go. ||1|| SECOND MEHL: Those whom the Lord blesses with His Praises, are the true keepers of the treasure. Those who are blessed with the key — they alone receive the treasure. That treasure, from which virtue wells up — that treasure is approved. Those who are blessed by His Glance of Grace, O Nanak, bear the Insignia of the Naam. ||2|| PAUREE: The Naam, the Name of the Lord, is immaculate and pure; hearing it, peace is obtained. Listening and hearing, It is enshrined in the mind; how rare is that humble being who realizes it. Sitting down and standing up, I shall never forget Him, the Truest of the true. His devotees have the Support of His Name; in His Name, they find peace. O Nanak, He permeates and pervades mind and body; He is the Lord, the Guru's Word. ||5|| SHALOK, FIRST MEHL: O Nanak, the weight is weighed out, when the soul is placed on the scale. Nothing is equal to speaking of the One, who perfectly unites us with the Perfect Lord. To call Him glorious and great carries such a heavy weight. Other intellectualisms are lightweight; other words are lightweight as well. The weight of the earth, water and mountains — how can the goldsmith weigh it on the scale? What weights can balance the scale? O Nanak, when questioned, the answer is given. The blind fool is running around, leading the blind. The more they say, the more they expose themselves. ||1|| FIRST MEHL: It is difficult to chant it; it is difficult to listen to it. It cannot be chanted with the mouth. Some speak with their mouths and chant the Word of the Shabad — the low and the high, day and night. If He were something, then He would be visible. His form and state cannot be seen. The Creator Lord does all deeds; He is established in the hearts of the high and the low.

ਆਖਣਿ ਅਉਖਾ ਨਾਨਕਾ ਆਖਿ ਨ ਜਾਪੈ ਆਖਿ ॥੨॥ ਪਉੜੀ ॥ ਨਾਇ ਸੁਣਿਐ ਮਨੁ ਰਹਸੀਐ ਨਾਮੇ ਸਾਂਤਿ ਆਈ ॥ ਨਾਇ ਸੁਣਿਐ ਮਨੁ ਤ੍ਰਿਪਤੀਐ ਸਭ ਦੁਖ ਗਵਾਈ ॥ ਨਾਇ ਸੁਣਿਐ ਨਾਉ ਊਪਜੈ ਨਾਮੇ ਵਡਿਆਈ ॥ ਨਾਮੇ ਹੀ ਸਭ ਜਾਤਿ ਪਤਿ ਨਾਮੇ ਗਤਿ ਪਾਈ ॥ ਗੁਰਮੁਖਿ ਨਾਮੁ ਧਿਆਈਐ ਨਾਨਕ ਲਿਵ ਲਾਈ ॥੬॥ ਸਲੋਕ ਮਹਲਾ ੧ ॥ ਜੂਠਿ ਨ ਰਾਗੀ ਜੂਠਿ ਨ ਵੇਦੀ ॥ ਜੂਠਿ ਨ ਚੰਦ ਸੂਰਜ ਕੀ ਭੇਦੀ ॥ ਜੂਠਿ ਨ ਅੰਨੀ ਜੂਠਿ ਨ ਨਾਈ ॥ ਜੂਠਿ ਨ ਮੀਹੁ ਵਰ੍ਹਿਐ ਸਭ ਥਾਈ ॥ ਜੂਠਿ ਨ ਧਰਤੀ ਜੂਠਿ ਨ ਪਾਣੀ ॥ ਜੂਠਿ ਨ ਪਉਣੈ ਮਾਹਿ ਸਮਾਣੀ ॥ ਨਾਨਕ ਨਿਗੁਰਿਆ ਗੁਣੁ ਨਾਹੀ ਕੋਇ ॥ ਮੁਹਿ ਫੇਰਿਐ ਮੁਹੁ ਜੂਠਾ ਹੋਇ ॥੧॥ ਮਹਲਾ ੧ ॥ ਨਾਨਕ ਚੁਲੀਆ ਸੁਚੀਆ ਜੇ ਭਰਿ ਜਾਣੈ ਕੋਇ ॥ ਸੁਰਤੇ ਚੁਲੀ ਗਿਆਨ ਕੀ ਜੋਗੀ ਕਾ ਜਤੁ ਹੋਇ ॥ ਬ੍ਰਹਮਣ ਚੁਲੀ ਸੰਤੋਖ ਕੀ ਗਿਰਹੀ ਕਾ ਸਤੁ ਦਾਨੁ ॥ ਰਾਜੇ ਚੁਲੀ ਨਿਆਵ ਕੀ ਪੜਿਆ ਸਚੁ ਧਿਆਨੁ ॥ ਪਾਣੀ ਚਿਤੁ ਨ ਧੋਪਈ ਮੁਖਿ ਪੀਤੈ ਤਿਖ ਜਾਇ ॥ ਪਾਣੀ ਪਿਤਾ ਜਗਤ ਕਾ ਫਿਰਿ ਪਾਣੀ ਸਭੁ ਖਾਇ ॥੨॥ ਪਉੜੀ ॥ ਨਾਇ ਸੁਣਿਐ ਸਭ ਸਿਧਿ ਹੈ ਰਿਧਿ ਪਿਛੈ ਆਵੈ ॥ ਨਾਇ ਸੁਣਿਐ ਨਉ ਨਿਧਿ ਮਿਲੈ ਮਨ ਚਿੰਦਿਆ ਪਾਵੈ ॥ ਨਾਇ ਸੁਣਿਐ ਸੰਤੋਖੁ ਹੋਇ ਕਵਲਾ ਚਰਨ ਧਿਆਵੈ ॥ ਨਾਇ ਸੁਣਿਐ ਸਹਜੁ ਊਪਜੈ ਸਹਜੇ ਸੁਖੁ ਪਾਵੈ ॥ ਗੁਰਮਤੀ ਨਾਉ ਪਾਈਐ ਨਾਨਕ ਗੁਣ ਗਾਵੈ ॥੭॥ ਸਲੋਕ ਮਹਲਾ ੧ ॥ ਦੁਖ ਵਿਚਿ ਜੰਮਣੁ ਦੁਖਿ ਮਰਣੁ ਦੁਖਿ ਵਰਤਣੁ ਸੰਸਾਰਿ ॥ ਦੁਖੁ ਦੁਖੁ ਅਗੈ ਆਖੀਐ ਪੜ੍ਹਿ ਪੜ੍ਹਿ ਕਰਹਿ ਪੁਕਾਰ ॥ ਦੁਖ ਕੀਆ ਪੰਡਾ ਖੁਲ੍ਹੀਆ ਸੁਖੁ ਨ ਨਿਕਲਿਓ ਕੋਇ ॥ ਦੁਖ ਵਿਚਿ ਜੀਉ ਜਲਾਇਆ ਦੁਖੀਆ ਚਲਿਆ ਰੋਇ ॥ ਨਾਨਕ ਸਿਫਤੀ ਰਤਿਆ ਮਨੁ ਤਨੁ ਹਰਿਆ ਹੋਇ ॥ ਦੁਖ ਕੀਆ ਅਗੀ ਮਾਰੀਅਹਿ ਭੀ ਦੁਖੁ ਦਾਰੂ ਹੋਇ ॥੧॥ ਮਹਲਾ ੧ ॥ ਨਾਨਕ ਦੁਨੀਆ ਭਸੁ ਰੰਗੁ ਭਸੂ ਹੂ ਭਸੁ ਖੇਹ ॥ ਭਸੋ ਭਸੁ ਕਮਾਵਣੀ ਭੀ ਭਸੁ ਭਰੀਐ ਦੇਹ ॥ ਜਾ ਜੀਉ ਵਿਚਹੁ ਕਢੀਐ ਭਸੂ ਭਰਿਆ ਜਾਇ ॥ ਅਗੈ ਲੇਖੈ ਮੰਗਿਐ ਹੋਰ ਦਸੂਣੀ ਪਾਇ ॥੨॥ ਪਉੜੀ ॥ ਨਾਇ ਸੁਣਿਐ ਸੁਚਿ ਸੰਜਮੋ ਜਮੁ ਨੇੜਿ ਨ ਆਵੈ ॥ ਨਾਇ ਸੁਣਿਐ ਘਟਿ ਚਾਨਣਾ ਆਨ੍ਹੇਰੁ ਗਵਾਵੈ ॥ ਨਾਇ ਸੁਣਿਐ ਆਪੁ ਬੁਝੀਐ ਲਾਹਾ ਨਾਉ ਪਾਵੈ ॥ ਨਾਇ ਸੁਣਿਐ ਪਾਪ ਕਟੀਅਹਿ ਨਿਰਮਲ ਸਚੁ ਪਾਵੈ ॥ ਨਾਨਕ ਨਾਇ ਸੁਣਿਐ ਮੁਖ ਉਜਲੇ ਨਾਉ ਗੁਰਮੁਖਿ ਧਿਆਵੈ ॥੮॥ ਸਲੋਕ ਮਹਲਾ ੧ ॥ ਘਰਿ ਨਾਰਾਇਣੁ ਸਭਾ ਨਾਲਿ ॥

It is so difficult to chant it, O Nanak; it cannot be chanted with the mouth. ||2|| PAUREE: Hearing the Name, the mind is delighted. The Name brings peace and tranquility. Hearing the Name, the mind is satisfied, and all pains are taken away. Hearing the Name, one becomes famous; the Name brings glorious greatness. The Name brings all honor and status; through the Name, salvation is obtained. The Gurmukh meditates on the Name; Nanak is lovingly attuned to the Name. ||6|| SHALOK, FIRST MEHL: Impurity does not come from music; impurity does not come from the Vedas. Impurity does not come from the phases of the sun and the moon. Impurity does not come from food; impurity does not come from ritual cleansing baths. Impurity does not come from the rain, which falls everywhere. Impurity does not come from the earth; impurity does not come from the water. Impurity does not come from the air which is diffused everywhere. O Nanak, the one who has no Guru, has no redeeming virtues at all. Impurity comes from turning one's face away from God. ||1|| FIRST MEHL: O Nanak, the mouth is truly cleansed by ritual cleansing, if you really know how to do it. For the intuitively aware, cleansing is spiritual wisdom. For the Yogi, it is self-control. For the Brahmin, cleansing is contentment; for the householder, it is truth and charity. For the king, cleansing is justice; for the scholar, it is true meditation. The consciousness is not washed with water; you drink it to quench your thirst. Water is the father of the world; in the end, water destroys it all. ||2|| PAUREE: Hearing the Name, all supernatural spiritual powers are obtained, and wealth follows along. Hearing the Name, the nine treasures are received, and the mind's desires are obtained. Hearing the Name, contentment comes, and Maya meditates at one's feet. Hearing the Name, intuitive peace and poise wells up. Through the Guru's Teachings, the Name is obtained; O Nanak, sing His Glorious Praises. ||7|| SHALOK, FIRST MEHL: In pain, we are born; in pain, we die. In pain, we deal with the world. Hereafter, there is said to be pain, only pain; the more the mortals read, the more they cry out. The packages of pain are untied, but peace does not emerge. In pain, the soul burns; in pain, it departs weeping and wailing. O Nanak, imbued with the Lord's Praise, the mind and body blossom forth, rejuvenated. In the fire of pain, the mortals die; but pain is also the cure. ||1|| FIRST MEHL: O Nanak, worldly pleasures are nothing more than dust. They are the dust of the dust of ashes. The mortal earns only the dust of the dust; his body is covered with dust. When the soul is taken out of the body, it too is covered with dust. And when one's account is called for in the world hereafter, he receives only ten times more dust. ||2|| PAUREE: Hearing the Name, one is blessed with purity and self-control, and the Messenger of Death will not draw near. Hearing the Name, the heart is illumined, and darkness is dispelled. Hearing the Name, one comes to understand his own self, and the profit of the Name is obtained. Hearing the Name, sins are eradicated, and one meets the Immaculate True Lord. O Nanak, hearing the Name, one's face becomes radiant. As Gurmukh, meditate on the Name. ||8|| SHALOK, FIRST MEHL: In your home, is the Lord God, along with all your other gods.

ਪੂਜ ਕਰੇ ਰਖੈ ਨਾਵਾਲਿ ॥ ਕੁੰਗੂ ਚੰਨਣੁ ਫੁਲ ਚੜਾਏ ॥ ਪੈਰੀ ਪੈ ਪੈ ਬਹੁਤੁ ਮਨਾਏ ॥ ਮਾਣੂਆ ਮੰਗਿ ਮੰਗਿ ਪੈਨ੍ਹੈ ਖਾਇ ॥ ਅੰਧੀ ਕੰਮੀ ਅੰਧ ਸਜਾਇ ॥ ਭੁਖਿਆ ਦੇਇ ਨ ਮਰਦਿਆ ਰਖੈ ॥ ਅੰਧਾ ਝਗੜਾ ਅੰਧੀ ਸਥੈ ॥੧॥ ਮਹਲਾ ੧ ॥ ਸਭੇ ਸੁਰਤੀ ਜੋਗ ਸਭਿ ਸਭੇ ਬੇਦ ਪੁਰਾਣ ॥ ਸਭੇ ਕਰਣੇ ਤਪ ਸਭਿ ਸਭੇ ਗੀਤ ਗਿਆਨ ॥ ਸਭੇ ਬੁਧੀ ਸੁਧਿ ਸਭਿ ਸਭਿ ਤੀਰਥ ਸਭਿ ਥਾਨ ॥ ਸਭਿ ਪਾਤਿਸਾਹੀਆ ਅਮਰ ਸਭਿ ਸਭਿ ਖੁਸੀਆ ਸਭਿ ਖਾਨ ॥ ਸਭੇ ਮਾਣਸ ਦੇਵ ਸਭਿ ਸਭੇ ਜੋਗ ਧਿਆਨ ॥ ਸਭੇ ਪੁਰੀਆ ਖੰਡ ਸਭਿ ਸਭੇ ਜੀਅ ਜਹਾਨ ॥ ਹੁਕਮਿ ਚਲਾਏ ਆਪਣੈ ਕਰਮੀ ਵਹੈ ਕਲਾਮ ॥ ਨਾਨਕ ਸਚਾ ਸਚਿ ਨਾਇ ਸਚੁ ਸਭਾ ਦੀਬਾਨੁ ॥੨॥ ਪਉੜੀ ॥ ਨਾਇ ਮੰਨਿਐ ਸੁਖੁ ਊਪਜੈ ਨਾਮੇ ਗਤਿ ਹੋਈ ॥ ਨਾਇ ਮੰਨਿਐ ਪਤਿ ਪਾਈਐ ਹਿਰਦੈ ਹਰਿ ਸੋਈ ॥ ਨਾਇ ਮੰਨਿਐ ਭਵਜਲੁ ਲੰਘੀਐ ਫਿਰਿ ਬਿਘਨੁ ਨ ਹੋਈ ॥ ਨਾਇ ਮੰਨਿਐ ਪੰਥੁ ਪਰਗਟਾ ਨਾਮੇ ਸਭ ਲੋਈ ॥ ਨਾਨਕ ਸਤਿਗੁਰਿ ਮਿਲਿਐ ਨਾਉ ਮੰਨੀਐ ਜਿਨ ਦੇਵੈ ਸੋਈ ॥੯॥ ਸਲੋਕ ਮਃ ੧ ॥ ਪੁਰੀਆ ਖੰਡਾ ਸਿਰਿ ਕਰੇ ਇਕ ਪੈਰਿ ਧਿਆਏ ॥ ਪਉਣੁ ਮਾਰਿ ਮਨਿ ਜਪੁ ਕਰੇ ਸਿਰੁ ਮੁੰਡੀ ਤਲੈ ਦੇਇ ॥ ਕਿਸੁ ਉਪਰਿ ਓਹੁ ਟਿਕ ਟਿਕੈ ਕਿਸ ਨੋ ਜੋਰੁ ਕਰੇਇ ॥ ਕਿਸ ਨੋ ਕਹੀਐ ਨਾਨਕਾ ਕਿਸ ਨੋ ਕਰਤਾ ਦੇਇ ॥ ਹੁਕਮਿ ਰਹਾਏ ਆਪਣੈ ਮੂਰਖੁ ਆਪੁ ਗਣੇਇ ॥੧॥ ਮਃ ੧ ॥ ਹੈ ਹੈ ਆਖਾਂ ਕੋਟਿ ਕੋਟਿ ਕੋਟੀ ਹੂ ਕੋਟਿ ਕੋਟਿ ॥ ਆਖੂੰ ਆਖਾਂ ਸਦਾ ਸਦਾ ਕਹਣਿ ਨ ਆਵੈ ਤੋਟਿ ॥ ਨਾ ਹਉ ਥਕਾਂ ਨ ਠਾਕੀਆ ਏਵਡ ਰਖਹਿ ਜੋਤਿ ॥ ਨਾਨਕ ਚਸਿਅਹੁ ਚੁਖ ਬਿੰਦ ਉਪਰਿ ਆਖਣੁ ਦੋਸੁ ॥੨॥ ਪਉੜੀ ॥ ਨਾਇ ਮੰਨਿਐ ਕੁਲੁ ਉਧਰੈ ਸਭੁ ਕੁਟੰਬੁ ਸਬਾਇਆ ॥ ਨਾਇ ਮੰਨਿਐ ਸੰਗਤਿ ਉਧਰੈ ਜਿਨ ਰਿਦੈ ਵਸਾਇਆ ॥ ਨਾਇ ਮੰਨਿਐ ਸੁਣਿ ਉਧਰੇ ਜਿਨ ਰਸਨ ਰਸਾਇਆ ॥ ਨਾਇ ਮੰਨਿਐ ਦੁਖ ਭੁਖ ਗਈ ਜਿਨ ਨਾਮਿ ਚਿਤੁ ਲਾਇਆ ॥ ਨਾਨਕ ਨਾਮੁ ਤਿਨੀ ਸਾਲਾਹਿਆ ਜਿਨ ਗੁਰੂ ਮਿਲਾਇਆ ॥੧੦॥ ਸਲੋਕ ਮਃ ੧ ॥ ਸਭੇ ਰਾਤੀ ਸਭਿ ਦਿਹ ਸਭਿ ਥਿਤੀ ਸਭਿ ਵਾਰ ॥ ਸਭੇ ਰੁਤੀ ਮਾਹ ਸਭਿ ਸਭਿ ਧਰਤੀਂ ਸਭਿ ਭਾਰ ॥ ਸਭੇ ਪਾਣੀ ਪਉਣ ਸਭਿ ਸਭਿ ਅਗਨੀ ਪਾਤਾਲ ॥ ਸਭੇ ਪੁਰੀਆ ਖੰਡ ਸਭਿ ਸਭਿ ਲੋਅ ਲੋਅ ਆਕਾਰ ॥ ਹੁਕਮੁ ਨ ਜਾਪੀ ਕੇਤੜਾ ਕਹਿ ਨ ਸਕੀਜੈ ਕਾਰ ॥ ਆਖਹਿ ਥਕਹਿ ਆਖਿ ਆਖਿ ਕਰਿ ਸਿਫਤੀਂ ਵੀਚਾਰ ॥ ਤ੍ਰਿਣੁ ਨ ਪਾਇਓ ਬਪੁੜੀ ਨਾਨਕੁ ਕਹੈ ਗਵਾਰ ॥੧॥ ਮਃ ੧ ॥ ਅਖੀ ਪਰਣੈ ਜੇ ਫਿਰਾਂ ਦੇਖਾਂ ਸਭੁ ਆਕਾਰੁ ॥

You wash your stone gods and worship them. You offer saffron, sandalwood and flowers. Falling at their feet, you try so hard to appease them. Begging, begging from other people, you get things to wear and eat. For your blind deeds, you will be blindly punished. Your idol does not feed the hungry, or save the dying. The blind assembly argues in blindness. ||1|| FIRST MEHL: All intuitive understanding, all Yoga, all the Vedas and Puraanas. All actions, all penances, all songs and spiritual wisdom. All intellect, all enlightenment, all sacred shrines of pilgrimage. All kingdoms, all royal commands, all joys and all delicacies. All mankind, all divinites, all Yoga and meditation. All worlds, all celestial realms; all the beings of the universe. According to His Hukam, He commands them. His Pen writes out the account of their actions. O Nanak, True is the Lord, and True is His Name. True is His Congregation and His Court. ||2|| PAUREE: With faith in the Name, peace wells up; the Name brings emancipation. With faith in the Name, honor is obtained. The Lord is enshrined in the heart. With faith in the Name, one crosses over the terrifying world-ocean, and no obstructions are ever again encountered. With faith in the Name, the Path is revealed; through the Name, one is totally enlightened. O Nanak, meeting with the True Guru, one comes to have faith in the Name; he alone has faith, who is blessed with it. ||9|| SHALOK, FIRST MEHL: The mortal walks on his head through the worlds and realms; he meditates, balaced on one foot. Controlling the wind of the breath, he meditates within his mind, tucking his chin down into his chest. What does he lean on? Where does he get his power? What can be said, O Nanak? Who is blessed by the Creator? God keeps all under His Command, but the fool shows off himself. ||1|| FIRST MEHL: He is, He is — I say it millions upon millions, millions upon millions of times. With my mouth I say it, forever and ever; there is no end to this speech. I do not get tired, and I will not be stopped; this is how great my determination is. O Nanak, this is tiny and insignificant. To say that it is more, is wrong. ||2|| PAUREE: With faith in the Name, all one's ancestors and family are saved. With faith in the Name, one's associates are saved; enshrine it within your heart. With faith in the Name, those who hear it are saved; let your tongue delight in it. With faith in the Name, pain and hunger are dispelled; let your consciousness be attached to the Name. O Nanak, they alone Praise the Name, who meet with the Guru. ||10|| SHALOK, FIRST MEHL: All nights, all days, all dates, all days of the week; All seasons, all months, all the earth and everything on it. All waters, all winds, all fires and underworlds. All solar systems and galaxies, all worlds, people and forms. No one knows how great the Hukam of His Command is; no one can describe His actions. Mortals may utter, chant, recite and contemplate His Praises until they grow weary. The poor fools, O Nanak, cannot find even a tiny bit of the Lord. ||1|| FIRST MEHL: If I were to walk around with my eyes wide open, gazing at all the created forms.

ਪੁਛਾ ਗਿਆਨੀ ਪੰਡਿਤਾਂ ਪੁਛਾ ਬੇਦ ਬੀਚਾਰ ॥ ਪੁਛਾ ਦੇਵਾਂ ਮਾਣਸਾਂ ਜੋਧ ਕਰਹਿ ਅਵਤਾਰ ॥ ਸਿਧ ਸਮਾਧੀ ਸਭਿ ਸੁਣੀ ਜਾਇ ਦੇਖਾਂ ਦਰਬਾਰੁ ॥ ਅਗੈ ਸਚਾ ਸਚਿ ਨਾਇ ਨਿਰਭਉ ਭੈ ਵਿਣੁ ਸਾਰੁ ॥ ਹੋਰ ਕਚੀ ਮਤੀ ਕਚੁ ਪਿਚੁ ਅੰਧਿਆ ਅੰਧੁ ਬੀਚਾਰੁ ॥ ਨਾਨਕ ਕਰਮੀ ਬੰਦਗੀ ਨਦਰਿ ਲੰਘਾਏ ਪਾਰਿ ॥੨॥ ਪਉੜੀ ॥ ਨਾਇ ਮੰਨਿਐ ਦੁਰਮਤਿ ਗਈ ਮਤਿ ਪਰਗਟੀ ਆਇਆ ॥ ਨਾਉ ਮੰਨਿਐ ਹਉਮੈ ਗਈ ਸਭਿ ਰੋਗ ਗਵਾਇਆ ॥ ਨਾਇ ਮੰਨਿਐ ਨਾਮੁ ਊਪਜੈ ਸਹਜੇ ਸੁਖੁ ਪਾਇਆ ॥ ਨਾਇ ਮੰਨਿਐ ਸਾਂਤਿ ਊਪਜੈ ਹਰਿ ਮੰਨਿ ਵਸਾਇਆ ॥ ਨਾਨਕ ਨਾਮੁ ਰਤੰਨੁ ਹੈ ਗੁਰਮੁਖਿ ਹਰਿ ਧਿਆਇਆ ॥੧੧॥ ਸਲੋਕ ਮਃ ੧ ॥ ਹੋਰੁ ਸਰੀਕੁ ਹੋਵੈ ਕੋਈ ਤੇਰਾ ਤਿਸੁ ਅਗੈ ਤੁਧੁ ਆਖਾਂ ॥ ਤੁਧੁ ਅਗੈ ਤੁਧੈ ਸਾਲਾਹੀ ਮੈ ਅੰਧੇ ਨਾਉ ਸੁਜਾਖਾ ॥ ਜੇਤਾ ਆਖਣੁ ਸਾਹੀ ਸਬਦੀ ਭਾਖਿਆ ਭਾਇ ਸੁਭਾਈ ॥ ਨਾਨਕ ਬਹੁਤਾ ਏਹੋ ਆਖਣੁ ਸਭ ਤੇਰੀ ਵਡਿਆਈ ॥੧॥ ਮਃ ੧ ॥ ਜਾਂ ਨ ਸਿਆ ਕਿਆ ਚਾਕਰੀ ਜਾਂ ਜੰਮੇ ਕਿਆ ਕਾਰ ॥ ਸਭਿ ਕਾਰਣ ਕਰਤਾ ਕਰੇ ਦੇਖੈ ਵਾਰੋ ਵਾਰ ॥ ਜੇ ਚੁਪੈ ਜੇ ਮੰਗਿਐ ਦਾਤਿ ਕਰੇ ਦਾਤਾਰੁ ॥ ਇਕੁ ਦਾਤਾ ਸਭਿ ਮੰਗਤੇ ਫਿਰਿ ਦੇਖਹਿ ਆਕਾਰੁ ॥ ਨਾਨਕ ਏਵੈ ਜਾਣੀਐ ਜੀਵੈ ਦੇਵਣਹਾਰੁ ॥੨॥ ਪਉੜੀ ॥ ਨਾਇ ਮੰਨਿਐ ਸੁਰਤਿ ਊਪਜੈ ਨਾਮੇ ਮਤਿ ਹੋਈ ॥ ਨਾਇ ਮੰਨਿਐ ਗੁਣ ਉਚਰੈ ਨਾਮੇ ਸੁਖਿ ਸੋਈ ॥ ਨਾਇ ਮੰਨਿਐ ਭ੍ਰਮੁ ਕਟੀਐ ਫਿਰਿ ਦੁਖੁ ਨ ਹੋਈ ॥ ਨਾਇ ਮੰਨਿਐ ਸਾਲਾਹੀਐ ਪਾਪਾਂ ਮਤਿ ਧੋਈ ॥ ਨਾਨਕ ਪੂਰੇ ਗੁਰ ਤੇ ਨਾਉ ਮੰਨੀਐ ਜਿਨ ਦੇਵੈ ਸੋਈ ॥੧੨॥ ਸਲੋਕ ਮਃ ੧ ॥ ਸਾਸਤ੍ਰ ਬੇਦ ਪੁਰਾਣ ਪੜ੍ਹੰਤਾ ॥ ਪੂਕਾਰੰਤਾ ਅਜਾਣੰਤਾ ॥ ਜਾਂ ਬੂਝੈ ਤਾਂ ਸੂਝੈ ਸੋਈ ॥ ਨਾਨਕੁ ਆਖੈ ਕੂਕ ਨ ਹੋਈ ॥੧॥ ਮਃ ੧ ॥ ਜਾਂ ਹਉ ਤੇਰਾ ਤਾਂ ਸਭੁ ਕਿਛੁ ਮੇਰਾ ਹਉ ਨਾਹੀ ਤੂ ਹੋਵਹਿ ॥ ਆਪੇ ਸਕਤਾ ਆਪੇ ਸੁਰਤਾ ਸਕਤੀ ਜਗਤੁ ਪਰੋਵਹਿ ॥ ਆਪੇ ਭੇਜੇ ਆਪੇ ਸਦੇ ਰਚਨਾ ਰਚਿ ਰਚਿ ਵੇਖੈ ॥ ਨਾਨਕ ਸਚਾ ਸਚੀ ਨਾਂਈ ਸਚੁ ਪਵੈ ਧੁਰਿ ਲੇਖੈ ॥੨॥ ਪਉੜੀ ॥ ਨਾਮੁ ਨਿਰੰਜਨ ਅਲਖੁ ਹੈ ਕਿਉ ਲਖਿਆ ਜਾਈ ॥ ਨਾਮੁ ਨਿਰੰਜਨ ਨਾਲਿ ਹੈ ਕਿਉ ਪਾਈਐ ਭਾਈ ॥ ਨਾਮੁ ਨਿਰੰਜਨ ਵਰਤਦਾ ਰਵਿਆ ਸਭ ਠਾਂਈ ॥ ਗੁਰ ਪੂਰੇ ਤੇ ਪਾਈਐ ਹਿਰਦੈ ਦੇਇ ਦਿਖਾਈ ॥ ਨਾਨਕ ਨਦਰੀ ਕਰਮੁ ਹੋਇ ਗੁਰ ਮਿਲੀਐ ਭਾਈ ॥੧੩॥ ਸਲੋਕ ਮਃ ੧ ॥ ਕਲਿ ਹੋਈ ਕੁਤੇ ਮੁਹੀ ਖਾਜੁ ਹੋਆ ਮੁਰਦਾਰੁ ॥ ਕੂੜੁ ਬੋਲਿ ਬੋਲਿ ਭਉਕਣਾ ਚੂਕਾ ਧਰਮੁ ਬੀਚਾਰੁ ॥ ਜਿਨ ਜੀਵੰਦਿਆ ਪਤਿ ਨਹੀ ਮੁਇਆ ਮੰਦੀ ਸੋਇ ॥

I could ask the spiritual teachers and religious scholars, and those who contemplate the Vedas; I could ask the gods, mortal men, warriors and divine incarnations; I could consult all the Siddhas in Samaadhi, and go to see the Lord's Court. Hereafter, Truth is the Name of all; the Fearless Lord has no fear at all. False are other intellectualisms, false and shallow; blind are the contemplations of the blind. O Nanak, by the karma of good actions, the mortal comes to meditate on the Lord; by His Grace, we are carried across. ||2|| PAUREE: With faith in the Name, evil-mindedness is eradicated, and the intellect is enlightened. With faith in the Name, egotism is eradicated, and all sickness is cured. Believing in the Name, The Name wells up, and intuitive peace and poise are obtained. Believing in the Name, tranquility and peace well up, and the Lord is enshrined in the mind. O Nanak, the Name is a jewel; the Gurmukh meditates on the Lord. ||11|| SHALOK, FIRST MEHL: If there were any other equal to You, O Lord, I would speak to them of You. You, I praise You; I am blind, but through the Name, I am all-seeing. Whatever is spoken, is the Word of the Shabad. Chanting it with love, we are embellished. Nanak, this is the greatest thing to say: all glorious greatness is Yours. ||1|| FIRST MEHL: When there was nothing, what happened? What happens when one is born? The Creator, the Doer, does all; He watches over all, again and again. Whether we keep silent or beg out loud, the Great Giver blesses us with His gifts. The One Lord is the Giver; we are all beggars. I have seen this throughout the Universe. Nanak knows this: the Great Giver lives forever. ||2|| PAUREE: With faith in the Name, intuitive awareness wells up; through the Name, intelligence comes. With faith in the Name, chant the Glories of God; through the Name, peace is obtained. With faith in the Name, doubt is eradicated, and the mortal never suffers again. With faith in the Name, sing His Praises, and your sinful intellect shall be washed clean. O Nanak, through the Perfect Guru, one comes to have faith in the Name; they alone receive it, unto whom He gives it. ||12|| SHALOK, FIRST MEHL: Some read the Shaastras, the Vedas and the Puraanas. They recite them, out of ignorance. If they really understood them, they would realize the Lord. Nanak says, there is no need to shout so loud. ||1|| FIRST MEHL: When I am Yours, then everything is mine. When I am not, You are. You Yourself are All-powerful, and You Yourself are the Intuitive Knower. The whole world is strung on the Power of Your Shakti. You Yourself send out the mortal beings, and You Yourself call them back home. Having created the creation, You behold it. O Nanak, True is the Name of the True Lord; through Truth, one is accepted by the Primal Lord God. ||2|| PAUREE: The Name of the Immaculate Lord is unknowable. How can it be known? The Name of the Immaculate Lord is with the mortal being. How can it be obtained, O Siblings of Destiny? The Name of the Immaculate Lord is all-pervading and permeating everywhere. Through the Perfect Guru, it is obtained. It is revealed within the heart. O Nanak, when the Merciful Lord grants His Grace, the mortal meets with the Guru, O Siblings of Desitny. ||13|| SHALOK, FIRST MEHL: In this Dark Age of Kali Yuga, people have faces like dogs; they eat rotting carcasses for food. They bark and speak, telling only lies; all thought of righteousness has left them. Those who have no honor while alive, will have an evil reputation after they die.

ਲਿਖਿਆ ਹੋਵੈ ਨਾਨਕਾ ਕਰਤਾ ਕਰੇ ਸੁ ਹੋਇ ॥੧॥ ਮਃ ੧ ॥ ਰੰਨਾ ਹੋਈਆ ਬੋਧੀਆ ਪੁਰਸ ਹੋਏ ਸਈਆਦ ॥ ਸੀਲੁ ਸੰਜਮੁ ਸੁਚ ਭੰਨੀ ਖਾਣਾ ਖਾਜੁ ਅਹਾਜੁ ॥ ਸਰਮੁ ਗਇਆ ਘਰਿ ਆਪਣੈ ਪਤਿ ਉਠਿ ਚਲੀ ਨਾਲਿ ॥ ਨਾਨਕ ਸਚਾ ਏਕੁ ਹੈ ਅਉਰੁ ਨ ਸਚਾ ਭਾਲਿ ॥੨॥ ਪਉੜੀ ॥ ਬਾਹਰਿ ਭਸਮ ਲੇਪਨ ਕਰੇ ਅੰਤਰਿ ਗੁਬਾਰੀ ॥ ਖਿੰਥਾ ਝੋਲੀ ਬਹੁ ਭੇਖ ਕਰੇ ਦੁਰਮਤਿ ਅਹੰਕਾਰੀ ॥ ਸਾਹਿਬ ਸਬਦੁ ਨ ਊਚਰੈ ਮਾਇਆ ਮੋਹ ਪਸਾਰੀ ॥ ਅੰਤਰਿ ਲਾਲਚੁ ਭਰਮੁ ਹੈ ਭਰਮੈ ਗਾਵਾਰੀ ॥ ਨਾਨਕ ਨਾਮੁ ਨ ਚੇਤਈ ਜੂਐ ਬਾਜੀ ਹਾਰੀ ॥੧੪॥ ਸਲੋਕ ਮਃ ੧ ॥ ਲਖ ਸਿਉ ਪ੍ਰੀਤਿ ਹੋਵੈ ਲਖ ਜੀਵਣੁ ਕਿਆ ਖੁਸੀਆ ਕਿਆ ਚਾਉ ॥ ਵਿਛੁੜਿਆ ਵਿਸੁ ਹੋਇ ਵਿਛੋੜਾ ਏਕ ਘੜੀ ਮਹਿ ਜਾਇ ॥ ਜੇ ਸਉ ਵਰ੍ਹਿਆ ਮਿਠਾ ਖਾਜੈ ਭੀ ਫਿਰਿ ਕਉੜਾ ਖਾਇ ॥ ਮਿਠਾ ਖਾਧਾ ਚਿਤਿ ਨ ਆਵੈ ਕਉੜਤਣੁ ਧਾਇ ਜਾਇ ॥ ਮਿਠਾ ਕਉੜਾ ਦੋਵੈ ਰੋਗ ॥ ਨਾਨਕ ਅੰਤਿ ਵਿਗੁਤੇ ਭੋਗ ॥ ਝਖਿ ਝਖਿ ਝਖਣਾ ਝਗੜਾ ਝਾਖ ॥ ਝਖਿ ਝਖਿ ਜਾਹਿ ਝਖਹਿ ਤਿਨ੍ ਪਾਸਿ ॥੧॥ ਮਃ ੧ ॥ ਕਾਪੜੁ ਕਾਠੁ ਰੰਗਾਇਆ ਰਾਂਗਿ ॥ ਘਰ ਗਚ ਕੀਤੇ ਬਾਗੇ ਬਾਗ ॥ ਸਾਦ ਸਹਜ ਕਰਿ ਮਨੁ ਖੇਲਾਇਆ ॥ ਤੈ ਸਹ ਪਾਸਹੁ ਕਹਣੁ ਕਹਾਇਆ ॥ ਮਿਠਾ ਕਰਿ ਕੈ ਕਉੜਾ ਖਾਇਆ ॥ ਤਿਨਿ ਕਉੜੈ ਤਨਿ ਰੋਗੁ ਜਮਾਇਆ ॥ ਜੇ ਫਿਰਿ ਮਿਠਾ ਪੇੜੈ ਪਾਇ ॥ ਤਉ ਕਉੜਤਣੁ ਚੂਕਸਿ ਮਾਇ ॥ ਨਾਨਕ ਗੁਰਮੁਖਿ ਪਾਵੈ ਸੋਇ ॥ ਜਿਸ ਨੋ ਪ੍ਰਾਪਤਿ ਲਿਖਿਆ ਹੋਇ ॥੨॥ ਪਉੜੀ ॥ ਜਿਨ ਕੈ ਹਿਰਦੈ ਮੈਲੁ ਕਪਟੁ ਹੈ ਬਾਹਰੁ ਧੋਵਾਇਆ ॥ ਕੂੜੁ ਕਪਟੁ ਕਮਾਵਦੇ ਕੂੜੁ ਪਰਗਟੀ ਆਇਆ ॥ ਅੰਦਰਿ ਹੋਇ ਸੁ ਨਿਕਲੈ ਨਹ ਛਪੈ ਛਪਾਇਆ ॥ ਕੂੜੈ ਲਾਲਚਿ ਲਗਿਆ ਫਿਰਿ ਜੂਨੀ ਪਾਇਆ ॥ ਨਾਨਕ ਜੋ ਬੀਜੈ ਸੋ ਖਾਵਣਾ ਕਰਤੈ ਲਿਖਿ ਪਾਇਆ ॥੧੫॥ ਸਲੋਕ ਮਃ ੨ ॥ ਕਥਾ ਕਹਾਣੀ ਬੇਦੀ ਆਣੀ ਪਾਪੁ ਪੁੰਨੁ ਬੀਚਾਰੁ ॥ ਦੇ ਦੇ ਲੈਣਾ ਲੈ ਲੈ ਦੇਣਾ ਨਰਕਿ ਸੁਰਗਿ ਅਵਤਾਰ ॥ ਉਤਮ ਮਧਿਮ ਜਾਤੀਂ ਜਿਨਸੀ ਭਰਮਿ ਭਵੈ ਸੰਸਾਰੁ ॥ ਅੰਮ੍ਰਿਤ ਬਾਣੀ ਤਤੁ ਵਖਾਣੀ ਗਿਆਨ ਧਿਆਨ ਵਿਚਿ ਆਈ ॥ ਗੁਰਮੁਖਿ ਆਖੀ ਗੁਰਮੁਖਿ ਜਾਤੀ ਸੁਰਤੀਂ ਕਰਮਿ ਧਿਆਈ ॥ ਹੁਕਮੁ ਸਾਜਿ ਹੁਕਮੈ ਵਿਚਿ ਰਖੈ ਹੁਕਮੈ ਅੰਦਰਿ ਵੇਖੈ ॥ ਨਾਨਕ ਅਗਹੁ ਹਉਮੈ ਤੁਟੈ ਤਾਂ ਕੋ ਲਿਖੀਐ ਲੇਖੈ ॥੧॥ ਮਃ ੧ ॥ ਬੇਦੁ ਪੁਕਾਰੇ ਪੁੰਨੁ ਪਾਪੁ ਸੁਰਗ ਨਰਕ ਕਾ ਬੀਉ ॥ ਜੋ ਬੀਜੈ ਸੋ ਉਗਵੈ ਖਾਂਦਾ ਜਾਣੈ ਜੀਉ ॥ ਗਿਆਨੁ ਸਲਾਹੇ ਵਡਾ ਕਰਿ ਸਚੋ ਸਚਾ ਨਾਉ ॥ ਸਚੁ ਬੀਜੈ ਸਚੁ ਉਗਵੈ

Whatever is predestined, happens, O Nanak; whatever the Creator does, comes to pass. ||1|| FIRST MEHL: Women have become advisors, and men have become hunters. Humility, self-control and purity have run away; people eat the uneatable, forbidden food. Modesty has left her home, and honor has gone away with her. O Nanak, there is only One True Lord; do not bother to search for any other as true. ||2|| PAUREE: You smear your outer body with ashes, but within, you are filled with darkness. You wear the patched coat and all the right clothes and robes, but you are still egotistical and proud. You do not chant the Shabad, the Word of Your Lord and Master; you are attached to the expanse of Maya. Within, you are filled with greed and doubt; you wander around like a fool. Says Nanak, you never even think of the Naam; you have lost the game of life in the gamble. ||14|| SHALOK, FIRST MEHL: You may be in love with tens of thousands, and live for thousands of years; but what good are these pleasures and occupations? And when you must separate from them, that separation is like poison, but they will be gone in an instant. You may eat sweets for a hundred years, but eventually, you will have to eat the bitter as well. Then, you will not remember eating the sweets; bitterness will permeate you. The sweet and the bitter are both diseases. O Nanak, eating them, you will come to ruin in the end. It is useless to worry and struggle to death. Entangled in worries and struggles, people exhaust themselves. ||1|| FIRST MEHL: They have fine clothes and furniture of various colors. Their houses are painted beautifully white. In pleasure and poise, they play their mind games. When they approach You, O Lord, they shall be spoken to. They think it is sweet, so they eat the bitter. The bitter disease grows in the body. If, later on, they receive the sweet, then their bitterness shall be gone, O mother. O Nanak, the Gurmukh is blessed to receive what he is predestined to receive. ||2|| PAUREE: Those whose hearts are filled with the filth of deception, may wash themselves on the outside. They practice falsehood and deception, and their falsehood is revealed. That which is within them, comes out; it cannot be concealed by concealment. Attached to falsehood and greed, the mortal is consigned to reincarnation over and over again. O Nanak, whatever the mortal plants, he must eat. The Creator Lord has written our destiny. ||15|| SHALOK, SECOND MEHL: The Vedas bring forth stories and legends, and thoughts of vice and virtue. What is given, they receive, and what is received, they give. They are reincarnated in heaven and hell. High and low, social class and status — the world wanders lost in superstition. The Ambrosial Word of Gurbani proclaims the essence of reality. Spiritual wisdom and meditation are contained within it. The Gurmukhs chant it, and the Gurmukhs realize it. Intuitively aware, they meditate on it. By the Hukam of His Command, He formed the Universe, and in His Hukam, He keeps it. By His Hukam, He keeps it under His Gaze. O Nanak, if the mortal shatters his ego before he departs, as it is pre-ordained, then he is approved. ||1|| FIRST MEHL: The Vedas proclaim that vice and virtue are the seeds of heaven and hell. Whatever is planted, shall grow. The soul eats the fruits of its actions, and understands. Whoever praises spiritual wisdom as great, becomes truthful in the True Name. When Truth is planted, Truth grows.

ਦਰਗਹ ਪਾਈਐ ਥਾਉ ॥ ਬੇਦੁ ਵਪਾਰੀ ਗਿਆਨੁ ਰਾਸਿ ਕਰਮੀ ਪਲੈ ਹੋਇ ॥ ਨਾਨਕ ਰਾਸੀ ਬਾਹਰਾ ਲਦਿ ਨ ਚਲਿਆ ਕੋਇ ॥੨॥ ਪਉੜੀ ॥ ਨਿੰਮੁ ਬਿਰਖੁ ਬਹੁ ਸੰਚੀਐ ਅੰਮ੍ਰਿਤ ਰਸੁ ਪਾਇਆ ॥ ਬਿਸੀਅਰੁ ਮੰਤ੍ਰਿ ਵਿਸਾਹੀਐ ਬਹੁ ਦੂਧੁ ਪੀਆਇਆ ॥ ਮਨਮੁਖੁ ਅਭਿੰਨੁ ਨ ਭਿਜਈ ਪਥਰੁ ਨਾਵਾਇਆ ॥ ਬਿਖੁ ਮਹਿ ਅੰਮ੍ਰਿਤੁ ਸਿੰਚੀਐ ਬਿਖੁ ਕਾ ਫਲੁ ਪਾਇਆ ॥ ਨਾਨਕ ਸੰਗਤਿ ਮੇਲਿ ਹਰਿ ਸਭ ਬਿਖੁ ਲਹਿ ਜਾਇਆ ॥੧੬॥ ਸਲੋਕ ਮਃ ੧ ॥ ਮਰਣਿ ਨ ਮੂਰਤੁ ਪੁਛਿਆ ਪੁਛੀ ਥਿਤਿ ਨ ਵਾਰੁ ॥ ਇਕਨ੍ਹ੍ਹੀ ਲਦਿਆ ਇਕਿ ਲਦਿ ਚਲੇ ਇਕਨ੍ਹ੍ਹੀ ਬਧੇ ਭਾਰ ॥ ਇਕਨ੍ਹ੍ਹਾ ਹੋਈ ਸਾਖਤੀ ਇਕਨ੍ਹ੍ਹਾ ਹੋਈ ਸਾਰ ॥ ਲਸਕਰ ਸਣੈ ਦਮਾਮਿਆ ਛੁਟੇ ਬੰਕ ਦੁਆਰ ॥ ਨਾਨਕ ਢੇਰੀ ਛਾਰੁ ਕੀ ਭੀ ਫਿਰਿ ਹੋਈ ਛਾਰ ॥੧॥ ਮਃ ੧ ॥ ਨਾਨਕ ਢੇਰੀ ਢਹਿ ਪਈ ਮਿਟੀ ਸੰਦਾ ਕੋਟੁ ॥ ਭੀਤਰਿ ਚੋਰੁ ਬਹਾਲਿਆ ਖੋਟੁ ਵੇ ਜੀਆ ਖੋਟੁ ॥੨॥ ਪਉੜੀ ॥ ਜਿਨ ਅੰਦਰਿ ਨਿੰਦਾ ਦੁਸਟੁ ਹੈ ਨਕ ਵਢੇ ਨਕ ਵਢਾਇਆ ॥ ਮਹਾ ਕਰੂਪ ਦੁਖੀਏ ਸਦਾ ਕਾਲੇ ਮੁਹ ਮਾਇਆ ॥ ਭਲਕੇ ਉਠਿ ਨਿਤ ਪਰ ਦਰਬੁ ਹਿਰਹਿ ਹਰਿ ਨਾਮੁ ਚੁਰਾਇਆ ॥ ਹਰਿ ਜੀਉ ਤਿਨ ਕੀ ਸੰਗਤਿ ਮਤ ਕਰਹੁ ਰਖਿ ਲੇਹੁ ਹਰਿ ਰਾਇਆ ॥ ਨਾਨਕ ਪਇਐ ਕਿਰਤਿ ਕਮਾਵਦੇ ਮਨਮੁਖਿ ਦੁਖੁ ਪਾਇਆ ॥੧੭॥ ਸਲੋਕ ਮਃ ੪ ॥ ਸਭੁ ਕੋਈ ਹੈ ਖਸਮ ਕਾ ਖਸਮਹੁ ਸਭੁ ਕੋ ਹੋਇ ॥ ਹੁਕਮੁ ਪਛਾਣੈ ਖਸਮ ਕਾ ਤਾ ਸਚੁ ਪਾਵੈ ਕੋਇ ॥ ਗੁਰਮੁਖਿ ਆਪੁ ਪਛਾਣੀਐ ਬੁਰਾ ਨ ਦੀਸੈ ਕੋਇ ॥ ਨਾਨਕ ਗੁਰਮੁਖਿ ਨਾਮੁ ਧਿਆਈਐ ਸਹਿਲਾ ਆਇਆ ਸੋਇ ॥੧॥ ਮਃ ੪ ॥ ਸਭਨਾ ਦਾਤਾ ਆਪਿ ਹੈ ਆਪੇ ਮੇਲਣਹਾਰੁ ॥ ਨਾਨਕ ਸਬਦਿ ਮਿਲੇ ਨ ਵਿਛੁੜਹਿ ਜਿਨਾ ਸੇਵਿਆ ਹਰਿ ਦਾਤਾਰੁ ॥੨॥ ਪਉੜੀ ॥ ਗੁਰਮੁਖਿ ਹਿਰਦੈ ਸਾਂਤਿ ਹੈ ਨਾਉ ਉਗਵਿ ਆਇਆ ॥ ਜਪ ਤਪ ਤੀਰਥ ਸੰਜਮ ਕਰੇ ਮੇਰੇ ਪ੍ਰਭ ਭਾਇਆ ॥ ਹਿਰਦਾ ਸੁਧੁ ਹਰਿ ਸੇਵਦੇ ਸੋਹਹਿ ਗੁਣ ਗਾਇਆ ॥ ਮੇਰੇ ਹਰਿ ਜੀਉ ਏਵੈ ਭਾਵਦਾ ਗੁਰਮੁਖਿ ਤਰਾਇਆ ॥ ਨਾਨਕ ਗੁਰਮੁਖਿ ਮੇਲਿਅਨੁ ਹਰਿ ਦਰਿ ਸੋਹਾਇਆ ॥੧੮॥ ਸਲੋਕ ਮਃ ੧ ॥ ਧਨਵੰਤਾ ਇਵ ਹੀ ਕਹੈ ਅਵਰੀ ਧਨ ਕਉ ਜਾਉ ॥ ਨਾਨਕੁ ਨਿਰਧਨੁ ਤਿਤੁ ਦਿਨਿ ਜਿਤੁ ਦਿਨਿ ਵਿਸਰੈ ਨਾਉ ॥੧॥ ਮਃ ੧ ॥ ਸੂਰਜੁ ਚੜੈ ਵਿਜੋਗਿ ਸਭਸੈ ਘਟੈ ਆਰਜਾ ॥ ਤਨੁ ਮਨੁ ਰਤਾ ਭੋਗਿ ਕੋਈ ਹਾਰੈ ਕੋ ਜਿਣੈ ॥ ਸਭੁ ਕੋ ਭਰਿਆ ਫੂਕਿ ਆਖਣਿ ਕਹਣਿ ਨ ਥੰਮ੍ਹ੍ਹੀਐ ॥ ਨਾਨਕ ਵੇਖੈ ਆਪਿ ਫੂਕ ਕਢਾਏ ਢਹਿ ਪਵੈ ॥੨॥ ਪਉੜੀ ॥ ਸਤਸੰਗਤਿ ਨਾਮੁ ਨਿਧਾਨੁ ਹੈ ਜਿਥਹੁ ਹਰਿ ਪਾਇਆ ॥

In the Court of the Lord, you shall find your place of honor. The Vedas are only merchants; spiritual wisdom is the capital; by His Grace, it is received. O Nanak, without capital, no one has ever departed with profit. ||2|| PAUREE: You can water a bitter neem tree with ambrosial nectar. You can feed a venomous snake lots of milk. The self-willed manmukh is resistant; he cannot be softened. You might as well water a stone. Irrigating a poisonous plant with ambrosial nectar, only poisonous fruit is obtained. O Lord, please unite Nanak with the Sangat, the Holy Congregation, so that he may be rid of all poison. ||16|| SHALOK, FIRST MEHL: Death does not ask the time; it does not ask the date or the day of the week. Some have packed up, and some who have packed up have gone. Some are severely punished, and some are taken care of. They must leave their armies and drums, and their beautiful mansions. O Nanak, the pile of dust is once again reduced to dust. ||1|| FIRST MEHL: O Nanak, the pile shall fall apart; the fortress of the body is made of dust. The thief has settled within you; O soul, your life is false. ||2|| PAUREE: Those who are filled with vicious slander, shall have their noses cut, and be shamed. They are totally ugly, and always in pain. Their faces are blackened by Maya. They rise early in the morning, to cheat and steal from others; they hide from the Lord's Name. O Dear Lord, let me not even associate with them; save me from them, O my Sovereign Lord King. O Nanak, the self-willed manmukhs act according to their past deeds, producing nothing but pain. ||17|| SHALOK, FOURTH MEHL: Everyone belongs to our Lord and Master. Everyone came from Him. Only by realizing the Hukam of His Command, is Truth obtained. The Gurmukh realizes his own self; no one appears evil to him. O Nanak, the Gurmukh meditates on the Naam, the Name of the Lord. Fruitful is his coming into the world. ||1|| FOURTH MEHL: He Himself is the Giver of all; He unites all with Himself. O Nanak, they are united with the Word of the Shabad; serving the Lord, the Great Giver, they shall never be separated from Him again. ||2|| PAUREE: Peace and tranquility fill the heart of the Gurmukh; the Name wells up within them. Chanting and meditation, penance and self-discipline, and bathing at sacred shrines of pilgrimage — the merits of these come by pleasing my God. So serve the Lord with a pure heart; singing His Glorious Praises, you shall be embellished and exalted. My Dear Lord is pleased by this; he carries the Gurmukh across. O Nanak, the Gurmukh is merged with the Lord; he is embellished in His Court. ||18|| SHALOK, FIRST MEHL: Thus speaks the wealthy man: I should go and get more wealth. Nanak becomes poor on that day when he forgets the Lord's Name. ||1|| FIRST MEHL: The sun rises and sets, and the lives of all run out. The mind and body experience pleasures; one loses, and another wins. Everyone is puffed up with pride; even after they are spoken to, they do not stop. O Nanak, the Lord Himself sees all; when He takes the air out of the balloon, the body falls. ||2|| PAUREE: The treasure of the Name is in the Sat Sangat, the True Congregation. There, the Lord is found.

ਗੁਰ ਪਰਸਾਦੀ ਘਟਿ ਚਾਨਣਾ ਆਨ੍ਹੇਰੁ ਗਵਾਇਆ ॥ ਲੋਹਾ ਪਾਰਸਿ ਭੇਟੀਐ ਕੰਚਨੁ ਹੋਇ ਆਇਆ ॥ ਨਾਨਕ ਸਤਿਗੁਰਿ ਮਿਲਿਐ ਨਾਉ ਪਾਈਐ ਮਿਲਿ ਨਾਮੁ ਧਿਆਇਆ ॥ ਜਿਨ੍ ਕੈ ਪੋਤੈ ਪੁੰਨੁ ਹੈ ਤਿਨ੍ਹੀ ਦਰਸਨੁ ਪਾਇਆ ॥੧੯॥ ਸਲੋਕ ਮਃ ੧ ॥ ਧ੍ਰਿਗੁ ਤਿਨਾ ਕਾ ਜੀਵਿਆ ਜਿ ਲਿਖਿ ਲਿਖਿ ਵੇਚਹਿ ਨਾਉ ॥ ਖੇਤੀ ਜਿਨ ਕੀ ਉਜੜੈ ਖਲਵਾੜੇ ਕਿਆ ਥਾਉ ॥ ਸਚੈ ਸਰਮੈ ਬਾਹਰੇ ਅਗੈ ਲਹਹਿ ਨ ਦਾਦਿ ॥ ਅਕਲਿ ਏਹ ਨ ਆਖੀਐ ਅਕਲਿ ਗਵਾਈਐ ਬਾਦਿ ॥ ਅਕਲੀ ਸਾਹਿਬੁ ਸੇਵੀਐ ਅਕਲੀ ਪਾਈਐ ਮਾਨੁ ॥ ਅਕਲੀ ਪੜ੍ਹਿ ਕੈ ਬੁਝੀਐ ਅਕਲੀ ਕੀਚੈ ਦਾਨੁ ॥ ਨਾਨਕੁ ਆਖੈ ਰਾਹੁ ਏਹੁ ਹੋਰਿ ਗਲਾਂ ਸੈਤਾਨੁ ॥੧॥ ਮਃ ੨ ॥ ਜੈਸਾ ਕਰੈ ਕਹਾਵੈ ਤੈਸਾ ਐਸੀ ਬਨੀ ਜਰੂਰਤਿ ॥ ਹੋਵਹਿ ਲਿੰਙ ਝਿੰਙ ਨਹ ਹੋਵਹਿ ਐਸੀ ਕਹੀਐ ਸੂਰਤਿ ॥ ਜੋ ਓਸੁ ਇਛੇ ਸੋ ਫਲੁ ਪਾਏ ਤਾਂ ਨਾਨਕ ਕਹੀਐ ਮੂਰਤਿ ॥੨॥ ਪਉੜੀ ॥ ਸਤਿਗੁਰੁ ਅੰਮ੍ਰਿਤ ਬਿਰਖੁ ਹੈ ਅੰਮ੍ਰਿਤ ਰਸਿ ਫਲਿਆ ॥ ਜਿਸੁ ਪਰਾਪਤਿ ਸੋ ਲਹੈ ਗੁਰ ਸਬਦੀ ਮਿਲਿਆ ॥ ਸਤਿਗੁਰ ਕੈ ਭਾਣੈ ਜੋ ਚਲੈ ਹਰਿ ਸੇਤੀ ਰਲਿਆ ॥ ਜਮਕਾਲੁ ਜੋਹਿ ਨ ਸਕਈ ਘਟਿ ਚਾਨਣੁ ਬਲਿਆ ॥ ਨਾਨਕ ਬਖਸਿ ਮਿਲਾਇਅਨੁ ਫਿਰਿ ਗਰਭਿ ਨ ਗਲਿਆ ॥੨੦॥ ਸਲੋਕ ਮਃ ੧ ॥ ਸਚੁ ਵਰਤੁ ਸੰਤੋਖੁ ਤੀਰਥੁ ਗਿਆਨੁ ਧਿਆਨੁ ਇਸਨਾਨੁ ॥ ਦਇਆ ਦੇਵਤਾ ਖਿਮਾ ਜਪਮਾਲੀ ਤੇ ਮਾਣਸ ਪਰਧਾਨ ॥ ਜੁਗਤਿ ਧੋਤੀ ਸੁਰਤਿ ਚਉਕਾ ਤਿਲਕੁ ਕਰਣੀ ਹੋਇ ॥ ਭਾਉ ਭੋਜਨੁ ਨਾਨਕਾ ਵਿਰਲਾ ਤ ਕੋਈ ਕੋਇ ॥੧॥ ਮਹਲਾ ੩ ॥ ਨਉਮੀ ਨੇਮੁ ਸਚੁ ਜੇ ਕਰੈ ॥ ਕਾਮ ਕ੍ਰੋਧੁ ਤ੍ਰਿਸਨਾ ਉਚਰੈ ॥ ਦਸਮੀ ਦਸੇ ਦੁਆਰ ਜੇ ਠਾਕੈ ਏਕਾਦਸੀ ਏਕੁ ਕਰਿ ਜਾਣੈ ॥ ਦੁਆਦਸੀ ਪੰਚ ਵਸਗਤਿ ਕਰਿ ਰਾਖੈ ਤਉ ਨਾਨਕ ਮਨੁ ਮਾਨੈ ॥ ਐਸਾ ਵਰਤੁ ਰਹੀਜੈ ਪਾਡੇ ਹੋਰ ਬਹੁਤੁ ਸਿਖ ਕਿਆ ਦੀਜੈ ॥੨॥ ਪਉੜੀ ॥ ਭੂਪਤਿ ਰਾਜੇ ਰੰਗ ਰਾਇ ਸੰਚਹਿ ਬਿਖੁ ਮਾਇਆ ॥ ਕਰਿ ਕਰਿ ਹੇਤੁ ਵਧਾਇਦੇ ਪਰ ਦਰਬੁ ਚੁਰਾਇਆ ॥ ਪੁਤ੍ਰ ਕਲਤ੍ਰ ਨ ਵਿਸਹਹਿ ਬਹੁ ਪ੍ਰੀਤਿ ਲਗਾਇਆ ॥ ਵੇਖਦਿਆ ਹੀ ਮਾਇਆ ਧੁਹਿ ਗਈ ਪਛੁਤਹਿ ਪਛੁਤਾਇਆ ॥ ਜਮ ਦਰਿ ਬਧੇ ਮਾਰੀਅਹਿ ਨਾਨਕ ਹਰਿ ਭਾਇਆ ॥੨੧॥ ਸਲੋਕ ਮਃ ੧ ॥ ਗਿਆਨ ਵਿਹੂਣਾ ਗਾਵੈ ਗੀਤ ॥ ਭੁਖੇ ਮੁਲਾਂ ਘਰੇ ਮਸੀਤਿ ॥ ਮਖਟੂ ਹੋਇ ਕੈ ਕੰਨ ਪੜਾਏ ॥ ਫਕਰੁ ਕਰੇ ਹੋਰੁ ਜਾਤਿ ਗਵਾਏ ॥ ਗੁਰੁ ਪੀਰੁ ਸਦਾਏ ਮੰਗਣ ਜਾਇ ॥ ਤਾ ਕੈ ਮੂਲਿ ਨ ਲਗੀਐ ਪਾਇ ॥ ਘਾਲਿ ਖਾਇ ਕਿਛੁ ਹਥਹੁ ਦੇਇ ॥ ਨਾਨਕ ਰਾਹੁ ਪਛਾਣਹਿ ਸੇਇ ॥੧॥

By Guru's Grace, the heart is illumined, and darkness is dispelled. Iron is transformed into gold, when it touches the Philosopher's Stone. O Nanak, meeting with the True Guru, the Name is obtained. Meeting Him, the mortal meditates on the Name. Those who have virtue as their treasure, obtain the Blessed Vision of His Darshan. ||19|| SHALOK, FIRST MEHL: Cursed are the lives of those who read and write the Lord's Name to sell it. Their crop is devastated — what harvest will they have? Lacking truth and humility, they shall not be appreciated in the world hereafter. Wisdom which leads to arguments is not called wisdom. Wisdom leads us to serve our Lord and Master; through wisdom, honor is obtained. Wisdom does not come by reading textbooks; wisdom inspires us to give in charity. Says Nanak, this is the Path; other things lead to Satan. ||1|| SECOND MEHL: Mortals are known by their actions; this is the way it has to be. They should show goodness, and not be deformed by their actions; this is how they are called beautiful. Whatever they desire, they shall receive; O Nanak, they become the very image of God. ||2|| PAUREE: The True Guru is the tree of ambrosia. it bears the fruit of sweet nectar. He alone receives it, who is so pre-destined, through the Word of the Guru's Shabad. One who walks in harmony with the Will of the True Guru, is blended with the Lord. The Messenger of Death cannot even see him; his heart is illumined with God's Light. O Nanak, God forgives him, and blends him with Himself; he does not rot away in the womb of reincarnation ever again. ||20|| SHALOK, FIRST MEHL: Those who have truth as their fast, contentment as their sacred shrine of pilgrimage, spiritual wisdom and meditation as their cleansing bath, kindness as their deity, and forgiveness as their chanting beads — they are the most excellent people. Those who take the Way as their loincloth, and intuitive awareness their ritualistically purified enclosure, with good deeds their ceremonial forehead mark, and love their food — O Nanak, they are very rare. ||1|| THIRD MEHL: On the ninth day of the month, make a vow to speak the Truth, and your sexual desire, anger and desire shall be eaten up. On the tenth day, regulate your ten doors; on the eleventh day, know that the Lord is One. On the twelfth day, the five thieves are subdued, and then, O Nanak, the mind is pleased and appeased. Observe such a fast as this, O Pandit, O religious scholar; of what use are all the other teachings? ||2|| PAUREE: Kings, rulers and monarchs enjoy pleasures and gather the poison of Maya. In love with it, they collect more and more, stealing the wealth of others. They do not trust their own children or spouses; they are totally attached to the love of Maya. But even as they look on, Maya cheats them, and they come to regret and repent. Bound and gagged at Death's door, they are beaten and punished; O Nanak, it pleases the Will of the Lord. ||21|| SHALOK, FIRST MEHL: The one who lacks spiritual wisdom sings religious songs. The hungry Mullah turns his home into a mosque. The lazy unemployed has his ears pierced to look like a Yogi. Someone else becomes a pan-handler, and loses his social status. One who calls himself a guru or a spiritual teacher, while he goes around begging — don't ever touch his feet. One who works for what he eats, and gives some of what he has — O Nanak, he knows the Path. ||1||

ਮਃ ੧ ॥ ਮਨਹੁ ਜਿ ਅੰਧੇ ਕੂਪ ਕਹਿਆ ਬਿਰਦੁ ਨ ਜਾਣਨੀ੍ ॥ ਮਨਿ ਅੰਧੈ ਊਂਧੈ ਕਵਲਿ ਦਿਸਨਿ੍ ਖਰੇ ਕਰੂਪ ॥ ਇਕਿ ਕਹਿ ਜਾਣਹਿ ਕਹਿਆ ਬੁਝਹਿ ਤੇ ਨਰ ਸੁਘੜ ਸਰੂਪ ॥ ਇਕਨਾ ਨਾਦ ਨ ਬੇਦ ਨ ਗੀਅ ਰਸੁ ਰਸ ਕਸ ਨ ਜਾਣੰਤਿ ॥ ਇਕਨਾ ਸੁਧਿ ਨ ਬੁਧਿ ਨ ਅਕਲਿ ਸਰ ਅਖਰ ਕਾ ਭੇਉ ਨ ਲਹੰਤਿ ॥ ਨਾਨਕ ਸੇ ਨਰ ਅਸਲਿ ਖਰ ਜਿ ਬਿਨੁ ਗੁਣ ਗਰਬੁ ਕਰੰਤਿ ॥੨॥ ਪਉੜੀ ॥ ਗੁਰਮੁਖਿ ਸਭ ਪਵਿਤੁ ਹੈ ਧਨੁ ਸੰਪੈ ਮਾਇਆ ॥ ਹਰਿ ਅਰਥਿ ਜੋ ਖਰਚਦੇ ਦੇਂਦੇ ਸੁਖੁ ਪਾਇਆ ॥ ਜੋ ਹਰਿ ਨਾਮੁ ਧਿਆਇਦੇ ਤਿਨ ਤੋਟਿ ਨ ਆਇਆ ॥ ਗੁਰਮੁਖਾਂ ਨਦਰੀ ਆਵਦਾ ਮਾਇਆ ਸੁਟਿ ਪਾਇਆ ॥ ਨਾਨਕ ਭਗਤਾਂ ਹੋਰੁ ਚਿਤਿ ਨ ਆਵਈ ਹਰਿ ਨਾਮਿ ਸਮਾਇਆ ॥੨੨॥ ਸਲੋਕ ਮਃ ੪ ॥ ਸਤਿਗੁਰੁ ਸੇਵਨਿ ਸੇ ਵਡਭਾਗੀ ॥ ਸਚੈ ਸਬਦਿ ਜਿਨ੍ਾ ਏਕ ਲਿਵ ਲਾਗੀ ॥ ਗਿਰਹ ਕੁਟੰਬ ਮਹਿ ਸਹਜਿ ਸਮਾਧੀ ॥ ਨਾਨਕ ਨਾਮਿ ਰਤੇ ਸੇ ਸਚੇ ਬੈਰਾਗੀ ॥੧॥ ਮਃ ੪ ॥ ਗਣਤੈ ਸੇਵ ਨ ਹੋਵਈ ਕੀਤਾ ਥਾਇ ਨ ਪਾਇ ॥ ਸਬਦੈ ਸਾਦੁ ਨ ਆਇਓ ਸਚਿ ਨ ਲਗੋ ਭਾਉ ॥ ਸਤਿਗੁਰੁ ਪਿਆਰਾ ਨ ਲਗਈ ਮਨਹਠਿ ਆਵੈ ਜਾਇ ॥ ਜੇ ਇਕ ਵਿਖ ਅਗਾਹਾ ਭਰੇ ਤਾਂ ਦਸ ਵਿਖਾਂ ਪਿਛਾਹਾ ਜਾਇ ॥ ਸਤਿਗੁਰ ਕੀ ਸੇਵਾ ਚਾਕਰੀ ਜੇ ਚਲਹਿ ਸਤਿਗੁਰ ਭਾਇ ॥ ਆਪੁ ਗਵਾਇ ਸਤਿਗੁਰੂ ਨੋ ਮਿਲੈ ਸਹਜੇ ਰਹੈ ਸਮਾਇ ॥ ਨਾਨਕ ਤਿਨ੍ਾ ਨਾਮੁ ਨ ਵੀਸਰੈ ਸਚੇ ਮੇਲਿ ਮਿਲਾਇ ॥੨॥ ਪਉੜੀ ॥ ਖਾਨ ਮਲੂਕ ਕਹਾਇਦੇ ਕੋ ਰਹਣੁ ਨ ਪਾਈ ॥ ਗੜ੍ ਮੰਦਰ ਗਚ ਗੀਰੀਆ ਕਿਛੁ ਸਾਥਿ ਨ ਜਾਈ ॥ ਸੋਇਨ ਸਾਖਤਿ ਪਉਣ ਵੇਗ ਧ੍ਰਿਗੁ ਧ੍ਰਿਗੁ ਚਤੁਰਾਈ ॥ ਛਤੀਹ ਅੰਮ੍ਰਿਤ ਪਰਕਾਰ ਕਰਹਿ ਬਹੁ ਮੈਲੁ ਵਧਾਈ ॥ ਨਾਨਕ ਜੋ ਦੇਵੈ ਤਿਸਹਿ ਨ ਜਾਣਨੀ੍ ਮਨਮੁਖਿ ਦੁਖੁ ਪਾਈ ॥੨੩॥ ਸਲੋਕ ਮਃ ੩ ॥ ਪੜਿ੍ ਪੜਿ੍ ਪੰਡਿਤ ਮੋੁਨੀ ਥਕੇ ਦੇਸੰਤਰ ਭਵਿ ਥਕੇ ਭੇਖਧਾਰੀ ॥ ਦੂਜੈ ਭਾਇ ਨਾਉ ਕਦੇ ਨ ਪਾਇਨਿ ਦੁਖੁ ਲਾਗਾ ਅਤਿ ਭਾਰੀ ॥ ਮੂਰਖ ਅੰਧੇ ਤ੍ਰੈ ਗੁਣ ਸੇਵਹਿ ਮਾਇਆ ਕੈ ਬਿਉਹਾਰੀ ॥ ਅੰਦਰਿ ਕਪਟੁ ਉਦਰੁ ਭਰਣ ਕੈ ਤਾਈ ਪਾਠ ਪੜਹਿ ਗਾਵਾਰੀ ॥ ਸਤਿਗੁਰੁ ਸੇਵੇ ਸੋ ਸੁਖੁ ਪਾਏ ਜਿਨ ਹਉਮੈ ਵਿਚਹੁ ਮਾਰੀ ॥ ਨਾਨਕ ਪੜਣਾ ਗੁਨਣਾ ਇਕੁ ਨਾਉ ਹੈ ਬੂਝੈ ਕੋ ਬੀਚਾਰੀ ॥੧॥ ਮਃ ੩ ॥ ਨਾਂਗੇ ਆਵਣਾ ਨਾਂਗੇ ਜਾਣਾ ਹਰਿ ਹੁਕਮੁ ਪਾਇਆ ਕਿਆ ਕੀਜੈ ॥ ਜਿਸ ਕੀ ਵਸਤੁ ਸੋਈ ਲੈ ਜਾਇਗਾ ਰੋਸੁ ਕਿਸੈ ਸਿਉ ਕੀਜੈ ॥ ਗੁਰਮੁਖਿ ਹੋਵੈ ਸੁ ਭਾਣਾ ਮੰਨੇ ਸਹਜੇ ਹਰਿ ਰਸੁ ਪੀਜੈ ॥ ਨਾਨਕ ਸੁਖਦਾਤਾ ਸਦਾ ਸਲਾਹਿਹੁ ਰਸਨਾ ਰਾਮੁ ਰਵੀਜੈ ॥੨॥

FIRST MEHL: Those mortals whose minds are like deep dark pits do not understand the purpose of life, even when it is explained to them. Their minds are blind, and their heart-lotuses are upside-down; they look totally ugly. Some know how to speak, and understand what they are told. They are wise and beautiful. Some do not understand about the Sound-current of the Naad or the Vedas, music, virtue or vice. Some are not blessed with understanding, intelligence, or sublime intellect; they do not grasp the mystery of God's Word. O Nanak, they are donkeys; they are very proud of themselves, but they have no virtues at all. ||2|| PAUREE: To the Gurmukh, everything is sacred: wealth, property, Maya. Those who spend the wealth of the Lord find peace through giving. Those who meditate on the Lord's Name shall never be deprived. The Gurmukhs come to see the Lord, and leave behind the things of Maya. O Nanak, the devotees do not think of anything else; they are absorbed in the Name of the Lord. ||22|| SHALOK, FOURTH MEHL: Those who serve the True Guru are very fortunate. They are lovingly attuned to the True Shabad, the Word of the One God. In their own household and family, they are in natural Samaadhi. O Nanak, those who are attuned to the Naam are truly detached from the world. ||1|| FOURTH MEHL: Calculated service is not service at all, and what is done is not approved. The flavor of the Shabad, the Word of God, is not tasted if the mortal is not in love with the True Lord God. The stubborn-minded person does not even like the True Guru; he comes and goes in reincarnation. He takes one step forward, and ten steps back. The mortal works to serve the True Guru, if he walks in harmony with the True Guru's Will. He loses his self-conceit, and meets the True Guru; he remains intuitively absorbed in the Lord. O Nanak, they never forget the Naam, the Name of the Lord; they are united in Union with the True Lord. ||2|| PAUREE: They call themselves emperors and rulers, but none of them will be allowed to stay. Their sturdy forts and mansions — none of them will go along with them. Their gold and horses, fast as the wind, are cursed, and cursed are their clever tricks. Eating the thirty-six delicacies, they become bloated with pollution. O Nanak, the self-willed manmukh does not know the One who gives, and so he suffers in pain. ||23|| SHALOK, THIRD MEHL: The Pandits, the religious scholars and the silent sages read and recite until they get tired. They wander through foreign lands in their religious robes, until they are exhausted. In love with duality, they never receive the Name. Held in the grasp of pain, they suffer terribly. The blind fools serve the three gunas, the three dispositions; they deal only with Maya. With deception in their hearts, the fools read sacred texts to fill their bellies. One who serves the True Guru finds peace; he eradicates egotism from within. O Nanak, there is One Name to chant and dwell on; how rare are those who reflect on this and understand. ||1|| THIRD MEHL: Naked we come, and naked we go. This is by the Lord's Command; what else can we do? The object belongs to Him; He shall take it away. One who becomes Gurmukh accepts God's Will; he intuitively drinks in the Lord's sublime essence. O Nanak, praise the Giver of peace forever; with your tongue, savor the Lord. ||2||

ਮਨਿ ਤਨਿ ਰਵਿ ਰਹਿਆ ਜਗਦੀਸੁਰ ਪੇਖਤ ਸਦਾ ਹਜੂਰੇ ॥ ਨਾਨਕ ਰਵਿ ਰਹਿਓ ਸਭ ਅੰਤਰਿ ਸਰਬ ਰਹਿਆ ਭਰਪੂਰੇ ॥੨॥੮॥੧੨॥ ਮਲਾਰ ਮਹਲਾ ੫ ॥ ਹਰਿ ਕੈ ਭਜਨਿ ਕਉਨ ਕਉਨ ਨ ਤਾਰੇ ॥ ਖਗ ਤਨ ਮੀਨ ਤਨ ਮ੍ਰਿਗ ਤਨ ਬਰਾਹ ਤਨ ਸਾਧੂ ਸੰਗਿ ਉਧਾਰੇ ॥੧॥ ਰਹਾਉ ॥ ਦੇਵ ਕੁਲ ਦੈਤ ਕੁਲ ਜਖ੍ਯ੍ਯ ਕਿੰਨਰ ਨਰ ਸਾਗਰ ਉਤਰੇ ਪਾਰੇ ॥ ਜੋ ਜੋ ਭਜਨੁ ਕਰੈ ਸਾਧੂ ਸੰਗਿ ਤਾ ਕੇ ਦੂਖ ਬਿਦਾਰੇ ॥੧॥ ਕਾਮ ਕਰੋਧ ਮਹਾ ਬਿਖਿਆ ਰਸ ਇਨ ਤੇ ਭਏ ਨਿਰਾਰੇ ॥ ਦੀਨ ਦਇਆਲ ਜਪਹਿ ਕਰੁਣਾ ਮੈ ਨਾਨਕ ਸਦ ਬਲਿਹਾਰੇ ॥੨॥੯॥੧੩॥ ਮਲਾਰ ਮਹਲਾ ੫ ॥ ਆਜੁ ਮੈ ਬੈਸਿਓ ਹਰਿ ਹਾਟ ॥ ਨਾਮੁ ਰਾਸਿ ਸਾਝੀ ਕਰਿ ਜਨ ਸਿਉ ਜਾਂਉ ਨ ਜਮ ਕੈ ਘਾਟ ॥੧॥ ਰਹਾਉ ॥ ਧਾਰਿ ਅਨੁਗ੍ਰਹੁ ਪਾਰਬ੍ਰਹਮਿ ਰਾਖੇ ਭ੍ਰਮ ਕੇ ਖੁਲ੍ਹੇ ਕਪਾਟ ॥ ਬੇਸੁਮਾਰ ਸਾਹੁ ਪ੍ਰਭੁ ਪਾਇਆ ਲਾਹਾ ਚਰਨ ਨਿਧਿ ਖਾਟ ॥੧॥ ਸਰਨਿ ਗਹੀ ਅਚੁਤ ਅਬਿਨਾਸੀ ਕਿਲਬਿਖ ਕਾਢੇ ਹੈ ਛਾਂਟਿ ॥ ਕਲਿ ਕਲੇਸ ਮਿਟੇ ਦਾਸ ਨਾਨਕ ਬਹੁਰਿ ਨ ਜੋਨੀ ਮਾਟ ॥੨॥੧੦॥੧੪॥ ਮਲਾਰ ਮਹਲਾ ੫ ॥ ਬਹੁ ਬਿਧਿ ਮਾਇਆ ਮੋਹ ਹਿਰਾਨੋ ॥ ਕੋਟਿ ਮਧੇ ਕੋਊ ਬਿਰਲਾ ਸੇਵਕੁ ਪੂਰਨ ਭਗਤੁ ਚਿਰਾਨੋ ॥੧॥ ਰਹਾਉ ॥ ਇਤ ਉਤ ਡੋਲਿ ਡੋਲਿ ਸ੍ਰਮੁ ਪਾਇਓ ਤਨੁ ਧਨੁ ਹੋਤ ਬਿਰਾਨੋ ॥ ਲੋਗ ਦੁਰਾਇ ਕਰਤ ਠਗਿਆਈ ਹੋਤੌ ਸੰਗਿ ਨ ਜਾਨੋ ॥੧॥ ਮ੍ਰਿਗ ਪੰਖੀ ਮੀਨ ਦੀਨ ਨੀਚ ਇਹ ਸੰਕਟ ਫਿਰਿ ਆਨੋ ॥ ਕਹੁ ਨਾਨਕ ਪਾਹਨ ਪ੍ਰਭ ਤਾਰਹੁ ਸਾਧਸੰਗਤਿ ਸੁਖ ਮਾਨੋ ॥੨॥੧੧॥੧੫॥ ਮਲਾਰ ਮਹਲਾ ੫ ॥ ਦੁਸਟ ਮੁਏ ਬਿਖੁ ਖਾਈ ਰੀ ਮਾਈ ॥ ਜਿਸ ਕੇ ਜੀਅ ਤਿਨ ਹੀ ਰਖਿ ਲੀਨੇ ਮੇਰੇ ਪ੍ਰਭ ਕਉ ਕਿਰਪਾ ਆਈ ॥੧॥ ਰਹਾਉ ॥ ਅੰਤਰਜਾਮੀ ਸਭ ਮਹਿ ਵਰਤੈ ਤਾਂ ਭਉ ਕੈਸਾ ਭਾਈ ॥ ਸੰਗਿ ਸਹਾਈ ਛੋਡਿ ਨ ਜਾਈ ਪ੍ਰਭੁ ਦੀਸੈ ਸਭਨੀ ਠਾਈਂ॥੧॥ ਅਨਾਥਾ ਨਾਥੁ ਦੀਨ ਦੁਖ ਭੰਜਨ ਆਪਿ ਲੀਏ ਲੜਿ ਲਾਈ ॥ ਹਰਿ ਕੀ ਓਟ ਜੀਵਹਿ ਦਾਸ ਤੇਰੇ ਨਾਨਕ ਪ੍ਰਭ ਸਰਣਾਈ ॥੨॥੧੨॥੧੬॥ ਮਲਾਰ ਮਹਲਾ ੫ ॥ ਮਨ ਮੇਰੇ ਹਰਿ ਕੇ ਚਰਨ ਰਵੀਜੈ ॥ ਦਰਸ ਪਿਆਸ ਮੇਰੋ ਮਨੁ ਮੋਹਿਓ ਹਰਿ ਪੰਖ ਲਗਾਇ ਮਿਲੀਜੈ ॥੧॥ ਰਹਾਉ ॥ ਖੋਜਤ ਖੋਜਤ ਮਾਰਗੁ ਪਾਇਓ ਸਾਧੂ ਸੇਵ ਕਰੀਜੈ ॥ ਧਾਰਿ ਅਨੁਗ੍ਰਹੁ ਸੁਆਮੀ ਮੇਰੇ ਨਾਮੁ ਮਹਾ ਰਸੁ ਪੀਜੈ ॥੧॥ ਤ੍ਰਾਹਿ ਤ੍ਰਾਹਿ ਕਰਿ ਸਰਨੀ ਆਏ ਜਲਤਉ ਕਿਰਪਾ ਕੀਜੈ ॥ ਕਰੁ ਗਹਿ ਲੇਹੁ ਦਾਸ ਅਪੁਨੇ ਕਉ ਨਾਨਕ ਅਪੁਨੋ ਕੀਜੈ ॥੨॥੧੩॥੧੭॥

The Lord of the Universe is permeating and pervading my mind and body; I see Him Ever-present, here and now. O Nanak, He is permeating the inner being of all; He is all-pervading everywhere. ||2||8||12|| MALAAR, FIFTH MEHL: Vibrating and meditating on the Lord, who has not been carried across? Those reborn into the body of a bird, the body of a fish, the body of a deer, and the body of a bull — in the Saadh Sangat, the Company of the Holy, they are saved. ||1|| Pause|| The families of gods, the families of demons, titans, celestial singers and human beings are carried across the ocean. Whoever meditates and vibrates on the Lord in the Saadh Sangat — his pains are taken away. ||1|| Sexual desire, anger and the pleasures of terrible corruption — he keeps away from these. He meditates on the Lord, Merciful to the meek, the Embodiment of Compassion; Nanak is forever a sacrifice to Him. ||2||9||13|| MALAAR, FIFTH MEHL: Today, I am seated in the Lord's store. With the wealth of the Lord, I have entered into partnership with the humble; I shall not have take the Highway of Death. ||1|| Pause|| Showering me with His Kindness, the Supreme Lord God has saved me; the doors of doubt have been opened wide. I have found God, the Banker of Infinity; I have earned the profit of the wealth of His Feet. ||1|| I have grasped the protection of the Sanctuary of the Unchanging, Unmoving, Imperishable Lord; He has picked up my sinful residues and thrown them out. Slave Nanak's sorrow and suffering has ended. He shall never again be squeezed into the mold of reincarnation. ||2||10||14|| MALAAR, FIFTH MEHL: In so many ways, attachment to Maya leads to ruin. Among millions, it is very rare to find a selfless servant who remains a perfect devotee for very long. ||1|| Pause|| Roaming and wandering here and there, the mortal finds only trouble; his body and wealth become strangers to himself. Hiding from people, he practices deception; he does not know the One who is always with him. ||1|| He wanders through troubled incarnations of low and wretched species as a deer, a bird and a fish. Says Nanak, O God, I am a stone — please carry me across, that I may enjoy peace in the Saadh Sangat, the Company of the Holy. ||2||11||15|| MALAAR, FIFTH MEHL: The cruel and evil ones died after taking poison, O mother. And the One, to whom all creatures belong, has saved us. God has granted His Grace. ||1|| Pause|| The Inner-knower, the Searcher of hearts, is contained within all; why should I be afraid, O Siblings of Destiny? God, my Help and Support, is always with me. He shall never leave; I see Him everywhere. ||1|| He is the Master of the masterless, the Destroyer of the pains of the poor; He has attached me to the hem of His robe. O Lord, Your slaves live by Your Support; Nanak has come to the Sanctuary of God. ||2||12||16|| MALAAR, FIFTH MEHL: O my mind, dwell on the Feet of the Lord. My mind is enticed by thirst for the Blessed Vision of the Lord; I would take wings and fly out to meet Him. ||1|| Pause|| Searching and seeking, I have found the Path, and now I serve the Holy. O my Lord and Master, please be kind to me, that I may drink in Your most sublime essence. ||1|| Begging and pleading, I have come to Your Sanctuary; I am on fire — please shower me with Your Mercy! Please give me Your Hand — I am Your slave, O Lord. Please make Nanak Your Own. ||2||13||17||

ਮਲਾਰ ਮਃ ੫ ॥ ਪ੍ਰਭ ਕੋ ਭਗਤਿ ਬਛਲੁ ਬਿਰਦਾਇਓ ॥ ਨਿੰਦਕ ਮਾਰਿ ਚਰਨ ਤਲ ਦੀਨੇ ਅਪੁਨੋ ਜਸੁ ਵਰਤਾਇਓ ॥੧॥ ਰਹਾਉ ॥ ਜੈ ਜੈ ਕਾਰੁ ਕੀਨੋ ਸਭ ਜਗ ਮਹਿ ਦਇਆ ਜੀਅਨ ਮਹਿ ਪਾਇਓ ॥ ਕੰਠਿ ਲਾਇ ਅਪੁਨੋ ਦਾਸੁ ਰਾਖਿਓ ਤਾਤੀ ਵਾਉ ਨ ਲਾਇਓ ॥੧॥ ਅੰਗੀਕਾਰੁ ਕੀਓ ਮੇਰੇ ਸੁਆਮੀ ਭ੍ਰਮੁ ਭਉ ਮੇਟਿ ਸੁਖਾਇਓ ॥ ਮਹਾ ਅਨੰਦ ਕਰਹੁ ਦਾਸ ਹਰਿ ਕੇ ਨਾਨਕ ਬਿਸ੍ਵਾਸੁ ਮਨਿ ਆਇਓ ॥੨॥੧੪॥੧੮॥

MALAAR, FIFTH MEHL: It is God's Nature to love His devotees. He destroys the slanderers, crushing them beneath His Feet. His Glory is manifest everywhere. ||1|| Pause|| His Victory is celebrated all throughout the world. He blesses all creatures with compassion. Hugging him close in His Embrace, the Lord saves and protects His slave. The hot winds cannot even touch him. ||1|| My Lord and Master has made me His Own; dispelling my doubts and fears, He has made me happy. The Lord's slaves enjoy ultimate ecstasy; O Nanak, faith has welled up in my mind. ||2||14||18||

ਰਾਗੁ ਮਲਾਰ ਮਹਲਾ ੫ ਚਉਪਦੇ ਘਰੁ ੨
ੴ ਸਤਿਗੁਰ ਪ੍ਰਸਾਦਿ ॥

RAAG MALAAR, FIFTH MEHL, CHAU-PADAS, SECOND HOUSE:
ONE UNIVERSAL CREATOR GOD. BY THE GRACE OF THE TRUE GURU:

ਗੁਰਮੁਖਿ ਦੀਸੈ ਬ੍ਰਹਮ ਪਸਾਰੁ ॥ ਗੁਰਮੁਖਿ ਤ੍ਰੈ ਗੁਣੀਆਂ ਬਿਸਥਾਰੁ ॥ ਗੁਰਮੁਖਿ ਨਾਦ ਬੇਦ ਬੀਚਾਰੁ ॥ ਬਿਨੁ ਗੁਰ ਪੂਰੇ ਘੋਰ ਅੰਧਾਰੁ ॥੧॥ ਮੇਰੇ ਮਨ ਗੁਰੁ ਗੁਰੁ ਕਰਤ ਸਦਾ ਸੁਖੁ ਪਾਈਐ ॥ ਗੁਰ ਉਪਦੇਸਿ ਹਰਿ ਹਿਰਦੈ ਵਸਿਓ ਸਾਸਿ ਗਿਰਾਸਿ ਅਪਣਾ ਖਸਮੁ ਧਿਆਈਐ ॥੧॥ ਰਹਾਉ ॥ ਗੁਰ ਕੇ ਚਰਣ ਵਿਟਹੁ ਬਲਿ ਜਾਉ ॥ ਗੁਰ ਕੇ ਗੁਣ ਅਨਦਿਨੁ ਨਿਤ ਗਾਉ ॥ ਗੁਰ ਕੀ ਧੂੜਿ ਕਰਉ ਇਸਨਾਨੁ ॥ ਸਾਚੀ ਦਰਗਹ ਪਾਈਐ ਮਾਨੁ ॥੨॥ ਗੁਰੁ ਬੋਹਿਥੁ ਭਵਜਲ ਤਾਰਣਹਾਰੁ ॥ ਗੁਰਿ ਭੇਟਿਐ ਨ ਹੋਇ ਜੋਨਿ ਅਉਤਾਰੁ ॥ ਗੁਰ ਕੀ ਸੇਵਾ ਸੋ ਜਨੁ ਪਾਏ ॥ ਜਾ ਕਉ ਕਰਮਿ ਲਿਖਿਆ ਧੁਰਿ ਆਏ ॥੩॥ ਗੁਰੁ ਮੇਰੀ ਜੀਵਨਿ ਗੁਰੁ ਆਧਾਰੁ ॥ ਗੁਰੁ ਮੇਰੀ ਵਰਤਣਿ ਗੁਰੁ ਪਰਵਾਰੁ ॥ ਗੁਰੁ ਮੇਰਾ ਖਸਮੁ ਸਤਿਗੁਰ ਸਰਣਾਈ ॥ ਨਾਨਕ ਗੁਰੁ ਪਾਰਬ੍ਰਹਮੁ ਜਾ ਕੀ ਕੀਮ ਨ ਪਾਈ ॥੪॥੧॥੧੯॥ ਮਲਾਰ ਮਹਲਾ ੫ ॥ ਗੁਰ ਕੇ ਚਰਨ ਹਿਰਦੈ ਵਸਾਏ ॥ ਕਰਿ ਕਿਰਪਾ ਪ੍ਰਭਿ ਆਪਿ ਮਿਲਾਏ ॥ ਅਪਨੇ ਸੇਵਕ ਕਉ ਲਏ ਪ੍ਰਭੁ ਲਾਇ ॥ ਤਾ ਕੀ ਕੀਮਤਿ ਕਹੀ ਨ ਜਾਇ ॥੧॥ ਕਰਿ ਕਿਰਪਾ ਪੂਰਨ ਸੁਖਦਾਤੇ ॥ ਤੁਮ੍ਰੀ ਕ੍ਰਿਪਾ ਤੇ ਤੂੰ ਚਿਤਿ ਆਵਹਿ ਆਠ ਪਹਰ ਤੇਰੈ ਰੰਗਿ ਰਾਤੇ ॥੧॥ ਰਹਾਉ ॥ ਗਾਵਣੁ ਸੁਨਣੁ ਸਭੁ ਤੇਰਾ ਭਾਣਾ ॥ ਹੁਕਮੁ ਬੂਝੈ ਸੋ ਸਾਚਿ ਸਮਾਣਾ ॥ ਜਪਿ ਜਪਿ ਜੀਵਹਿ ਤੇਰਾ ਨਾਂਉ ॥ ਤੁਝ ਬਿਨੁ ਦੂਜਾ ਨਾਹੀ ਥਾਉ ॥੨॥ ਦੁਖ ਸੁਖ ਕਰਤੇ ਹੁਕਮੁ ਰਜਾਇ ॥ ਭਾਣੈ ਬਖਸ ਭਾਣੈ ਦੇਇ ਸਜਾਇ ॥ ਦੁਹਾਂ ਸਿਰਿਆਂ ਕਾ ਕਰਤਾ ਆਪਿ ॥ ਕੁਰਬਾਣੁ ਜਾਂਈ ਤੇਰੇ ਪਰਤਾਪ ॥੩॥ ਤੇਰੀ ਕੀਮਤਿ ਤੂਹੈ ਜਾਣਹਿ ॥ ਤੂ ਆਪੇ ਬੂਝਹਿ ਸੁਣਿ ਆਪਿ ਵਖਾਣਹਿ ॥ ਸੇਈ ਭਗਤ ਜੋ ਤੁਧੁ ਭਾਣੇ ॥

The Gurmukh sees God pervading everywhere. The Gurmukh knows that the universe is the extension of the three gunas, the three dispositions. The Gurmukh reflects on the Sound-current of the Naad, and the wisdom of the Vedas. Without the Perfect Guru, there is only pitch-black darkness. ||1|| O my mind, calling on the Guru, eternal peace is found. Following the Guru's Teachings, the Lord comes to dwell within the heart; I meditate on my Lord and Master with every breath and morsel of food. ||1|| Pause|| I am a sacrifice to the Guru's Feet. Night and day, I continually sing the Glorious Praises of the Guru. I take my cleansing bath in the dust of the Guru's Feet. I am honored in the True Court of the Lord. ||2|| The Guru is the boat, to carry me across the terrifying world-ocean. Meeting with the Guru, I shall not be reincarnated ever again. That humble being serves the Guru, who has such karma inscribed on his forehead by the Primal Lord. ||3|| The Guru is my life; the Guru is my support. The Guru is my way of life; the Guru is my family. The Guru is my Lord and Master; I seek the Sanctuary of the True Guru. O Nanak, the Guru is the Supreme Lord God; His value cannot be estimated. ||4||1||19|| MALAAR, FIFTH MEHL: I enshrine the Lord's Feet within my heart; in His Mercy, God has united me with Himself. God enjoins His servant to his tasks. His worth cannot be expressed. ||1|| Please be merciful to me, O Perfect Giver of peace. By Your Grace, You come to mind; I am imbued with Your Love, twenty-four hours a day. ||1|| Pause|| Singing and listening, it is all by Your Will. One who understands the Hukam of Your Command is absorbed in Truth. Chanting and meditating on Your Name, I live. Without You, there is no place at all. ||2|| Pain and pleasure come by Your Command, O Creator Lord. By the Pleasure of Your Will You forgive, and by the Pleasure of Your Will You award punishment. You are the Creator of both realms. I am a sacrifice to Your Glorious Grandeur. ||3|| You alone know Your value. You alone understand, You Yourself speak and listen. They alone are devotees, who are pleasing to Your Will.

ਨਾਨਕ ਤਿਨ ਕੈ ਸਦ ਕੁਰਬਾਣੇ ॥੪॥੨॥੨੦॥ ਮਲਾਰ ਮਹਲਾ ੫ ॥ ਪਰਮੇਸਰੁ ਹੋਆ ਦਇਆਲੁ ॥ ਮੇਘੁ ਵਰਸੈ ਅੰਮ੍ਰਿਤ ਧਾਰ ॥ ਸਗਲੇ ਜੀਅ ਜੰਤ ਤ੍ਰਿਪਤਾਸੇ ॥ ਕਾਰਜ ਆਏ ਪੂਰੇ ਰਾਸੇ ॥੧॥ ਸਦਾ ਸਦਾ ਮਨ ਨਾਮੁ ਸਮ੍ਹਾਲਿ ॥ ਗੁਰ ਪੂਰੇ ਕੀ ਸੇਵਾ ਪਾਇਆ ਐਥੈ ਓਥੈ ਨਿਬਹੈ ਨਾਲਿ ॥੧॥ ਰਹਾਉ ॥ ਦੁਖੁ ਭੰਨਾ ਭੈ ਭੰਜਨਹਾਰ ॥ ਆਪਣਿਆ ਜੀਆ ਕੀ ਕੀਤੀ ਸਾਰ ॥ ਰਾਖਨਹਾਰ ਸਦਾ ਮਿਹਰਵਾਨ ॥ ਸਦਾ ਸਦਾ ਜਾਈਐ ਕੁਰਬਾਨ ॥੨॥ ਕਾਲੁ ਗਵਾਇਆ ਕਰਤੈ ਆਪਿ ॥ ਸਦਾ ਸਦਾ ਮਨ ਤਿਸ ਨੋ ਜਾਪਿ ॥ ਦ੍ਰਿਸਟਿ ਧਾਰਿ ਰਾਖੇ ਸਭਿ ਜੰਤ ॥ ਗੁਣ ਗਾਵਹੁ ਨਿਤ ਨਿਤ ਭਗਵੰਤ ॥੩॥ ਏਕੋ ਕਰਤਾ ਆਪੇ ਆਪ ॥ ਹਰਿ ਕੇ ਭਗਤ ਜਾਣਹਿ ਪਰਤਾਪ ॥ ਨਾਵੈ ਕੀ ਪੈਜ ਰਖਦਾ ਆਇਆ ॥ ਨਾਨਕੁ ਬੋਲੈ ਤਿਸ ਕਾ ਬੋਲਾਇਆ ॥੪॥੩॥੨੧॥ ਮਲਾਰ ਮਹਲਾ ੫ ॥ ਗੁਰ ਸਰਣਾਈ ਸਗਲ ਨਿਧਾਨ ॥ ਸਾਚੀ ਦਰਗਹਿ ਪਾਈਐ ਮਾਨੁ ॥ ਭ੍ਰਮੁ ਭਉ ਦੂਖੁ ਦਰਦੁ ਸਭੁ ਜਾਇ ॥ ਸਾਧਸੰਗਿ ਸਦ ਹਰਿ ਗੁਣ ਗਾਇ ॥੧॥ ਮਨ ਮੇਰੇ ਗੁਰੁ ਪੂਰਾ ਸਾਲਾਹਿ ॥ ਨਾਮੁ ਨਿਧਾਨੁ ਜਪਹੁ ਦਿਨੁ ਰਾਤੀ ਮਨ ਚਿੰਦੇ ਫਲ ਪਾਇ ॥੧॥ ਰਹਾਉ ॥ ਸਤਿਗੁਰ ਜੇਵਡੁ ਅਵਰੁ ਨ ਕੋਇ ॥ ਗੁਰੁ ਪਾਰਬ੍ਰਹਮੁ ਪਰਮੇਸਰੁ ਸੋਇ ॥ ਜਨਮ ਮਰਣ ਦੂਖ ਤੇ ਰਾਖੈ ॥ ਮਾਇਆ ਬਿਖੁ ਫਿਰਿ ਬਹੁੜਿ ਨ ਚਾਖੈ ॥੨॥ ਗੁਰ ਕੀ ਮਹਿਮਾ ਕਥਨੁ ਨ ਜਾਇ ॥ ਗੁਰੁ ਪਰਮੇਸਰੁ ਸਾਚੈ ਨਾਇ ॥ ਸਚੁ ਸੰਜਮੁ ਕਰਣੀ ਸਭੁ ਸਾਚੀ ॥ ਸੋ ਮਨੁ ਨਿਰਮਲੁ ਜੋ ਗੁਰ ਸੰਗਿ ਰਾਚੀ ॥੩॥ ਗੁਰੁ ਪੂਰਾ ਪਾਈਐ ਵਡ ਭਾਗਿ ॥ ਕਾਮੁ ਕ੍ਰੋਧੁ ਲੋਭੁ ਮਨ ਤੇ ਤਿਆਗਿ ॥ ਕਰਿ ਕਿਰਪਾ ਗੁਰ ਚਰਣ ਨਿਵਾਸਿ ॥ ਨਾਨਕ ਕੀ ਪ੍ਰਭ ਸਚੁ ਅਰਦਾਸਿ ॥੪॥੪॥੨੨॥

ਰਾਗੁ ਮਲਾਰ ਮਹਲਾ ੫ ਪੜਤਾਲ ਘਰੁ ੩

ੴ ਸਤਿਗੁਰ ਪ੍ਰਸਾਦਿ ॥

ਗੁਰ ਮਨਾਰਿ ਪ੍ਰਿਅ ਦਇਆਰ ਸਿਉ ਰੰਗੁ ਕੀਆ ॥ ਕੀਨੋ ਰੀ ਸਗਲ ਸੀਗਾਰ ॥ ਤਜਿਓ ਰੀ ਸਗਲ ਬਿਕਾਰ ॥ ਧਾਵਤੋ ਅਸਥਿਰੁ ਥੀਆ ॥੧॥ ਰਹਾਉ ॥ ਐਸੇ ਰੇ ਮਨ ਪਾਇ ਕੈ ਆਪੁ ਗਵਾਇ ਕੈ ਕਰਿ ਸਾਧਨ ਸਿਉ ਸੰਗੁ ॥ ਬਾਜੇ ਬਜਹਿ ਮ੍ਰਿਦੰਗ ਅਨਾਹਦ ਕੋਕਿਲ ਰੀ ਰਾਮ ਨਾਮੁ ਬੋਲੈ ਮਧੁਰ ਬੈਨ ਅਤਿ ਸੁਹੀਆ ॥੧॥ ਐਸੀ ਤੇਰੇ ਦਰਸਨ ਕੀ ਸੋਭ ਅਤਿ ਅਪਾਰ ਪ੍ਰਿਅ ਅਮੋਘ ਤੈਸੇ ਹੀ ਸੰਗਿ ਸੰਤ ਬਨੇ ॥ ਭਵ ਉਤਾਰ ਨਾਮ ਭਨੇ ॥

Nanak is forever a sacrifice to them. ||4||2||20|| MALAAR, FIFTH MEHL: The Transcendent Lord God has become merciful; Ambrosial Nectar is raining down from the clouds. All beings and creatures are satisfied; their affairs are perfectly resolved. ||1|| O my mind, dwell on the Lord, forever and ever. Serving the Perfect Guru, I have obtained it. It shall stay with me both here and hereafter. ||1|| Pause|| He is the Destroyer of pain, the Eradicator of fear. He takes care of His beings. The Savior Lord is kind and compassionate forever. I am a sacrifice to Him, forever and ever. ||2|| The Creator Himself has eliminated death. Meditate on Him forever and ever, O my mind. He watches all with His Glance of Grace and protects them. Continually and continuously, sing the Glorious Praises of the Lord God. ||3|| The One and Only Creator Lord is Himself by Himself. The Lord's devotees know His Glorious Grandeur. He preserves the Honor of His Name. Nanak speaks as the Lord inspires him to speak. ||4||3||21|| MALAAR, FIFTH MEHL: All treasures are found in the Sanctuary of the Guru. Honor is obtained in the True Court of the Lord. Doubt, fear, pain and suffering are taken away, forever singing the Glorious Praises of the Lord in the Saadh Sangat, the Company of the Holy. ||1|| O my mind, praise the Perfect Guru. Chant the treasure of the Naam, the Name of the Lord, day and night. You shall obtain the fruits of your mind's desires. ||1|| Pause|| No one else is as great as the True Guru. The Guru is the Supreme Lord, the Transcendent Lord God. He saves us from the pains of death and birth, and we will not have to taste the poison of Maya ever again. ||2|| The Guru's glorious grandeur cannot be described. The Guru is the Transcendent Lord, in the True Name. True is His self-discipline, and True are all His actions. Immaculate and pure is that mind, which is imbued with love for the Guru. ||3|| The Perfect Guru is obtained by great good fortune. Drive out sexual desire, anger and greed from your mind. By His Grace, the Guru's Feet are enshrined within. Nanak offers his prayer to the True Lord God. ||4||4||22||

RAAG MALAAR, FIFTH MEHL, PARTAAL, THIRD HOUSE:

ONE UNIVERSAL CREATOR GOD. BY THE GRACE OF THE TRUE GURU:

Pleasing the Guru, I have fallen in love with my Merciful Beloved Lord. I have made all my decorations, and renounced all corruption; my wandering mind has become steady and stable. ||1|| Pause|| O my mind, lose your self-conceit by associating with the Holy, and you shall find Him. The unstruck celestial melody vibrates and resounds; like a song-bird, chant the Lord's Name, with words of sweetness and utter beauty. ||1|| Such is the glory of Your Darshan, so utterly inifinte and fruitful, O my Love; so do we become by associating with the Saints. Vibrating, chanting Your Name, we cross over the terrifying world-ocean.

ਰਮ ਰਾਮ ਰਾਮ ਮਾਲ ॥ ਮਨਿ ਫੇਰਤੇ ਹਰਿ ਸੰਗਿ ਸੰਗੀਆ ॥ ਜਨ ਨਾਨਕ ਪ੍ਰਿਉ ਪ੍ਰੀਤਮੁ ਥੀਆ ॥੨॥੧॥੨੩॥ ਮਲਾਰ ਮਹਲਾ ੫ ॥ ਮਨੁ ਘਨੈ ਭ੍ਰਮੈ ਬਨੈ ॥ ਉਮਕਿ ਤਰਸਿ ਚਾਲੈ ॥ ਪ੍ਰਭ ਮਿਲਬੇ ਕੀ ਚਾਹ ॥੧॥ ਰਹਾਉ ॥ ਤ੍ਰੈ ਗੁਨ ਮਾਈ ਮੋਹਿ ਆਈ ਕਹੰਉ ਬੇਦਨ ਕਾਹਿ ॥੧॥ ਆਨ ਉਪਾਵ ਸਗਰ ਕੀਏ ਨਹਿ ਦੂਖ ਸਾਕਹਿ ਲਾਹਿ ॥ ਭਜੁ ਸਰਨਿ ਸਾਧੂ ਨਾਨਕਾ ਮਿਲੁ ਗੁਨ ਗੋਬਿੰਦਹਿ ਗਾਹਿ ॥੨॥੨॥੨੪॥ ਮਲਾਰ ਮਹਲਾ ੫ ॥ ਪ੍ਰਿਅ ਕੀ ਸੋਭ ਸੁਹਾਵਨੀ ਨੀਕੀ ॥ ਹਾਹਾ ਹੂਹੂ ਗੰਧ੍ਰਬ ਅਪਸਰਾ ਅਨੰਦ ਮੰਗਲ ਰਸ ਗਾਵਨੀ ਨੀਕੀ ॥੧॥ ਰਹਾਉ ॥ ਧੁਨਿਤ ਲਲਿਤ ਗੁਨਗ੍ਯ ਅਨਿਕ ਭਾਂਤਿ ਬਹੁ ਬਿਧਿ ਰੂਪ ਦਿਖਾਵਨੀ ਨੀਕੀ ॥੧॥ ਗਿਰਿ ਤਰ ਥਲ ਜਲ ਭਵਨ ਭਰਪੁਰਿ ਘਟਿ ਘਟਿ ਲਾਲਨ ਛਾਵਨੀ ਨੀਕੀ ॥ ਸਾਧਸੰਗਿ ਰਾਮਈਆ ਰਸੁ ਪਾਇਓ ਨਾਨਕ ਜਾ ਕੈ ਭਾਵਨੀ ਨੀਕੀ ॥੨॥੩॥੨੫॥ ਮਲਾਰ ਮਹਲਾ ੫ ॥ ਗੁਰ ਪ੍ਰੀਤਿ ਪਿਆਰੇ ਚਰਨ ਕਮਲ ਰਿਦ ਅੰਤਰਿ ਧਾਰੇ ॥੧॥ ਰਹਾਉ ॥ ਦਰਸੁ ਸਫਲਿਓ ਦਰਸੁ ਪੇਖਿਓ ਗਏ ਕਿਲਬਿਖ ਗਏ ॥ ਮਨ ਨਿਰਮਲ ਉਜੀਆਰੇ ॥੧॥ ਬਿਸਮ ਬਿਸਮੈ ਬਿਸਮ ਭਈ ॥ ਅਘ ਕੋਟਿ ਹਰਤੇ ਨਾਮ ਲਈ ॥ ਗੁਰ ਚਰਨ ਮਸਤਕੁ ਡਾਰਿ ਪਹੀ ॥ ਪ੍ਰਭ ਏਕ ਤੂੰਹੀ ਏਕ ਤੁਹੀ ॥ ਭਗਤ ਟੇਕ ਤੁਹਾਰੇ ॥ ਜਨ ਨਾਨਕ ਸਰਨਿ ਦੁਆਰੇ ॥੨॥੪॥੨੬॥ ਮਲਾਰ ਮਹਲਾ ੫ ॥ ਬਰਸੁ ਸਰਸੁ ਆਗਿਆ ॥ ਹੋਹਿ ਆਨੰਦ ਸਗਲ ਭਾਗ ॥੧॥ ਰਹਾਉ ॥ ਸੰਤ ਸੰਗੇ ਮਨੁ ਪਰਫੜੈ ਮਿਲਿ ਮੇਘ ਧਰ ਸੁਹਾਗ ॥੧॥ ਘਨਘੋਰ ਪ੍ਰੀਤਿ ਮੋਰ ॥ ਚਿਤੁ ਚਾਤ੍ਰਿਕ ਬੂੰਦ ਓਰ ॥ ਐਸੋ ਹਰਿ ਸੰਗੇ ਮਨ ਮੋਹ ॥ ਤਿਆਗਿ ਮਾਇਆ ਧੋਹ ॥ ਮਿਲਿ ਸੰਤ ਨਾਨਕ ਜਾਗਿਆ ॥੨॥੫॥੨੭॥ ਮਲਾਰ ਮਹਲਾ ੫ ॥ ਗੁਨ ਗੁੋਪਾਲ ਗਾਉ ਨੀਤ ॥ ਰਾਮ ਨਾਮ ਧਾਰਿ ਚੀਤ ॥੧॥ ਰਹਾਉ ॥ ਛੋਡਿ ਮਾਨੁ ਤਜਿ ਗੁਮਾਨੁ ਮਿਲਿ ਸਾਧੂਆ ਕੈ ਸੰਗਿ ॥ ਹਰਿ ਸਿਮਰਿ ਏਕ ਰੰਗਿ ਮਿਟਿ ਜਾਂਹਿ ਦੋਖ ਮੀਤ ॥੧॥ ਪਾਰਬ੍ਰਹਮ ਭਏ ਦਇਆਲ ॥ ਬਿਨਸਿ ਗਏ ਬਿਖੈ ਜੰਜਾਲ ॥ ਸਾਧ ਜਨਾਂ ਕੈ ਚਰਨ ਲਾਗਿ ॥ ਨਾਨਕ ਗਾਵੈ ਗੋਬਿੰਦ ਨੀਤ ॥੨॥੬॥੨੮॥ ਮਲਾਰ ਮਹਲਾ ੫ ॥ ਘਨੁ ਗਰਜਤ ਗੋਬਿੰਦ ਰੂਪ ॥ ਗੁਨ ਗਾਵਤ ਸੁਖ ਚੈਨ ॥੧॥ ਰਹਾਉ ॥ ਹਰਿ ਚਰਨ ਸਰਨ ਤਰਨ ਸਾਗਰ ਧੁਨਿ ਅਨਹਤਾ ਰਸ ਬੈਨ ॥੧॥ ਪਥਿਕ ਪਿਆਸ ਚਿਤ ਸਰੋਵਰ ਆਤਮ ਜਲੁ ਲੈਨ ॥ ਹਰਿ ਦਰਸ ਪ੍ਰੇਮ ਜਨ ਨਾਨਕ ਕਰਿ ਕਿਰਪਾ ਪ੍ਰਭ ਦੈਨ ॥੨॥੭॥੨੯॥

They dwell on the Lord, Raam, Raam, chanting on their malas; their minds are turned towards the Lord in the Saadh Sangat, the Company of the Holy. O servant Nanak, their Beloved Lord seems so sweet to them. ||2||1||23|| MALAAR, FIFTH MEHL: My mind wanders through the dense forest. It walks with eagerness and love, hoping to meet God. ||1|| Pause|| Maya with her three gunas — the three dispositions — has come to entice me; whom can I tell of my pain? ||1|| I tried everything else, but nothing could rid me of my sorrow. So hurry to the Sanctuary of the Holy, O Nanak; joining them, sing the Glorious Praises of the Lord of the Universe. ||2||2||24|| MALAAR, FIFTH MEHL: The glory of my Beloved is noble and sublime. The celestial singers and angels sing His Sublime Praises in ecstasy, happiness and joy. ||1|| Pause|| The most worthy beings sing God's Praises in beautiful harmonies, in all sorts of ways, in myriads of sublime forms. ||1|| Throughout the mountains, trees, deserts, oceans and galaxies, permeating each and every heart, the sublime grandeur of my Love is totally pervading. In the Saadh Sangat, the Company of the Holy, the Love of the Lord is found; O Nanak, sublime is that faith. ||2||3||25|| MALAAR, FIFTH MEHL: With love for the Guru, I enshrine the Lotus Feet of my Lord deep within my heart. ||1|| Pause|| I gaze on the Blessed Vision of His Fruitful Darshan; the sinful residues of my past mistakes are erased and taken away. My mind is immaculate and enlightened. ||1|| I am wonderstruck, stunned and amazed. Chanting the Naam, the Name of the Lord, millions of sins are destroyed. I fall at His Feet, and touch my forehead to them. You alone are, You alone are, O God. Your devotees take Your Support. Servant Nanak has come to the Door of Your Sanctuary. ||2||4||26|| MALAAR, FIFTH MEHL: Rain down with happiness in God's Will. Bless me with total bliss and good fortune. ||1|| Pause|| My mind blossoms forth in the Society of the Saints; soaking up the rain, the earth is blessed and beautified. ||1|| The peacock loves the thunder of the rain clouds. The sparrow-hawk's mind is drawn to the rain-drop — so is my mind enticed by the Lord. I have renounced Maya, the deceiver. Joining with the Saints, Nanak is awakened. ||2||5||27|| MALAAR, FIFTH MEHL: Sing forever the Glorious Praises of the Lord of the World. Enshrine the Lord's Name in your consciousness. ||1|| Pause|| Forsake your pride, and abandon your ego; join the Saadh Sangat, the Company of the Holy. Meditate in loving remembrance on the One Lord; your sorrows shall be ended, O friend. ||1|| The Supreme Lord God has become merciful; corrupt entanglements have come to an end. Grasping the feet of the Holy, Nanak sings forever the Glorious Praises of the Lord of the World. ||2||6||28|| MALAAR, FIFTH MEHL: The Embodiment of the Lord of the Universe roars like the thunder-cloud. Singing His Glorious Praises brings peace and bliss. ||1|| Pause|| The Sanctuary of the Lord's Feet carries us across the world-ocean. His Sublime Word is the unstruck celestial melody. ||1|| The thirsty traveller's consciousness obtains the water of the soul from the pool of nectar. Servant Nanak loves the Blessed Vision of the Lord; in His Mercy, God has blessed him with it. ||2||7||29||

ਮਲਾਰ ਮਹਲਾ ੫ ॥ ਹੇ ਗੋਬਿੰਦ ਹੇ ਗੋਪਾਲ ਹੇ ਦਇਆਲ ਲਾਲ ॥੧॥ ਰਹਾਉ ॥ ਪ੍ਰਾਨ ਨਾਥ ਅਨਾਥ ਸਖੇ ਦੀਨ ਦਰਦ ਨਿਵਾਰ ॥੧॥ ਹੇ ਸਮ੍ਰਥ ਅਗਮ ਪੂਰਨ ਮੋਹਿ ਮਇਆ ਧਾਰਿ ॥੨॥ ਅੰਧ ਕੂਪ ਮਹਾ ਭਇਆਨ ਨਾਨਕ ਪਾਰਿ ਉਤਾਰ ॥੩॥੮॥੩੦॥

MALAAR, FIFTH MEHL: O Lord of the Universe, O Lord of the World, O Dear Merciful Beloved. ||1|| Pause|| You are the Master of the breath of life, the Companion of the lost and forsaken, the Destroyer of the pains of the poor. ||1|| O All-powerful, Inaccessible, Perfect Lord, please shower me with Your Mercy. ||2|| Please, carry Nanak across the terrible, deep dark pit of the world to the other side. ||3||8||30||

### ਮਲਾਰ ਮਹਲਾ ੧ ਅਸਟਪਦੀਆ ਘਰੁ ੧
### ੴ ਸਤਿਗੁਰ ਪ੍ਰਸਾਦਿ ॥

### MALAAR, FIRST MEHL, ASHTAPADEES, FIRST HOUSE:
## ONE UNIVERSAL CREATOR GOD. BY THE GRACE OF THE TRUE GURU:

ਚਕਵੀ ਨੈਨ ਨੀਦ ਨਹਿ ਚਾਹੈ ਬਿਨੁ ਪਿਰ ਨੀਦ ਨ ਪਾਈ ॥ ਸੂਰੁ ਚਰ੍ਹੈ ਪ੍ਰਿਉ ਦੇਖੈ ਨੈਨੀ ਨਿਵਿ ਨਿਵਿ ਲਾਗੈ ਪਾਂਈ ॥੧॥ ਪਿਰ ਭਾਵੈ ਪ੍ਰੇਮੁ ਸਖਾਈ ॥ ਤਿਸੁ ਬਿਨੁ ਘੜੀ ਨਹੀ ਜਗਿ ਜੀਵਾ ਐਸੀ ਪਿਆਸ ਤਿਸਾਈ ॥੧॥ ਰਹਾਉ ॥ ਸਰਵਰਿ ਕਮਲੁ ਕਿਰਣਿ ਆਕਾਸੀ ਬਿਗਸੈ ਸਹਜਿ ਸੁਭਾਈ ॥ ਪ੍ਰੀਤਮ ਪ੍ਰੀਤਿ ਬਨੀ ਅਭ ਐਸੀ ਜੋਤੀ ਜੋਤਿ ਮਿਲਾਈ ॥੨॥ ਚਾਤ੍ਰਿਕੁ ਜਲ ਬਿਨੁ ਪ੍ਰਿਉ ਪ੍ਰਿਉ ਟੇਰੈ ਬਿਲਪ ਕਰੈ ਬਿਲਲਾਈ ॥ ਘਨਹਰ ਘੋਰ ਦਸੌ ਦਿਸਿ ਬਰਸੈ ਬਿਨੁ ਜਲ ਪਿਆਸ ਨ ਜਾਈ ॥੩॥ ਮੀਨ ਨਿਵਾਸ ਉਪਜੈ ਜਲ ਹੀ ਤੇ ਸੁਖ ਦੁਖ ਪੁਰਬਿ ਕਮਾਈ ॥ ਖਿਨੁ ਤਿਲੁ ਰਹਿ ਨ ਸਕੈ ਪਲੁ ਜਲ ਬਿਨੁ ਮਰਨੁ ਜੀਵਨੁ ਤਿਸੁ ਤਾਂਈ ॥੪॥ ਧਨ ਵਾਂਢੀ ਪਿਰੁ ਦੇਸ ਨਿਵਾਸੀ ਸਚੇ ਗੁਰ ਪਹਿ ਸਬਦੁ ਪਠਾਈ॥ ਗੁਣ ਸੰਗ੍ਰਹਿ ਪ੍ਰਭੁ ਰਿਦੈ ਨਿਵਾਸੀ ਭਗਤਿ ਰਤੀ ਹਰਖਾਈ ॥੫॥ ਪ੍ਰਿਉ ਪ੍ਰਿਉ ਕਰੈ ਸਭੈ ਹੈ ਜੇਤੀ ਗੁਰ ਭਾਵੈ ਪ੍ਰਿਉ ਪਾਈ॥ ਪ੍ਰਿਉ ਨਾਲੇ ਸਦ ਹੀ ਸਚਿ ਸੰਗੇ ਨਦਰੀ ਮੇਲਿ ਮਿਲਾਈ ॥੬॥ ਸਭ ਮਹਿ ਜੀਉ ਜੀਉ ਹੈ ਸੋਈ ਘਟਿ ਘਟਿ ਰਹਿਆ ਸਮਾਈ ॥ ਗੁਰ ਪਰਸਾਦਿ ਘਰ ਹੀ ਪਰਗਾਸਿਆ ਸਹਜੇ ਸਹਜਿ ਸਮਾਈ ॥੭॥ ਅਪਨਾ ਕਾਜੁ ਸਵਾਰਹੁ ਆਪੇ ਸੁਖਦਾਤੇ ਗੋਸਾਂਈ॥ ਗੁਰ ਪਰਸਾਦਿ ਘਰ ਹੀ ਪਿਰੁ ਪਾਇਆ ਤਉ ਨਾਨਕ ਤਪਤਿ ਬੁਝਾਈ ॥੮॥੧॥ ਮਲਾਰ ਮਹਲਾ ੧ ॥ ਜਾਗਤੁ ਜਾਗਿ ਰਹੈ ਗੁਰ ਸੇਵਾ ਬਿਨੁ ਹਰਿ ਮੈ ਕੋ ਨਾਹੀ ॥ ਅਨਿਕ ਜਤਨ ਕਰਿ ਰਹਣੁ ਨ ਪਾਵੈ ਆਚੁ ਕਾਚੁ ਢਰਿ ਪਾਂਹੀ ॥੧॥ ਇਸੁ ਤਨ ਧਨ ਕਾ ਕਹਹੁ ਗਰਬੁ ਕੈਸਾ ॥ ਬਿਨਸਤ ਬਾਰ ਨ ਲਾਗੈ ਬਵਰੇ ਹਉਮੈ ਗਰਬਿ ਖਪੈ ਜਗੁ ਐਸਾ ॥੧॥ ਰਹਾਉ ॥ ਜੈ ਜਗਦੀਸ ਪ੍ਰਭੂ ਰਖਵਾਰੇ ਰਾਖੈ ਪਰਖੈ ਸੋਈ ॥ ਜੇਤੀ ਹੈ ਤੇਤੀ ਤੁਝ ਹੀ ਤੇ ਤੁਮ੍ ਸਰਿ ਅਵਰੁ ਨ ਕੋਈ ॥੨॥ ਜੀਅ ਉਪਾਇ ਜੁਗਤਿ ਵਸਿ ਕੀਨੀ ਆਪੇ ਗੁਰਮੁਖਿ ਅੰਜਨੁ ॥ ਅਮਰੁ ਅਨਾਥ ਸਰਬ ਸਿਰਿ ਮੋਰਾ ਕਾਲ ਬਿਕਾਲ ਭਰਮ ਭੈ ਖੰਜਨੁ ॥੩॥

The chakvi bird does not long for sleepy eyes; without her beloved, she does not sleep. When the sun rises, she sees her beloved with her eyes; she bows and touches his feet. ||1|| The Love of my Beloved is pleasing; it is my Companion and Support. Without Him, I cannot live in this world even for an instant; such is my hunger and thirst. ||1|| Pause|| The lotus in the pool blossoms forth intuitively and naturally, with the rays of the sun in the sky. Such is the love for my Beloved which imbues me; my light has merged into the Light. ||2|| Without water, the sparrow-hawk cries out, "Pri-o! Pri-o! — Beloved! Beloved!" It cries and wails and laments. The thundering clouds rain down in the ten directions; its thirst is not quenched until it catches the rain-drop in its mouth. ||3|| The fish lives in water, from which it was born. It finds peace and pleasure according to its past actions. It cannot survive without water for a moment, even for an instant. Life and death depend on it. ||4|| The soul-bride is separated from her Husband Lord, who lives in His Own Country. He sends the Shabad, His Word, through the True Guru. She gathers virtues, and enshrines God within her heart. Imbued with devotion, she is happy. ||5|| Everyone cries out, "Beloved! Beloved!" But she alone finds her Beloved, who is pleasing to the Guru. Our Beloved is always with us; through the Truth, He blesses us with His Grace, and unites us in His Union. ||6|| He is the life of the soul in each and every soul; He permeates and pervades each and every heart. By Guru's Grace, He is revealed within the home of my heart; I am intuitively, naturally, absorbed into Him. ||7|| He Himself shall resolve all your affairs, when you meet with the Giver of peace, the Lord of the World. By Guru's Grace, you shall find your Husband Lord within your own home; then, O Nanak, the fire within you shall be quenched. ||8||1|| MALAAR, FIRST MEHL: Remain awake and aware, serving the Guru; except for the Lord, no one is mine. Even by making all sorts of efforts, you shall not remain here; it shall melt like glass in the fire. ||1|| Tell me — why are you so proud of your body and wealth? They shall vanish in an instant; O madman, this is how the world is wasting away, in egotism and pride. ||1|| Pause|| Hail to the Lord of the Universe, God, our Saving Grace; He judges and saves the mortal beings. All that is, belongs to You. No one else is equal to You. ||2|| Creating all beings and creatures, their ways and means are under Your control; You bless the Gurmukhs with the ointment of spiritual wisdom. My Eternal, Unmastered Lord is over the heads of all. He is the Destroyer of death and rebirth, doubt and fear. ||3||

ਕਾਗਦ ਕੋਟੁ ਇਹੁ ਜਗੁ ਹੈ ਬਪੁਰੋ ਰੰਗਨਿ ਚਿਹਨ ਚਤੁਰਾਈ ॥ ਨਾਨ੍ਹੀ ਸੀ ਬੂੰਦ ਪਵਨੁ ਪਤਿ ਖੋਵੈ ਜਨਮਿ ਮਰੈ ਖਿਨੁ ਤਾਂਈ॥੪॥ ਨਦੀ ਉਪਕੰਠਿ ਜੈਸੇ ਘਰੁ ਤਰਵਰੁ ਸਰਪਨਿ ਘਰੁ ਘਰ ਮਾਹੀ ॥ ਉਲਟੀ ਨਦੀ ਕਹਾਂ ਘਰੁ ਤਰਵਰੁ ਸਰਪਨਿ ਡਸੈ ਦੂਜਾ ਮਨ ਮਾਂਹੀ ॥੫॥ ਗਾਰੁੜ ਗੁਰ ਗਿਆਨੁ ਧਿਆਨੁ ਗੁਰ ਬਚਨੀ ਬਿਖਿਆ ਗੁਰਮਤਿ ਜਾਰੀ ॥ ਮਨ ਤਨ ਹੇਂਵ ਭਏ ਸਚੁ ਪਾਇਆ ਹਰਿ ਕੀ ਭਗਤਿ ਨਿਰਾਰੀ ॥੬॥ ਜੇਤੀ ਹੈ ਤੇਤੀ ਤੁਧੁ ਜਾਚੈ ਤੂ ਸਰਬ ਜੀਆਂ ਦਇਆਲਾ ॥ ਤੁਮ੍ਰੀ ਸਰਣਿ ਪਰੇ ਪਤਿ ਰਾਖਹੁ ਸਾਚੁ ਮਿਲੈ ਗੋਪਾਲਾ ॥੭॥ ਬਾਧੀ ਧੰਧਿ ਅੰਧ ਨਹੀ ਸੂਝੈ ਬਧਿਕ ਕਰਮ ਕਮਾਵੈ ॥ ਸਤਿਗੁਰ ਮਿਲੈ ਤ ਸੂਝਸਿ ਬੂਝਸਿ ਸਚ ਮਨਿ ਗਿਆਨੁ ਸਮਾਵੈ ॥੮॥ ਨਿਰਗੁਣ ਦੇਹ ਸਾਚ ਬਿਨੁ ਕਾਚੀ ਮੈ ਪੂਛਉ ਗੁਰੁ ਅਪਨਾ ॥ ਨਾਨਕ ਸੋ ਪ੍ਰਭੁ ਪ੍ਰਭੂ ਦਿਖਾਵੈ ਬਿਨੁ ਸਾਚੇ ਜਗੁ ਸੁਪਨਾ ॥੯॥੨॥ ਮਲਾਰ ਮਹਲਾ ੧ ॥ ਚਾਤ੍ਰਿਕ ਮੀਨ ਜਲ ਹੀ ਤੇ ਸੁਖੁ ਪਾਵਹਿ ਸਾਰਿੰਗ ਸਬਦਿ ਸੁਹਾਈ ॥੧॥ ਰੈਨਿ ਬਬੀਹਾ ਬੋਲਿਓ ਮੇਰੀ ਮਾਈ ॥੧॥ ਰਹਾਉ ॥ ਪ੍ਰਿਅ ਸਿਉ ਪ੍ਰੀਤਿ ਨ ਉਲਟੈ ਕਬਹੂ ਜੋ ਤੈ ਭਾਵੈ ਸਾਈ ॥੨॥ ਨੀਦ ਗਈ ਹਉਮੈ ਤਨਿ ਥਾਕੀ ਸਚ ਮਤਿ ਰਿਦੈ ਸਮਾਈ ॥੩॥ ਰੂਖੀ ਬਿਰਖੀ ਊਡਉ ਭੂਖਾ ਪੀਵਾ ਨਾਮੁ ਸੁਭਾਈ ॥੪॥ ਲੋਚਨ ਤਾਰ ਲਲਤਾ ਬਿਲਲਾਤੀ ਦਰਸਨ ਪਿਆਸ ਰਜਾਈ ॥੫॥ ਪ੍ਰਿਅ ਬਿਨੁ ਸੀਗਾਰੁ ਕਰੀ ਤੇਤਾ ਤਨੁ ਤਾਪੈ ਕਾਪਰੁ ਅੰਗਿ ਨ ਸੁਹਾਈ ॥੬॥ ਅਪਨੇ ਪਿਆਰੇ ਬਿਨੁ ਇਕੁ ਖਿਨੁ ਰਹਿ ਨ ਸਕੰਉ ਬਿਨ ਮਿਲੇ ਨੀਂਦ ਨ ਪਾਈ ॥੭॥ ਪਿਰੁ ਨਜੀਕਿ ਨ ਬੂਝੈ ਬਪੁੜੀ ਸਤਿਗੁਰਿ ਦੀਆ ਦਿਖਾਈ ॥੮॥ ਸਹਜਿ ਮਿਲਿਆ ਤਬ ਹੀ ਸੁਖੁ ਪਾਇਆ ਤ੍ਰਿਸਨਾ ਸਬਦਿ ਬੁਝਾਈ ॥੯॥ ਕਹੁ ਨਾਨਕ ਤੁਝ ਤੇ ਮਨੁ ਮਾਨਿਆ ਕੀਮਤਿ ਕਹਨੁ ਨ ਜਾਈ ॥੧੦॥੩॥

ਮਲਾਰ ਮਹਲਾ ੧ ਅਸਟਪਦੀਆ ਘਰੁ ੨

ੴ ਸਤਿਗੁਰ ਪ੍ਰਸਾਦਿ ॥

ਅਖਲੀ ਊਂਡੀ ਜਲੁ ਭਰ ਨਾਲਿ ॥ ਡੂਗਰੁ ਊਚਉ ਗੜੁ ਪਾਤਾਲਿ ॥ ਸਾਗਰੁ ਸੀਤਲੁ ਗੁਰ ਸਬਦ ਵੀਚਾਰਿ ॥ ਮਾਰਗੁ ਮੁਕਤਾ ਹਉਮੈ ਮਾਰਿ ॥੧॥ ਮੈ ਅੰਧੁਲੇ ਨਾਵੈ ਕੀ ਜੋਤਿ ॥ ਨਾਮ ਅਧਾਰਿ ਚਲਾ ਗੁਰ ਕੈ ਭੈ ਭੇਤਿ ॥੧॥ ਰਹਾਉ ॥

This wretched world is a fortress of paper, of color and form and clever tricks. A tiny drop of water or a little puff of wind destroys its glory; in an instant, its life is ended. ||4|| It is like a tree-house near the bank of a river, with a serpent's den in that house. When the river overflows, what happens to the tree house? The snake bites, like duality in the mind. ||5|| Through the magic spell of the Guru's spiritual wisdom, and meditation on the Word of the Guru's Teachings, vice and corruption are burnt away. The mind and body are cooled and soothed and Truth is obtained, through the wondrous and unique devotional worship of the Lord. ||6|| All that exists begs of You; You are merciful to all beings. I seek Your Sanctuary; please save my honor, O Lord of the World, and bless me with Truth. ||7|| Bound in worldly affairs and entanglements, the blind one does not understand; he acts like a murderous butcher. But if he meets with the True Guru, then he comprehends and understands, and his mind is imbued with true spiritual wisdom. ||8|| Without the Truth, this worthless body is false; I have consulted my Guru on this. O Nanak, that God has revealed God to me; without the Truth, all the world is just a dream. ||||9||2|| MALAAR, FIRST MEHL: The sparrow-hawk and the fish find peace in water; the deer is pleased by the sound of the bell. ||1|| The sparrow-hawk chirps in the night, O my mother. ||1|| Pause|| O my Beloved, my love for You shall never end, if it is Your Will. ||2|| Sleep is gone, and egotism is exhausted from my body; my heart is permeated with the Teachings of Truth. ||3|| Flying among the trees and plants, I remain hungry; lovingly drinking in the Naam, the Name of the Lord, I am satisfied. ||4|| I stare at You, and my tongue cries out to You; I am so thirsty for the Blessed Vision of Your Darshan. ||5|| Without my Beloved, the more I decorate myself, the more my body burns; these clothes do not look good on my body. ||6|| Without my Beloved, I cannot survive even for an instant; without meeting Him, I cannot sleep. ||7|| Her Husband Lord is nearby, but the wretched bride does not know it. The True Guru reveals Him to her. ||8|| When she meets Him with intuitive ease, she finds peace; the Word of the Shabad quenches the fire of desire. ||9|| Says Nanak, through You, O Lord, my mind is pleased and appeased; I cannot express Your worth. ||10||3||

MALAAR, FIRST MEHL, ASHTAPADEES, SECOND HOUSE:

## One Universal Creator God. By the Grace of the True Guru:

The earth bends under the weight of the water, the lofty mountains and the caverns of the underworld. Contemplating the Word of the Guru's Shabad, the oceans become calm. The path of liberation is found by subduing the ego. ||1|| I am blind; I seek the Light of the Name. I take the Support of the Naam, the Name of the Lord. I walk on the path of mystery of the Guru's Fear. ||1|| Pause||

ਸਤਿਗੁਰ ਸਬਦੀ ਪਾਧਰੁ ਜਾਣਿ ॥ ਗੁਰ ਕੈ ਤਕੀਐ ਸਾਚੈ ਤਾਣਿ ॥ ਨਾਮੁ ਸਮ੍ਾਲਸਿ ਰੂੜ੍ੀ ਬਾਣਿ ॥ ਥੈਂ ਭਾਵੈ ਦਰੁ ਲਹਸਿ ਪਿਰਾਣਿ ॥੨॥ ਊਡਾਂ ਬੈਸਾ ਏਕ ਲਿਵ ਤਾਰ ॥ ਗੁਰ ਕੈ ਸਬਦਿ ਨਾਮ ਆਧਾਰ ॥ ਨਾ ਜਲੁ ਡੂੰਗਰੁ ਨ ਊਚੀ ਧਾਰ ॥ ਨਿਜ ਘਰਿ ਵਾਸਾ ਤਹ ਮਗੁ ਨ ਚਾਲਣਹਾਰ ॥੩॥ ਜਿਤੁ ਘਰਿ ਵਸਹਿ ਤੂਹੈ ਬਿਧਿ ਜਾਣਹਿ ਬੀਜਉ ਮਹਲੁ ਨ ਜਾਪੈ ॥ ਸਤਿਗੁਰ ਬਾਝਹੁ ਸਮਝ ਨ ਹੋਵੀ ਸਭੁ ਜਗੁ ਦਬਿਆ ਛਾਪੈ ॥ ਕਰਣ ਪਲਾਵ ਕਰੈ ਬਿਲਲਾਤਉ ਬਿਨੁ ਗੁਰ ਨਾਮੁ ਨ ਜਾਪੈ ॥ ਪਲ ਪੰਕਜ ਮਹਿ ਨਾਮੁ ਛਡਾਏ ਜੇ ਗੁਰ ਸਬਦੁ ਸਿਵਾਪੈ ॥੪॥ ਇਕਿ ਮੂਰਖ ਅੰਧੇ ਮੁਗਧ ਗਵਾਰ ॥ ਇਕਿ ਸਤਿਗੁਰ ਕੈ ਭੈ ਨਾਮ ਅਧਾਰ ॥ ਸਾਚੀ ਬਾਣੀ ਮੀਠੀ ਅੰਮ੍ਰਿਤ ਧਾਰ ॥ ਜਿਨਿ ਪੀਤੀ ਤਿਸੁ ਮੋਖ ਦੁਆਰ ॥੫॥ ਨਾਮੁ ਭੈ ਭਾਇ ਰਿਦੈ ਵਸਾਹੀ ਗੁਰ ਕਰਣੀ ਸਚੁ ਬਾਣੀ ॥ ਇੰਦੁ ਵਰਸੈ ਧਰਤਿ ਸੁਹਾਵੀ ਘਟਿ ਘਟਿ ਜੋਤਿ ਸਮਾਣੀ ॥ ਕਾਲਰਿ ਬੀਜਸਿ ਦੁਰਮਤਿ ਐਸੀ ਨਿਗੁਰੇ ਕੀ ਨੀਸਾਣੀ ॥ ਸਤਿਗੁਰ ਬਾਝਹੁ ਘੋਰ ਅੰਧਾਰਾ ਡੂਬਿ ਮੁਏ ਬਿਨੁ ਪਾਣੀ ॥੬॥ ਜੋ ਕਿਛੁ ਕੀਨੋ ਸੁ ਪ੍ਰਭੂ ਰਜਾਇ ॥ ਜੋ ਧੁਰਿ ਲਿਖਿਆ ਸੁ ਮੇਟਣਾ ਨ ਜਾਇ ॥ ਹੁਕਮੇ ਬਾਧਾ ਕਾਰ ਕਮਾਇ ॥ ਏਕ ਸਬਦਿ ਰਾਚੈ ਸਚਿ ਸਮਾਇ ॥੭॥ ਚਹੁ ਦਿਸਿ ਹੁਕਮੁ ਵਰਤੈ ਪ੍ਰਭ ਤੇਰਾ ਚਹੁ ਦਿਸਿ ਨਾਮ ਪਤਾਲੰ ॥ ਸਭ ਮਹਿ ਸਬਦੁ ਵਰਤੈ ਪ੍ਰਭ ਸਾਚਾ ਕਰਮਿ ਮਿਲੈ ਬੈਆਲੰ ॥ ਜਾਂਮਣੁ ਮਰਣਾ ਦੀਸੈ ਸਿਰਿ ਊਭੌ ਖੁਧਿਆ ਨਿਦ੍ਰਾ ਕਾਲੰ ॥ ਨਾਨਕ ਨਾਮੁ ਮਿਲੈ ਮਨਿ ਭਾਵੈ ਸਾਚੀ ਨਦਰਿ ਰਸਾਲੰ ॥੮॥੧॥੪॥ ਮਲਾਰ ਮਹਲਾ ੧ ॥ ਮਰਣ ਮੁਕਤਿ ਗਤਿ ਸਾਰ ਨ ਜਾਨੈ ॥ ਕੰਠੇ ਬੈਠੀ ਗੁਰ ਸਬਦਿ ਪਛਾਨੈ ॥੧॥ ਤੂ ਕੈਸੇ ਆੜਿ ਫਾਥੀ ਜਾਲਿ ॥ ਅਲਖੁ ਨ ਜਾਚਹਿ ਰਿਦੈ ਸਮ੍ਾਲਿ ॥੧॥ ਰਹਾਉ ॥ ਏਕ ਜੀਅ ਕੈ ਜੀਆ ਖਾਹੀ ॥ ਜਲਿ ਤਰਤੀ ਬੂਡੀ ਜਲ ਮਾਹੀ ॥੨॥ ਸਰਬ ਜੀਅ ਕੀਏ ਪ੍ਰਤਪਾਨੀ ॥ ਜਬ ਪਕੜੀ ਤਬ ਹੀ ਪਛੁਤਾਨੀ ॥੩॥ ਜਬ ਗਲਿ ਫਾਸ ਪੜੀ ਅਤਿ ਭਾਰੀ ॥ ਊਡਿ ਨ ਸਾਕੈ ਪੰਖ ਪਸਾਰੀ ॥੪॥ ਰਸਿ ਚੂਗਹਿ ਮਨਮੁਖਿ ਗਾਵਾਰਿ ॥ ਫਾਥੀ ਛੂਟਹਿ ਗੁਣ ਗਿਆਨ ਬੀਚਾਰਿ ॥੫॥ ਸਤਿਗੁਰੁ ਸੇਵਿ ਤੂਟੈ ਜਮਕਾਲੁ ॥ ਹਿਰਦੈ ਸਾਚਾ ਸਬਦੁ ਸਮ੍ਾਲੁ ॥੬॥ ਗੁਰਮਤਿ ਸਾਚੀ ਸਬਦੁ ਹੈ ਸਾਰੁ ॥ ਹਰਿ ਕਾ ਨਾਮੁ ਰਖੈ ਉਰਿ ਧਾਰਿ ॥੭॥ ਸੇ ਦੁਖ ਆਗੈ ਜਿ ਭੋਗ ਬਿਲਾਸੇ ॥ ਨਾਨਕ ਮੁਕਤਿ ਨਹੀ ਬਿਨੁ ਨਾਵੈ ਸਾਚੇ ॥੮॥੨॥੫॥

Through the Shabad, the Word of the True Guru, the Path is known. With the Guru's Support, one is blessed with the strength of the True Lord. Dwell on the Naam, and realize the Beauteous Word of His Bani. If it is Your Will, Lord, You lead me to find Your Door. ||2|| Flying high or sitting down, I am lovingly focused on the One Lord. Through the Word of the Guru's Shabad, I take the Naam as my Suppport. There is no ocean of water, no mountain ranges rising up. I dwell within the home of my own inner being, where there is no path and no one travelling on it. ||3|| You alone know the way to that House in which You dwell. No one else knows the Mansion of Your Presence. Without the True Guru, there is no understanding. The whole world is buried under its nightmare. The mortal tries all sorts of things, and weeps and wails, but without the Guru, he does not know the Naam, the Name of the Lord. In the twinkling of an eye, the Naam saves him, if he realizes the Word of the Guru's Shabad. ||4|| Some are foolish, blind, stupid and ignorant. Some, through fear of the True Guru, take the Support of the Naam. The True Word of His Bani is sweet, the source of ambrosial nectar. Whoever drinks it in, finds the Door of Salvation. ||5|| One who, through the love and fear of God, enshrines the Naam within his heart, acts according to the Guru's Instructions and knows the True Bani. When the clouds release their rain, the earth becomes beautiful; God's Light permeates each and every heart. The evil-minded ones plant their seed in the barren soil; such is the sign of those who have no Guru. Without the True Guru, there is utter darkness; they drown there, even without water. ||6|| Whatever God does, is by His Own Will. That which is pre-ordained cannot be erased. Bound to the Hukam of the Lord's Command, the mortal does his deeds. Permeated by the One Word of the Shabad, the mortal is immersed in Truth. ||7|| Your Command, O God, rules in the four directions; Your Name pervades the four corners of the nether regions as well. The True Word of the Shabad is pervading amongst all. By His Grace, the Eternal One unites us with Himself. Birth and death hang over the heads of all beings, along with hunger, sleep and dying. The Naam is pleasing to Nanak's mind; O True Lord, Source of bliss, please bless me with Your Grace. ||8||1||4|| MALAAR, FIRST MEHL: You do not understand the nature of death and liberation. You are sitting on the river-bank; realize the Word of the Guru's Shabad. ||1|| You stork! — how were you caught in the net? You do not remember in your heart the Unseen Lord God. ||1|| Pause|| For your one life, you consume many lives. You were supposed to swim in the water, but you are drowning in it instead. ||2|| You have tormented all beings. When Death seizes you, then you shall regret and repent. ||3|| When the heavy noose is placed around your neck, you may spread your wings, but you shall not be able to fly. ||4|| You enjoy the tastes and flavors, you foolish self-willed manmukh. You are trapped. You can only be saved by virtuous conduct, spiritual wisdom and contemplation. ||5|| Serving the True Guru, you will shatter the Messenger of Death. In your heart, dwell on the True Word of the Shabad. ||6|| The Guru's Teachings, the True Word of the Shabad, is excellent and sublime. Keep the Name of the Lord enshrined in your heart. ||7|| One who is obsessed with enjoying pleasures here, shall suffer in pain hereafter. O Nanak, there is no liberation without the True Name. ||8||2||5||

ਮਲਾਰ ਮਹਲਾ ੩ ਅਸਟਪਦੀਆ ਘਰੁ ੧ ॥
ੴ ਸਤਿਗੁਰ ਪ੍ਰਸਾਦਿ ॥

ਕਰਮੁ ਹੋਵੈ ਤਾ ਸਤਿਗੁਰੁ ਪਾਈਐ ਵਿਣੁ ਕਰਮੈ ਪਾਇਆ ਨ ਜਾਇ ॥ ਸਤਿਗੁਰੁ ਮਿਲਿਐ ਕੰਚਨੁ ਹੋਈਐ ਜਾਂ ਹਰਿ ਕੀ ਹੋਇ ਰਜਾਇ ॥੧॥ ਮਨ ਮੇਰੇ ਹਰਿ ਹਰਿ ਨਾਮਿ ਚਿਤੁ ਲਾਇ ॥ ਸਤਿਗੁਰ ਤੇ ਹਰਿ ਪਾਈਐ ਸਾਚਾ ਹਰਿ ਸਿਉ ਰਹੈ ਸਮਾਇ ॥੧॥ ਰਹਾਉ ॥ ਸਤਿਗੁਰ ਤੇ ਗਿਆਨੁ ਊਪਜੈ ਤਾਂ ਇਹ ਸੰਸਾ ਜਾਇ ॥ ਸਤਿਗੁਰ ਤੇ ਹਰਿ ਬੁਝੀਐ ਗਰਭ ਜੋਨੀ ਨਹ ਪਾਇ ॥੨॥ ਗੁਰ ਪਰਸਾਦੀ ਜੀਵਤ ਮਰੈ ਮਰਿ ਜੀਵੈ ਸਬਦੁ ਕਮਾਇ ॥ ਮੁਕਤਿ ਦੁਆਰਾ ਸੋਈ ਪਾਏ ਜਿ ਵਿਚਹੁ ਆਪੁ ਗਵਾਇ ॥੩॥ ਗੁਰ ਪਰਸਾਦੀ ਸਿਵ ਘਰਿ ਜੰਮੈ ਵਿਚਹੁ ਸਕਤਿ ਗਵਾਇ ॥ ਅਚਰੁ ਚਰੈ ਬਿਬੇਕ ਬੁਧਿ ਪਾਏ ਪੁਰਖੈ ਪੁਰਖੁ ਮਿਲਾਇ ॥੪॥ ਧਾਤੁਰ ਬਾਜੀ ਸੰਸਾਰੁ ਅਚੇਤੁ ਹੈ ਚਲੈ ਮੂਲੁ ਗਵਾਇ ॥ ਲਾਹਾ ਹਰਿ ਸਤਸੰਗਤਿ ਪਾਈਐ ਕਰਮੀ ਪਲੈ ਪਾਇ ॥੫॥ ਸਤਿਗੁਰ ਵਿਣੁ ਕਿਨੈ ਨ ਪਾਇਆ ਮਨਿ ਵੇਖਹੁ ਰਿਦੈ ਬੀਚਾਰਿ ॥ ਵਡਭਾਗੀ ਗੁਰੁ ਪਾਇਆ ਭਵਜਲੁ ਉਤਰੇ ਪਾਰਿ ॥੬॥ ਹਰਿ ਨਾਮਾਂ ਹਰਿ ਟੇਕ ਹੈ ਹਰਿ ਹਰਿ ਨਾਮੁ ਅਧਾਰੁ ॥ ਕ੍ਰਿਪਾ ਕਰਹੁ ਗੁਰੁ ਮੇਲਹੁ ਹਰਿ ਜੀਉ ਪਾਵਉ ਮੋਖ ਦੁਆਰੁ ॥੭॥ ਮਸਤਕਿ ਲਿਲਾਟਿ ਲਿਖਿਆ ਧੁਰਿ ਠਾਕੁਰਿ ਮੇਟਣਾ ਨ ਜਾਇ ॥ ਨਾਨਕ ਸੇ ਜਨ ਪੂਰਨ ਹੋਏ ਜਿਨ ਹਰਿ ਭਾਣਾ ਭਾਇ ॥੮॥੧॥ ਮਲਾਰ ਮਹਲਾ ੩ ॥ ਬੇਦ ਬਾਣੀ ਜਗੁ ਵਰਤਦਾ ਤ੍ਰੈ ਗੁਣ ਕਰੇ ਬੀਚਾਰੁ ॥ ਬਿਨੁ ਨਾਵੈ ਜਮ ਡੰਡੁ ਸਹੈ ਮਰਿ ਜਨਮੈ ਵਾਰੋ ਵਾਰ ॥ ਸਤਿਗੁਰ ਭੇਟੇ ਮੁਕਤਿ ਹੋਇ ਪਾਏ ਮੋਖ ਦੁਆਰੁ ॥੧॥ ਮਨ ਰੇ ਸਤਿਗੁਰੁ ਸੇਵਿ ਸਮਾਇ ॥ ਵਡੈ ਭਾਗਿ ਗੁਰੁ ਪੂਰਾ ਪਾਇਆ ਹਰਿ ਹਰਿ ਨਾਮੁ ਧਿਆਇ ॥੧॥ ਰਹਾਉ ॥ ਹਰਿ ਆਪਣੈ ਭਾਣੈ ਸ੍ਰਿਸਟਿ ਉਪਾਈ ਹਰਿ ਆਪੇ ਦੇਇ ਅਧਾਰੁ ॥ ਹਰਿ ਆਪਣੈ ਭਾਣੈ ਮਨੁ ਨਿਰਮਲੁ ਕੀਆ ਹਰਿ ਸਿਉ ਲਾਗਾ ਪਿਆਰੁ ॥ ਹਰਿ ਕੈ ਭਾਣੈ ਸਤਿਗੁਰੁ ਭੇਟਿਆ ਸਭੁ ਜਨਮੁ ਸਵਾਰਣਹਾਰੁ ॥੨॥ ਵਾਹੁ ਵਾਹੁ ਬਾਣੀ ਸਤਿ ਹੈ ਗੁਰਮੁਖਿ ਬੂਝੈ ਕੋਇ ॥ ਵਾਹੁ ਵਾਹੁ ਕਰਿ ਪ੍ਰਭੁ ਸਾਲਾਹੀਐ ਤਿਸੁ ਜੇਵਡੁ ਅਵਰੁ ਨ ਕੋਇ ॥ ਆਪੇ ਬਖਸੇ ਮੇਲਿ ਲਏ ਕਰਮਿ ਪਰਾਪਤਿ ਹੋਇ ॥੩॥ ਸਾਚਾ ਸਾਹਿਬੁ ਮਾਹਰੋ ਸਤਿਗੁਰਿ ਦੀਆ ਦਿਖਾਇ ॥ ਅੰਮ੍ਰਿਤੁ ਵਰਸੈ ਮਨੁ ਸੰਤੋਖੀਐ ਸਚਿ ਰਹੈ ਲਿਵ ਲਾਇ ॥

MALAAR, THIRD MEHL, ASHTAPADEES, FIRST HOUSE:

ONE UNIVERSAL CREATOR GOD. BY THE GRACE OF THE TRUE GURU:

If it is in his karma, then he finds the True Guru; without such karma, He cannot be found. He meets the True Guru, and he is transformed into gold, if it is the Lord's Will. ||1|| O my mind, focus your consciousness on the Name of the Lord, Har, Har. The Lord is found through the True Guru, and then he remains merged with the True Lord. ||1|| Pause|| Spiritual wisdom wells up through the True Guru, and then this cynicism is dispelled. Through the True Guru, the Lord is realized, and then, he is not consigned to the womb of reincarnation ever again. ||2|| By Guru's Grace, the mortal dies in life, and by so dying, lives to practice the Word of the Shabad. He alone finds the Door of Salvation, who eradicates self-conceit from within himself. ||3|| By Guru's Grace, the mortal is reincarnated into the Home of the Lord, having eradicated Maya from within. He eats the uneatable, and is blessed with a discriminating intellect; he meets the Supreme Person, the Primal Lord God. ||4|| The world is unconscious, like a passing show; the mortal departs, having lost his capital. The profit of the Lord is obtained in the Sat Sangat, the True Congregation; by good karma, it is found. ||5|| Without the True Guru, no one finds it; see this in your mind, and consider this in your heart. By great good fortune, the mortal finds the Guru, and crosses over the terrifying world-ocean. ||6|| The Name of the Lord is my Anchor and Support. I take only the Support of the Name of the Lord, Har, Har. O Dear Lord, please be kind and lead me to meet the Guru, that I may find the Door of Salvation. ||7|| The pre-ordained destiny inscribed on the mortal's forehead by our Lord and Master cannot be erased. O Nanak, those humble beings are perfect, who are pleased by the Lord's Will. ||8||1|| MALAAR, THIRD MEHL: The world is involved with the words of the Vedas, thinking about the three gunas — the three dispositions. Without the Name, it suffers punishment by the Messenger of Death; it comes and goes in reincarnation, over and over again. Meeting with the True Guru, the world is liberated, and finds the Door of Salvation. ||1|| O mortal, immerse yourself in service to the True Guru. By great good fortune, the mortal finds the Perfect Guru, and meditates on the Name of the Lord, Har, Har. ||1|| Pause|| The Lord, by the Pleasure of His Own Will, created the Universe, and the Lord Himself gives it sustenance and support. The Lord, by His Own Will, makes the mortal's mind immaculate, and lovingly attunes him to the Lord. The Lord, by His Own Will, leads the mortal to meet the True Guru, the Embellisher of all his lives. ||2|| Waaho! Waaho! Blessed and Great is the True Word of His Bani. Only a few, as Gurmukh, understand. Waaho! Waaho! Praise God as Great! No one else is as Great as He. When God's Grace is received, He Himself forgives the mortal, and unites him with Himself. ||3|| The True Guru has revealed our True, Supreme Lord and Master. The Ambrosial Nectar rains down and the mind is satisfied, remaining lovingly attuned to the True Lord.

ਹਰਿ ਕੈ ਨਾਇ ਸਦਾ ਹਰੀਆਵਲੀ ਫਿਰਿ ਸੁਕੈ ਨਾ ਕੁਮਲਾਇ ॥੪॥ ਬਿਨੁ ਸਤਿਗੁਰ ਕਿਨੈ ਨ ਪਾਇਓ ਮਨਿ ਵੇਖਹੁ ਕੋ ਪਤੀਆਇ ॥ ਹਰਿ ਕਿਰਪਾ ਤੇ ਸਤਿਗੁਰੁ ਪਾਈਐ ਭੇਟੈ ਸਹਜਿ ਸੁਭਾਇ ॥ ਮਨਮੁਖ ਭਰਮਿ ਭੁਲਾਇਆ ਬਿਨੁ ਭਾਗਾ ਹਰਿ ਧਨੁ ਨ ਪਾਇ ॥੫॥ ਤ੍ਰੈ ਗੁਣ ਸਭਾ ਧਾਤੁ ਹੈ ਪੜਿ ਪੜਿ ਕਰਹਿ ਵੀਚਾਰੁ ॥ ਮੁਕਤਿ ਕਦੇ ਨ ਹੋਵਈ ਨਹੁ ਪਾਇਨਿ੍ ਮੋਖ ਦੁਆਰੁ ॥ ਬਿਨੁ ਸਤਿਗੁਰ ਬੰਧਨ ਨ ਤੁਟਹੀ ਨਾਮਿ ਨ ਲਗੈ ਪਿਆਰੁ ॥੬॥ ਪੜਿ ਪੜਿ ਪੰਡਿਤ ਮੋਨੀ ਥਕੇ ਬੇਦਾਂ ਕਾ ਅਭਿਆਸੁ ॥ ਹਰਿ ਨਾਮੁ ਚਿਤਿ ਨ ਆਵਈ ਨਹ ਨਿਜ ਘਰਿ ਹੋਵੈ ਵਾਸੁ ॥ ਜਮਕਾਲੁ ਸਿਰਹੁ ਨ ਉਤਰੈ ਅੰਤਰਿ ਕਪਟ ਵਿਣਾਸੁ ॥੭॥ ਹਰਿ ਨਾਵੈ ਨੋ ਸਭੁ ਕੋ ਪਰਤਾਪਦਾ ਵਿਣੁ ਭਾਗਾਂ ਪਾਇਆ ਨ ਜਾਇ ॥ ਨਦਰਿ ਕਰੇ ਗੁਰੁ ਭੇਟੀਐ ਹਰਿ ਨਾਮੁ ਵਸੈ ਮਨਿ ਆਇ ॥ ਨਾਨਕ ਨਾਮੇ ਹੀ ਪਤਿ ਊਪਜੈ ਹਰਿ ਸਿਉ ਰਹਾਂ ਸਮਾਇ ॥੮॥੨॥

ਮਲਾਰ ਮਹਲਾ ੩ ਅਸਟਪਦੀ ਘਰੁ ੨ ॥
ੴ ਸਤਿਗੁਰ ਪ੍ਰਸਾਦਿ ॥

ਹਰਿ ਹਰਿ ਕ੍ਰਿਪਾ ਕਰੇ ਗੁਰ ਕੀ ਕਾਰੈ ਲਾਏ ॥ ਦੁਖੁ ਪਲ੍ਹਰਿ ਹਰਿ ਨਾਮੁ ਵਸਾਏ ॥ ਸਾਚੀ ਗਤਿ ਸਾਚੈ ਚਿਤੁ ਲਾਏ ॥ ਗੁਰ ਕੀ ਬਾਣੀ ਸਬਦਿ ਸੁਣਾਏ ॥੧॥ ਮਨ ਮੇਰੇ ਹਰਿ ਹਰਿ ਸੇਵਿ ਨਿਧਾਨੁ ॥ ਗੁਰ ਕਿਰਪਾ ਤੇ ਹਰਿ ਧਨੁ ਪਾਈਐ ਅਨਦਿਨੁ ਲਾਗੈ ਸਹਜਿ ਧਿਆਨੁ ॥੧॥ ਰਹਾਉ ॥ ਬਿਨੁ ਪਿਰ ਕਾਮਣਿ ਕਰੇ ਸੀਗਾਰੁ ॥ ਦੁਹਚਾਰਣੀ ਕਹੀਐ ਨਿਤ ਹੋਇ ਖੁਆਰੁ ॥ ਮਨਮੁਖ ਕਾ ਇਹੁ ਬਾਦਿ ਆਚਾਰੁ ॥ ਬਹੁ ਕਰਮ ਦ੍ਰਿੜਾਵਹਿ ਨਾਮੁ ਵਿਸਾਰਿ ॥੨॥ ਗੁਰਮੁਖਿ ਕਾਮਣਿ ਬਣਿਆ ਸੀਗਾਰੁ ॥ ਸਬਦੇ ਪਿਰੁ ਰਾਖਿਆ ਉਰ ਧਾਰਿ ॥ ਏਕੁ ਪਛਾਣੈ ਹਉਮੈ ਮਾਰਿ ॥ ਸੋਭਾਵੰਤੀ ਕਹੀਐ ਨਾਰਿ ॥੩॥ ਬਿਨੁ ਗੁਰ ਦਾਤੇ ਕਿਨੈ ਨ ਪਾਇਆ ॥ ਮਨਮੁਖ ਲੋਭਿ ਦੂਜੈ ਲੋਭਾਇਆ ॥ ਐਸੇ ਗਿਆਨੀ ਬੂਝਹੁ ਕੋਇ ॥ ਬਿਨੁ ਗੁਰ ਭੇਟੇ ਮੁਕਤਿ ਨ ਹੋਇ ॥੪॥ ਕਹਿ ਕਹਿ ਕਹਣੁ ਕਹੈ ਸਭੁ ਕੋਇ ॥ ਬਿਨੁ ਮਨ ਮੂਏ ਭਗਤਿ ਨ ਹੋਇ ॥ ਗਿਆਨ ਮਤੀ ਕਮਲ ਪਰਗਾਸੁ ॥ ਤਿਤੁ ਘਟਿ ਨਾਮੈ ਨਾਮਿ ਨਿਵਾਸੁ ॥੫॥ ਹਉਮੈ ਭਗਤਿ ਕਰੇ ਸਭੁ ਕੋਇ ॥ ਨਾ ਮਨੁ ਭੀਜੈ ਨਾ ਸੁਖੁ ਹੋਇ ॥ ਕਹਿ ਕਹਿ ਕਹਣੁ ਆਪੁ ਜਾਣਾਏ ॥ ਬਿਰਥੀ ਭਗਤਿ ਸਭੁ ਜਨਮੁ ਗਵਾਏ ॥੬॥ ਸੇ ਭਗਤ ਸਤਿਗੁਰ ਮਨਿ ਭਾਏ ॥ ਅਨਦਿਨੁ ਨਾਮਿ ਰਹੇ ਲਿਵ ਲਾਏ ॥

In the Lord's Name, it is forever rejuvenated; it shall never wither and dry up again. ||4|| Without the True Guru, no one finds the Lord; anyone can try and see. By the Lord's Grace, the True Guru is found, and then the Lord is met with intuitive ease. The self-willed manmukh is deluded by doubt; without good destiny, the Lord's wealth is not obtained. ||5|| The three dispositions are completely distracting; people read and study and contemplate them. Those people are never liberated; they do not find the Door of Salvation. Without the True Guru, they are never released from bondage; they do not embrace love for the Naam, the Name of the Lord. ||6|| The Pandits, the religious scholars, and the silent sages, reading and studying the Vedas, have grown weary. They do not even think of the Lord's Name; they do not dwell in the home of their own inner being. The Messenger of Death hovers over their heads; they are ruined by the deceit within themselves. ||7|| Everyone longs for the Name of the Lord; without good destiny, it is not obtained. When the Lord bestows His Glance of Grace, the mortal meets the True Guru, and the Lord's Name comes to dwell within the mind. O Nanak, through the Name, honor wells up, and the mortal remains immersed in the Lord. ||8||2||

MALAAR, THIRD MEHL, ASHTAPADEES, SECOND HOUSE:

## ONE UNIVERSAL CREATOR GOD. BY THE GRACE OF THE TRUE GURU:

When the Lord shows His Mercy, He enjoins the mortal to work for the Guru. His pains are taken away, and the Lord's Name comes to dwell within. True deliverance comes by focusing one's consciousness on the True Lord. Listen to the Shabad, and the Word of the Guru's Bani. ||1|| O my mind, serve the Lord, Har, Har, the true treasure. By Guru's Grace, the wealth of the Lord is obtained. Night and day, focus your meditation on the Lord. ||1|| Pause|| The soul-bride who adorns herself without her Husband Lord, is ill-mannered and vile, wasted away into ruin. This is the useless way of life of the self-willed manmukh. Forgetting the Naam, the Name of the Lord, he performs all sorts of empty rituals. ||2|| The bride who is Gurmukh is beautifully embellished. Through the Word of the Shabad, she enshrines her Husband Lord within her heart. She realizes the One Lord, and subdues her ego. That soul-bride is virtuous and noble. ||3|| Without the Guru, the Giver, no one finds the Lord. The greedy self-willed manmukh is attracted and engrossed in duality. Only a few spiritual teachers realize this, that without meeting the Guru, liberation is not obtained. ||4|| Everyone tells the stories told by others. Without subduing the mind, devotional worship does not come. When the intellect achieves spiritual wisdom, the heart-lotus blossoms forth. The Naam, the Name of the Lord, comes to abide in that heart. ||5|| In egotism, everyone can pretend to worship God with devotion. But this does not soften the mind, and it does not bring peace. By speaking and preaching, the mortal only shows off his self-conceit. His devotional worship is useless, and his life is a total waste. ||6|| They alone are devotees, who are pleasing to the Mind of the True Guru. Night and day, they remain lovingly attuned to the Name.

ਸਦ ਹੀ ਨਾਮੁ ਵੇਖਹਿ ਹਜੂਰਿ ॥ ਗੁਰ ਕੈ ਸਬਦਿ ਰਹਿਆ ਭਰਪੂਰਿ ॥੭॥ ਆਪੇ ਬਖਸੇ ਦੇਇ ਪਿਆਰੁ ॥ ਹਉਮੈ ਰੋਗੁ ਵਡਾ ਸੰਸਾਰਿ ॥ ਗੁਰ ਕਿਰਪਾ ਤੇ ਏਹੁ ਰੋਗੁ ਜਾਇ ॥ ਨਾਨਕ ਸਾਚੇ ਸਾਚਿ ਸਮਾਇ ॥੮॥੧॥੩॥੫॥੮॥

They behold the Naam, the Name of the Lord, ever-present, near at hand. Through the Word of the Guru's Shabad, He is pervading and permeating everywhere. ||7|| God Himself forgives, and bestows His Love. The world is suffering from the terrible disease of egotism. By Guru's Grace, this disease is cured. O Nanak, through the Truth, the mortal remains immersed in the True Lord. ||8||1||3||5||8||

ਰਾਗੁ ਮਲਾਰ ਛੰਤ ਮਹਲਾ ੫ ॥
ੴ ਸਤਿਗੁਰ ਪ੍ਰਸਾਦਿ ॥

RAAG MALAAR, CHHANT, FIFTH MEHL:

ONE UNIVERSAL CREATOR GOD. BY THE GRACE OF THE TRUE GURU:

ਪ੍ਰੀਤਮ ਪ੍ਰੇਮ ਭਗਤਿ ਕੇ ਦਾਤੇ ॥ ਅਪਨੇ ਜਨ ਸੰਗਿ ਰਾਤੇ ॥ ਜਨ ਸੰਗਿ ਰਾਤੇ ਦਿਨਸੁ ਰਾਤੇ ਇਕ ਨਿਮਖ ਮਨਹੁ ਨ ਵੀਸਰੈ ॥ ਗੋਪਾਲ ਗੁਣ ਨਿਧਿ ਸਦਾ ਸੰਗੇ ਸਰਬ ਗੁਣ ਜਗਦੀਸਰੈ ॥ ਮਨੁ ਮੋਹਿ ਲੀਨਾ ਚਰਨ ਸੰਗੇ ਨਾਮ ਰਸਿ ਜਨ ਮਾਤੇ ॥ ਨਾਨਕ ਪ੍ਰੀਤਮ ਕ੍ਰਿਪਾਲ ਸਦਹੂੰ ਕਿਨੈ ਕੋਟਿ ਮਧੇ ਜਾਤੇ ॥੧॥ ਪ੍ਰੀਤਮ ਤੇਰੀ ਗਤਿ ਅਗਮ ਅਪਾਰੇ ॥ ਮਹਾ ਪਤਿਤ ਤੁਮ੍ ਤਾਰੇ ॥ ਪਤਿਤ ਪਾਵਨ ਭਗਤਿ ਵਛਲ ਕ੍ਰਿਪਾ ਸਿੰਧੁ ਸੁਆਮੀਆ ॥ ਸੰਤਸੰਗੇ ਭਜੁ ਨਿਸੰਗੇ ਰੰਉ ਸਦਾ ਅੰਤਰਜਾਮੀਆ ॥ ਕੋਟਿ ਜਨਮ ਭ੍ਰਮੰਤ ਜੋਨੀ ਤੇ ਨਾਮ ਸਿਮਰਤ ਤਾਰੇ ॥ ਨਾਨਕ ਦਰਸ ਪਿਆਸ ਹਰਿ ਜੀਉ ਆਪਿ ਲੇਹੁ ਸਮ੍ਾਰੇ ॥੨॥ ਹਰਿ ਚਰਨ ਕਮਲ ਮਨੁ ਲੀਨਾ ॥ ਪ੍ਰਭ ਜਲ ਜਨ ਤੇਰੇ ਮੀਨਾ ॥ ਜਲ ਮੀਨ ਪ੍ਰਭ ਜੀਉ ਏਕ ਤੂਹੈ ਭਿੰਨ ਆਨ ਨ ਜਾਨੀਐ ॥ ਗਹਿ ਭੁਜਾ ਲੇਵਹੁ ਨਾਮੁ ਦੇਵਹੁ ਤਉ ਪ੍ਰਸਾਦੀ ਮਾਨੀਐ ॥ ਭਜੁ ਸਾਧਸੰਗੇ ਏਕ ਰੰਗੇ ਕ੍ਰਿਪਾਲ ਗੋਬਿਦ ਦੀਨਾ ॥ ਅਨਾਥ ਨੀਚ ਸਰਣਾਇ ਨਾਨਕ ਕਰਿ ਮਇਆ ਅਪੁਨਾ ਕੀਨਾ ॥੩॥ ਆਪਸ ਕਉ ਆਪੁ ਮਿਲਾਇਆ ॥ ਭ੍ਰਮ ਭੰਜਨ ਹਰਿ ਰਾਇਆ ॥ ਆਚਰਜ ਸੁਆਮੀ ਅੰਤਰਜਾਮੀ ਮਿਲੇ ਗੁਣ ਨਿਧਿ ਪਿਆਰਿਆ ॥ ਮਹਾ ਮੰਗਲ ਸੂਖ ਉਪਜੇ ਗੋਬਿੰਦ ਗੁਣ ਨਿਤ ਸਾਰਿਆ ॥ ਮਿਲਿ ਸੰਗਿ ਸੋਹੇ ਦੇਖਿ ਮੋਹੇ ਪੁਰਬਿ ਲਿਖਿਆ ਪਾਇਆ ॥ ਬਿਨਵੰਤਿ ਨਾਨਕ ਸਰਨਿ ਤਿਨ ਕੀ ਜਿਨ੍ੀ ਹਰਿ ਹਰਿ ਧਿਆਇਆ ॥੪॥੧॥

My Beloved Lord is the Giver of loving devotional worship. His humble servants are imbued with His Love. He is imbued with His servants, day and night; He does not forget them from His Mind, even for an instant. He is the Lord of the World, the Treasure of virtue; He is always with me. All glorious virtues belong to the Lord of the Universe. With His Feet, He has fascinated my mind; as His humble servant, I am intoxicated with love for His Name. O Nanak, my Beloved is forever Merciful; out of millions, hardly anyone realizes Him. ||1|| O Beloved, Your state is inaccessible and infinite. You save even the worst sinners. He is the Purifier of sinners, the Lover of His devotees, the Ocean of mercy, our Lord and Master. In the Society of the Saints, vibrate and meditate on Him with commitment forever; He is the Inner-knower, the Searcher of hearts. Those who wander in reincarnation through millions of births, are saved and carried across, by meditating in remembrance on the Naam. Nanak is thirsty for the Blessed Vision of Your Darshan, O Dear Lord; please take care of him. ||2|| My mind is absorbed in the Lotus Feet of the Lord. O God, You are the water; Your humble servants are fish. O Dear God, You alone are the water and the fish. I know that there is no difference between the two. Please take hold of my arm and bless me with Your Name. I am honored only by Your Grace. In the Saadh Sangat, the Company of the Holy, vibrate and meditate with love on the One Lord of the Universe, who is Merciful to the meek. Nanak, the lowly and helpless, seeks the Sanctuary of the Lord, who in His Kindness has made him His Own. ||3|| He unites us with Himself. Our Sovereign Lord King is the Destroyer of fear. My Wondrous Lord and Master is the Inner-knower, the Searcher of hearts. My Beloved, the Treasure of virtue, has met me. Supreme happiness and peace well up, as I cherish the Glorious Virtues of the Lord of the Universe. Meeting with Him, I am embellished and exalted; gazing on Him, I am fascinated, and I realize my pre-ordained destiny. Prays Nanak, I seek the Sanctuary of those who meditate on the Lord, Har, Har. ||4||1||

ਵਾਰ ਮਲਾਰ ਕੀ ਮਹਲਾ ੧ ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ ॥
ੴ ਸਤਿਗੁਰ ਪ੍ਰਸਾਦਿ ॥

VAAR OF MALAAR, FIRST MEHL, SUNG TO THE TUNE OF RANA KAILAASH AND MALDA:

ONE UNIVERSAL CREATOR GOD. BY THE GRACE OF THE TRUE GURU:

ਸਲੋਕ ਮਹਲਾ ੩ ॥ ਗੁਰਿ ਮਿਲਿਐ ਮਨੁ ਰਹਸੀਐ ਜਿਉ ਵੁਠੈ ਧਰਣਿ ਸੀਗਾਰੁ ॥ ਸਭ ਦਿਸੈ ਹਰੀਆਵਲੀ ਸਰ ਭਰੇ ਸੁਭਰ ਤਾਲ ॥ ਅੰਦਰੁ ਰਚੈ ਸਚ ਰੰਗਿ ਜਿਉ ਮੰਜੀਠੈ ਲਾਲੁ ॥ ਕਮਲੁ ਵਿਗਸੈ ਸਚੁ ਮਨਿ ਗੁਰ ਕੈ ਸਬਦਿ ਨਿਹਾਲੁ ॥

SHALOK, THIRD MEHL: Meeting with the Guru, the mind is delighted, like the earth embellished by the rain. Everything becomes green and lush; the pools and ponds are filled to overflowing. The inner self is imbued with the deep crimson color of love for the True Lord. The heart-lotus blossoms forth and the mind becomes true; through the Word of the Guru's Shabad, it is ecstatic and exalted.

ਮਨਮੁਖ ਦੂਜੀ ਤਰਫ ਹੈ ਵੇਖਹੁ ਨਦਰਿ ਨਿਹਾਲਿ ॥ ਫਾਹੀ ਫਾਥੇ ਮਿਰਗ ਜਿਉ ਸਿਰਿ ਦੀਸੈ ਜਮਕਾਲੁ ॥ ਖੁਧਿਆ ਤ੍ਰਿਸਨਾ ਨਿੰਦਾ ਬੁਰੀ ਕਾਮੁ ਕ੍ਰੋਧੁ ਵਿਕਰਾਲੁ ॥ ਏਨੀ ਅਖੀ ਨਦਰਿ ਨ ਆਵਈ ਜਿਚਰੁ ਸਬਦਿ ਨ ਕਰੇ ਬੀਚਾਰੁ ॥ ਤੁਧੁ ਭਾਵੈ ਸੰਤੋਖੀਆਂ ਚੂਕੈ ਆਲ ਜੰਜਾਲੁ ॥ ਮੂਲੁ ਰਹੈ ਗੁਰੁ ਸੇਵਿਐ ਗੁਰ ਪਉੜੀ ਬੋਹਿਥੁ ॥ ਨਾਨਕ ਲਗੀ ਤਤੁ ਲੈ ਤੂੰ ਸਚਾ ਮਨਿ ਸਚੁ ॥੧॥ ਮਹਲਾ ੧ ॥ ਹੇਕੋ ਪਾਧਰੁ ਹੇਕੁ ਦਰੁ ਗੁਰ ਪਉੜੀ ਨਿਜ ਥਾਨੁ ॥ ਰੂੜਉ ਠਾਕੁਰੁ ਨਾਨਕਾ ਸਭਿ ਸੁਖ ਸਾਚਉ ਨਾਮੁ ॥੨॥ ਪਉੜੀ ॥ ਆਪੀਨੈ੍ ਆਪੁ ਸਾਜਿ ਆਪੁ ਪਛਾਣਿਆ ॥ ਅੰਬਰੁ ਧਰਤਿ ਵਿਛੋੜਿ ਚੰਦੋਆ ਤਾਣਿਆ ॥ ਵਿਣੁ ਥੰਮ੍ਾ ਗਗਨੁ ਰਹਾਇ ਸਬਦੁ ਨੀਸਾਣਿਆ ॥ ਸੂਰਜੁ ਚੰਦੁ ਉਪਾਇ ਜੋਤਿ ਸਮਾਣਿਆ ॥ ਕੀਏ ਰਾਤਿ ਦਿਨੰਤੁ ਚੋਜ ਵਿਡਾਣਿਆ ॥ ਤੀਰਥ ਧਰਮ ਵੀਚਾਰ ਨਾਵਣ ਪੁਰਬਾਣਿਆ ॥ ਤੁਧੁ ਸਰਿ ਅਵਰੁ ਨ ਕੋਇ ਕਿ ਆਖਿ ਵਖਾਣਿਆ ॥ ਸਚੈ ਤਖਤਿ ਨਿਵਾਸੁ ਹੋਰ ਆਵਣ ਜਾਣਿਆ ॥੧॥ ਸਲੋਕ ਮਃ ੧ ॥ ਨਾਨਕ ਸਾਵਣਿ ਜੇ ਵਸੈ ਚਹੁ ਓਮਾਹਾ ਹੋਇ ॥ ਨਾਗਾਂ ਮਿਰਗਾਂ ਮਛੀਆਂ ਰਸੀਆਂ ਘਰਿ ਧਨੁ ਹੋਇ ॥੧॥ ਮਃ ੧ ॥ ਨਾਨਕ ਸਾਵਣਿ ਜੇ ਵਸੈ ਚਹੁ ਵੇਛੋੜਾ ਹੋਇ ॥ ਗਾਈ ਪੁਤਾ ਨਿਰਧਨਾ ਪੰਥੀ ਚਾਕਰੁ ਹੋਇ ॥੨॥ ਪਉੜੀ ॥ ਤੂ ਸਚਾ ਸਚਿਆਰੁ ਜਿਨਿ ਸਚੁ ਵਰਤਾਇਆ ॥ ਬੈਠਾ ਤਾੜੀ ਲਾਇ ਕਵਲੁ ਛਪਾਇਆ ॥ ਬ੍ਰਹਮੈ ਵਡਾ ਕਹਾਇ ਅੰਤੁ ਨ ਪਾਇਆ ॥ ਨਾ ਤਿਸੁ ਬਾਪੁ ਨ ਮਾਇ ਕਿਨਿ ਤੂ ਜਾਇਆ ॥ ਨਾ ਤਿਸੁ ਰੂਪੁ ਨ ਰੇਖ ਵਰਨ ਸਬਾਇਆ ॥ ਨਾ ਤਿਸੁ ਭੁਖ ਪਿਆਸ ਰਜਾ ਧਾਇਆ ॥ ਗੁਰ ਮਹਿ ਆਪੁ ਸਮੋਇ ਸਬਦੁ ਵਰਤਾਇਆ ॥ ਸਚੇ ਹੀ ਪਤੀਆਇ ਸਚਿ ਸਮਾਇਆ ॥੨॥ ਸਲੋਕ ਮਃ ੧ ॥ ਵੈਦੁ ਬੁਲਾਇਆ ਵੈਦਗੀ ਪਕੜਿ ਢੰਢੋਲੇ ਬਾਂਹ ॥ ਭੋਲਾ ਵੈਦੁ ਨ ਜਾਣਈ ਕਰਕ ਕਲੇਜੇ ਮਾਹਿ ॥੧॥ ਮਃ ੨ ॥ ਵੈਦਾ ਵੈਦੁ ਸੁਵੈਦੁ ਤੂ ਪਹਿਲਾਂ ਰੋਗੁ ਪਛਾਣੁ ॥ ਐਸਾ ਦਾਰੂ ਲੋੜਿ ਲਹੁ ਜਿਤੁ ਵੰਞੈ ਰੋਗਾ ਘਾਣਿ ॥ ਜਿਤੁ ਦਾਰੂ ਰੋਗ ਉਠਿਅਹਿ ਤਨਿ ਸੁਖੁ ਵਸੈ ਆਇ ॥ ਰੋਗੁ ਗਵਾਇਹਿ ਆਪਣਾ ਤ ਨਾਨਕ ਵੈਦੁ ਸਦਾਇ ॥੨॥ ਪਉੜੀ ॥ ਬ੍ਰਹਮਾ ਬਿਸਨੁ ਮਹੇਸੁ ਦੇਵ ਉਪਾਇਆ ॥ ਬ੍ਰਹਮੇ ਦਿਤੇ ਬੇਦ ਪੂਜਾ ਲਾਇਆ ॥ ਦਸ ਅਵਤਾਰੀ ਰਾਮੁ ਰਾਜਾ ਆਇਆ ॥ ਦੈਤਾ ਮਾਰੇ ਧਾਇ ਹੁਕਮਿ ਸਬਾਇਆ ॥ ਈਸ ਮਹੇਸੁਰੁ ਸੇਵ ਤਿਨ੍ੀ ਅੰਤੁ ਨ ਪਾਇਆ ॥ ਸਚੀ ਕੀਮਤਿ ਪਾਇ ਤਖਤੁ ਰਚਾਇਆ ॥ ਦੁਨੀਆ ਧੰਧੈ ਲਾਇ ਆਪੁ ਛਪਾਇਆ ॥

